@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 27 September 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 27 ਸਤੰਬਰ 2026, 13 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 324, qpatrika@gmail.com ਫੋਨ : 9971359517 www.qaumipatrika.org

## ਵਿਦਿਆਰਥਣ ਨਾਲ ਬੈਡ ਟੱਚ 'ਤੇ ਵਧਿਆ ਸਿਆਸੀ ਪਾਰਾ ! ਰਾਹੁਲ ਗਾਂਧੀ ਦਾ ਸਰਕਾਰ ਨੂੰ ਸਵਾਲ- ਦੋ ਦਿਨਾਂ ਤੱਕ ਪੁਲਿਸ ਕੀ ਕਰ ਰਹੀ ਸੀ?

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਭਾਗਲਵਾਰ 26 ਸਤੰਬਰ। ਬਿਹਾਰ ਦੇ ਜਮੁਈ ਜ਼ਿਲ੍ਹੇ 'ਚ 10ਵੀਂ ਕਲਾਸ ਦੇ ਨਾਬਾਲਗ ਵਿਦਿਆਰਥੀ ਅਤੇ ਵਿਦਿਆਰਥਣ ਨਾਲ ਸੜਕ 'ਤੇ ਘੇਰ ਕੇ ਕੀਤੀ ਗਈ ਬਦਸਲੂਕੀ, ਛੇੜਛਾੜ ਅਤੇ 'ਬੈਡ ਟੱਚ' ਦੇ ਸਨਸਨੀਖੇਜ਼ ਮਾਮਲੇ ਨੇ ਹੁਣ ਵਿਆਪਕ ਸਿਆਸੀ ਤੂਲ ਫੜ ਲਿਆ ਹੈ। 19 ਸਤੰਬਰ ਨੂੰ ਸ਼ਾਮ 7 ਵਜੇ ਦੇ ਕਰੀਬ ਕੋਚਿੰਗ ਤੋਂ ਬਾਅਦ ਫੋਟੋਸ਼ੂਟ ਲਈ ਗਏ ਮਾਸੂਮ ਬੱਚਿਆਂ ਨਾਲ ਸਮਾਜ ਵਿਰੋਧੀ ਅਨਸਰਾਂ ਵੱਲੋਂ ਕੀਤੇ ਗਏ ਇਸ ਘਿਨਾਉਣੇ ਕੰਮ ਦਾ ਵੀਡੀਓ ਵਾਇਰਲ ਹੋਣ ਤੋਂ ਬਾਅਦ, ਸੜਕਾਂ ਤੋਂ ਲੈ ਕੇ ਸੋਸ਼ਲ ਮੀਡੀਆ ਤੱਕ ਭਾਰੀ ਜਨਤਕ ਗੁੱਸਾ ਦੇਖਿਆ ਜਾ ਰਿਹਾ ਹੈ। ਹੁਣ, ਇਸ ਪੂਰੇ ਘਟਨਾਕ੍ਰਮ ਵਿੱਚ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਦੇ ਸਿੱਧੇ ਦਖਲ ਤੋਂ ਬਾਅਦ, ਰਾਜਨੀਤਿਕ ਤਾਪਮਾਨ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ ਹੈ, ਜਦੋਂ ਕਿ ਰਾਜ ਮਹਿਲਾ ਕਮਿਸ਼ਨ ਨੇ ਵੀ ਇਸ ਮਾਮਲੇ ਦਾ ਖੁਦ ਨੋਟਿਸ ਲਿਆ ਹੈ ਅਤੇ ਉੱਚ ਪੱਧਰੀ ਕਾਰਵਾਈ ਲਈ ਨਿਰਦੇਸ਼ ਜਾਰੀ ਕੀਤੇ ਹਨ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਇੰਟਰਨੈੱਟ ਮੀਡੀਆ 'ਤੇ ਇੱਕ ਪੋਸਟ ਸਾਂਝੀ ਕਰਕੇ ਬਿਹਾਰ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਵਾਇਰਲ ਵੀਡੀਓ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਲਿਖਿਆ ਕਿ 10ਵੀਂ ਜਮਾਤ ਦੀ ਇੱਕ ਵਿਦਿਆਰਥਣ ਨੂੰ ਰਸਤੇ ਵਿੱਚ ਰੋਕਿਆ ਗਿਆ ਅਤੇ ਅਣਮਨੁੱਖੀ ਤਰੀਕੇ ਨਾਲ ਤਸੀਹੇ ਦਿੱਤੇ ਗਏ



ਅਤੇ ਜ਼ਲੀਲ ਕੀਤਾ ਗਿਆ। ਵਿਦਿਆਰਥਣ ਹੱਥ ਜੋੜ ਕੇ ਰਹਿਮ ਦੀ ਭੀਖ ਮੰਗਦੀ ਰਹੀ ਅਤੇ ਸਿਰਫ਼?ਰੇ ਤਮਾਸ਼ਬੀਨ ਬਣ ਕੇ ਉਸ ਦੀ ਇੱਜ਼ਤ ਤਾਰ-ਤਾਰ ਕਰਦੇ ਰਹੇ। ਰਾਹੁਲ ਗਾਂਧੀ ਨੇ ਸਵਾਲ ਦਾਗਿਆ ਕਿ ਜੇਕਰ ਇਹ ਘਟਨਾ 19 ਸਤੰਬਰ ਦੀ ਹੈ, ਤਾਂ ਇੰਨੇ ਦਿਨ ਬੀਤ ਜਾਣ ਦੇ ਬਾਅਦ ਵੀ ਸਾਰੇ ਦੋਸ਼ੀ ਜੇਲ੍ਹ ਦੀਆਂ ਸਲਾਖਾਂ ਪਿੱਛੇ ਕਿਉਂ ਨਹੀਂ ਹਨ? ਉਨ੍ਹਾਂ ਬਿਹਾਰ ਸਰਕਾਰ ਤੋਂ ਤਿੱਖਾ ਸਵਾਲ ਪੁੱਛਦਿਆਂ ਕਿਹਾ ਕਿ ਸ਼ਾਮ ਸੱਤ ਵਜੇ ਪ੍ਰਦੇਸ਼ ਦੀਆਂ ਸੜਕਾਂ 'ਤੇ ਕੋਈ ਬੇਟੀ ਸੁਰੱਖਿਅਤ ਕਿਉਂ ਨਹੀਂ ਹੈ? ਨਾਲ ਹੀ ਉਨ੍ਹਾਂ ਸਾਰੇ ਦੋਸ਼ੀਆਂ 'ਤੇ ਪੋਕਸੋ ਐਕਟ ਤਹਿਤ ਬਿਨਾਂ ਦੇਰੀ ਕਾਰਵਾਈ ਅਤੇ ਤੁਰੰਤ ਸਜ਼ਾ ਦੀ ਮੰਗ ਕੀਤੀ। ਸੜਕਾਂ 'ਤੇ ਨਾਬਾਲਗ ਨਾਲ ਭੀੜਤੰਤਰ (ਮੌਬ ਜਸਟਿਸ) ਅਤੇ ਦਰਿੰਦਗੀ ਦੀ ਇਸ ਘਟਨਾ 'ਤੇ ਸੱਤਾਧਾਰੀ ਰਾਸ਼ਟਰੀ ਜਨਤਕ ਗਠਜੋੜ (ਐੱਨ.ਡੀ.ਏ.) ਦੇ ਨੇਤਾਵਾਂ ਨੇ ਵੀ ਸਖ਼ਤ ਰੁਖ ਅਖ਼ਤਿਆਰ ਕੀਤਾ ਹੈ। ਜੇ.ਡੀ.ਯੂ. ਬੁਲਾਰੇ ਨਵਲ ਸ਼ਰਮਾ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਬਿਹਾਰ ਵਿੱਚ ਕਾਨੂੰਨ ਦਾ ਰਾਜ ਸਥਾਪਿਤ ਹੈ ਅਤੇ ਇੱਥੇ ਕਿਸੇ ਵੀ ਕੀਮਤ 'ਤੇ ਸੜਕਾਂ 'ਤੇ ਤਾਲਿਬਾਨੀ ਹਕੂਮਤ ਜਾਂ ਮੌਬ ਜਸਟਿਸ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਾਨੂੰਨ ਹੱਥ ਵਿੱਚ ਲੈ ਕੇ ਬੇਟੀਆਂ ਦੇ ਸਨਮਾਨ ਨਾਲ ਖਿਲਵਾੜ ਕਰਨ ਵਾਲੇ ਕਿਸੇ ਵੀ ਹਾਲ ਵਿੱਚ ਬਚ ਨਹੀਂ ਸਕਣਗੇ।

## 1 ਅਕਤੂਬਰ ਤੋਂ ਬਦਲ ਜਾਵੇਗਾ ਗੈਸ ਸਿਲੰਡਰ ਦਾ ਇਹ ਨਿਯਮ

ਕੌਮੀ ਪਤ੍ਰਿਕਾ

ਨਵੀਂ ਦਿੱਲੀ 26 ਸਤੰਬਰ। ਦੇਸ਼ ਦੇ ਕਰੋੜਾਂ ਘਰੇਲੂ ਐਲ.ਪੀ.ਜੀ. ਉਪਭੋਗਤਾਵਾਂ ਲਈ ਇੱਕ ਮਹੱਤਵਪੂਰਨ ਖ਼ਬਰ ਹੈ, ਜਿਸ ਅਨੁਸਾਰ 1 ਅਕਤੂਬਰ 2026 ਤੋਂ ਸਬਸਿਡੀ ਵਾਲੀ ਕੀਮਤ 'ਤੇ ਗੈਸ ਸਿਲੰਡਰ ਪ੍ਰਾਪਤ ਕਰਨ ਲਈ ਆਧਾਰ ਕਾਰਡ ਰਾਹੀਂ ਪਛਾਣ ਦੀ ਪੁਸ਼ਟੀ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਗੈਸ ਕਨੈਕਸ਼ਨ ਜਿਸ ਵਿਅਕਤੀ ਦੇ ਨਾਮ 'ਤੇ ਦਰਜ ਹੈ, ਉਹੀ ਉਸ ਦਾ ਉਪਯੋਗ ਕਰ ਰਿਹਾ ਹੈ ਅਤੇ ਸਰਕਾਰੀ ਸਬਸਿਡੀ ਦੀ ਰਾਸ਼ੀ ਵੀ ਸਹੀ ਲਾਭਪਾਤਰੀ ਤੱਕ ਹੀ ਪਹੁੰਚ ਰਹੀ ਹੈ। ਸਰਕਾਰ ਵੱਲੋਂ ਪਹਿਲਾਂ ਇਸ ਆਧਾਰ ਆਧਾਰਿਤ ਪੁਸ਼ਟੀਕਰਨ ਲਈ 30 ਜੂਨ 2026 ਦੀ ਆਖਰੀ ਮਿਤੀ ਤੈਅ ਕੀਤੀ ਗਈ ਸੀ, ਜਿਸ ਨੂੰ ਬਾਅਦ ਵਿੱਚ ਉਪਭੋਗਤਾਵਾਂ ਨੂੰ ਰਾਹਤ ਦਿੰਦੇ ਹੋਏ ਵਧਾ ਦਿੱਤਾ ਗਿਆ ਸੀ। ਹੁਣ ਇਹ ਨਵਾਂ ਨਿਯਮ 1 ਅਕਤੂਬਰ 2026 ਤੋਂ ਪੂਰੀ ਤਰ੍ਹਾਂ ਲਾਗੂ ਹੋਵੇਗਾ। ਜਿਨ੍ਹਾਂ ਗਾਹਕਾਂ ਦੀ ਪਛਾਣ ਪਹਿਲਾਂ ਹੀ ਆਧਾਰ ਰਾਹੀਂ ਤਸਦੀਕ ਹੋ ਚੁੱਕੀ ਹੈ, ਉਨ੍ਹਾਂ ਨੂੰ ਦੋਬਾਰਾ ਇਹ ਪ੍ਰਕਿਰਿਆ ਕਰਵਾਉਣ ਦੀ ਕੋਈ ਲੋੜ ਨਹੀਂ ਹੈ। ਇਸ ਪਛਾਣ ਪ੍ਰਕਿਰਿਆ ਵਿੱਚ ਆਧਾਰ ਨੰਬਰ ਦੇ ਨਾਲ-ਨਾਲ ਲੋੜ ਮੁਤਾਬਕ ਉਂਗਲਾਂ ਦੇ ਨਿਸ਼ਾਨ



(ਬਾਇਓਮੈਟ੍ਰਿਕ) ਨਾਲ ਤਸਦੀਕ ਕੀਤੀ ਜਾਂਦੀ ਹੈ। ਸਰਕਾਰੀ ਅੰਕੜਿਆਂ ਮੁਤਾਬਕ 19 ਸਤੰਬਰ 2026 ਤੱਕ ਲਗਭਗ 27 ਕਰੋੜ 43 ਲੱਖ ਸਰਗਰਮ ਘਰੇਲੂ ਐਲ.ਪੀ.ਜੀ. ਗਾਹਕਾਂ ਦੀ ਬਾਇਓਮੈਟ੍ਰਿਕ ਪਛਾਣ ਪੂਰੀ ਹੋ ਚੁੱਕੀ ਹੈ, ਜੋ ਕਿ ਕੁੱਲ ਸਰਗਰਮ ਖਪਤਕਾਰਾਂ ਦਾ ਲਗਭਗ 89.9 ਫੀਸਦੀ ਹੈ। ਜਿਨ੍ਹਾਂ ਗਾਹਕਾਂ ਦੀ ਪੁਸ਼ਟੀ ਅਜੇ ਬਾਕੀ ਹੈ, ਉਹ ਸਿਲੰਡਰ ਦੀ ਡਿਲੀਵਰੀ ਦੇ ਸਮੇਂ ਡਿਲੀਵਰੀ ਕਰਮਚਾਰੀ ਦੇ ਮੋਬਾਈਲ ਐਪ ਰਾਹੀਂ, ਆਪਣੀ ਗੈਸ ਏਜੰਸੀ ਦੇ ਸ਼ੋਅਰੂਮ ਵਿੱਚ ਜਾ ਕੇ ਜਾਂ ਫਿਰ ਤੇਲ ਕੰਪਨੀਆਂ ਦੀਆਂ ਅਧਿਕਾਰਤ ਐਪਾਂ—ਜਿਵੇਂ ਇੰਡੇਨ ਲਈ 'IndianOil ONE', ਭਾਰਤ ਗੈਸ ਲਈ 'Hello BPCL' ਅਤੇ ਐਚ.ਪੀ. ਗੈਸ ਲਈ 'HP Pay'—ਰਾਹੀਂ ਆਨਲਾਈਨ ਵੀ ਆਪਣੀ ਪਛਾਣ ਦੀ ਪੁਸ਼ਟੀ ਕਰਵਾ ਸਕਦੇ ਹਨ।

## ਦਰਦਨਾਕ ! ਸੜਕ ਹਾਦਸੇ 'ਚ ਪੁੱਤਰ ਦੀ ਮੌਤ ਦੀ ਖ਼ਬਰ ਸੁਣ ਪਿਓ ਦੀ ਵੀ ਜਾਨ ਗਈ

ਪ੍ਰਯਾਗਰਾਜ, 26 ਸਤੰਬਰ। ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ 'ਚ ਸ਼ਨੀਵਾਰ ਰਾਤ ਸੜਕ ਹਾਦਸੇ 'ਚ 28 ਸਾਲਾ ਨੌਜਵਾਨ ਦੀ ਮੌਤ ਦੀ ਖ਼ਬਰ ਸੁਣਨ ਦੇ ਲੱਗਭਗ ਅੱਧੇ ਘੰਟੇ ਬਾਅਦ ਉਸ ਦੇ 52 ਸਾਲਾ ਪਿਤਾ ਦੀ ਵੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ। ਘਟਨਾ ਸੋਰਾਂਵ ਥਾਣਾ ਖੇਤਰ ਦੀ ਹੈ। ਦਾਊਦਪੁਰ ਨਵਾਦਾ ਵਾਸੀ ਕਿਸਾਨ ਰਾਮ ਸਿੰਘ ਦਾ ਦੁੱਧ ਦਾ ਕਾਰੋਬਾਰ ਵੀ ਸੀ। ਉਨ੍ਹਾਂ ਦਾ ਛੋਟਾ ਪੁੱਤਰ ਸ਼ਿਵਮ ਯਾਦਵ ਉਰਫ਼ ਸੋਨੂ (28) ਸ਼ਨੀਵਾਰ ਨੂੰ ਬਾਈਕ 'ਤੇ ਰਿਸ਼ਤੇਦਾਰੀ 'ਚ ਗਿਆ ਸੀ। ਦੇਰ ਰਾਤ ਘਰ ਪਰਤਦੇ ਸਮੇਂ ਮਾਧੋਪੁਰ ਸਧਨਗੰਜ ਨੇੜੇ ਤੇਜ਼ ਰਫ਼ਤਾਰ ਕਾਰ ਨੇ ਉਸ ਦੀ ਬਾਈਕ ਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਸ਼ਿਵਮ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ ਅਤੇ ਹਸਪਤਾਲ 'ਚ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਕਾਰ ਡਰਾਈਵਰ ਵਾਹਨ ਛੱਡ ਕੇ ਫਰਾਰ ਹੋ ਗਿਆ। ਪੁਲਸ ਨੇ ਰਾਤ ਲੱਗਭਗ 11.30 ਵਜੇ ਸ਼ਿਵਮ ਦੀ ਜੇਬ 'ਚੋਂ ਮਿਲੇ ਮੋਬਾਈਲ ਰਾਹੀਂ ਪਰਿਵਾਰ ਵਾਲਿਆਂ ਨੂੰ ਸੂਚਨਾ ਦਿੱਤੀ। ਉਸ ਦੀ ਭੈਣ ਸੁਨੀਤਾ ਨੇ ਪਿਤਾ ਰਾਮ ਸਿੰਘ ਨੂੰ ਪੁੱਤਰ ਦੀ ਮੌਤ ਦੀ ਜਾਣਕਾਰੀ ਦਿੱਤੀ। ਖ਼ਬਰ ਸੁਣਦੇ ਹੀ ਰਾਮ ਸਿੰਘ ਮੰਜੇ ਤੋਂ ਉੱਠੇ ਅਤੇ ਛਾਤੀ 'ਚ ਤੇਜ਼ ਦਰਦ ਹੋਣ ਤੋਂ ਬਾਅਦ ਜ਼ਮੀਨ 'ਤੇ ਡਿੱਗ ਪਏ। ਪਰਿਵਾਰ ਵਾਲੇ ਉਨ੍ਹਾਂ ਨੂੰ ਨਿੱਜੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸੋਰਾਂਵ ਥਾਣਾ ਮੁਖੀ ਦੀਨਦਿਆਲ ਸਿੰਘ ਨੇ ਦੱਸਿਆ ਕਿ ਕਾਰ ਦੇ ਰਜਿਸਟ?ਰੇਸ਼ਨ ਨੰਬਰ ਦੇ ਆਧਾਰ 'ਤੇ ਫਰਾਰ ਡਰਾਈਵਰ ਦੀ ਭਾਲ ਕੀਤੀ ਜਾ ਰਹੀ ਹੈ। ਮਾਮਲੇ 'ਚ ਮੁਕੱਦਮਾ ਦਰਜ ਕਰ ਕੇ ਕਾਰਵਾਈ ਕੀਤੀ ਜਾ ਰਹੀ ਹੈ।

## ਪਹਿਲੀ ਵਾਰ ਭਾਰਤੀ ਧਰਤੀ ਤੋਂ ਉੱਡੇ ਜਾਪਾਨੀ ਲੜਾਕੂ ਜਹਾਜ਼, ਹਵਾਈ ਫ਼ੌਜ ਮੁਖੀ ਨੇ ਸੰਯੁਕਤ ਅਭਿਆਸ ਦੀ ਕੀਤੀ ਸ਼ਲਾਘਾ

ਜੋਧਪੁਰ 26 ਸਤੰਬਰ। ਹਵਾਈ ਫ਼ੌਜ ਮੁਖੀ ਏਅਰ ਚੀਫ਼ ਮਾਰਸ਼ਲ ਏ.ਪੀ. ਸਿੰਘ ਨੇ ਇੱਥੇ ਜਾਰੀ ਦੋ-ਪੱਖੀ ਹਵਾਈ ਫ਼ੌਜ ਅਭਿਆਸ ਦੌਰਾਨ ਕਿਹਾ ਕਿ ਪਹਿਲੀ ਵਾਰ ਭਾਰਤੀ ਧਰਤੀ ਤੋਂ ਜਾਪਾਨੀ ਲੜਾਕੂ ਜਹਾਜ਼ਾਂ ਦਾ ਉਡਾਣ ਭਰਨਾ ਭਾਰਤ ਅਤੇ ਜਾਪਾਨ ਵਿਚਾਲੇ ਰੱਖਿਆ ਸਹਿਯੋਗ 'ਚ ਇਕ



ਮਹੱਤਵਪੂਰਨ ਉਪਲੱਬਧੀ ਹੈ। ਇਹ ਅਭਿਆਸ 9 ਤੋਂ 26 ਸਤੰਬਰ ਤੱਕ ਹਵਾਈ ਫ਼ੌਜ ਸਟੇਸ਼ਨ, ਜੋਧਪੁਰ 'ਚ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ 'ਚ ਸਵਦੇਸ਼ੀ 'ਤੇਜਸ', ਸੁਖੋਈ-30 ਐੱਮਕੇਆਈ' ਅਤੇ 'ਰਾਫੇਲ' ਸਮੇਤ ਭਾਰਤੀ ਹਵਾਈ ਫ਼ੌਜ ਦੀ ਮੋਹਰੀ ਲਾਈਨ ਦੇ ਜਹਾਜ਼ ਅਤੇ ਜਾਪਾਨ ਏਅਰ ਸੈਲਫ ਡਿਫੈਂਸ ਫੋਰਸ ਦੇ 'ਐੱਫ-2ਏ' ਲੜਾਕੂ ਜਹਾਜ਼ ਹਿੱਸਾ ਲੈ ਰਹੇ ਹਨ। ਜਾਪਾਨ ਏਅਰ ਸੈਲਫ ਡਿਫੈਂਸ ਫੋਰਸ ਦੇ ਚੀਫ਼ ਆਫ਼ ਸਟਾਫ਼ ਜਨਰਲ ਤਾਕੇਹਿਰੋ ਮੋਰੀਤਾ ਨੇ ਕਿਹਾ ਕਿ ਭਾਰਤ 'ਚ ਜਾਪਾਨੀ ਲੜਾਕੂ ਜਹਾਜ਼ਾਂ ਦੀ ਤਾਇਨਾਤੀ ਤੋਂ ਬਾਅਦ ਰੱਖਿਆ ਸਹਿਯੋਗ ਸਿਰਫ਼ ਅਭਿਆਸ ਆਯੋਜਿਤ ਕਰਨ ਨਾਲ ਅੱਗੇ ਵਧਿਆ ਹੈ। ਸਿੰਘ ਨੇ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਕਿਹਾ,"ਇਹ ਅਭਿਆਸ, ਵਿਸ਼ੇਸ਼ ਰੂਪ ਨਾਲ ਇਸ ਲਈ ਸਾਡੇ ਸੰਬੰਧਾਂ ਅਤੇ ਸਾਡੀ ਸਾਂਝੇਦਾਰੀ ਦੇ ਇਤਿਹਾਸ 'ਚ ਇਕ ਵੱਡੀ ਉਪਲੱਬਧੀ ਹੈ, ਕਿਉਂਕਿ ਜਾਪਾਨੀ ਲੜਾਕੂ ਜਹਾਜ਼ ਪਹਿਲੀ ਵਾਰ ਭਾਰਤੀ ਧਰਤੀ ਤੋਂ ਉਡਾਣ ਭਰ ਰਹੇ ਹਨ।"

## ਭਾਰਤ ਦੀ ਜੀਡੀਪੀ 20 ਸਾਲਾਂ 'ਚ ਵੱਧ ਕੇ ਹੋ ਜਾਵੇਗੀ 38,000 ਅਰਬ ਅਮਰੀਕੀ ਡਾਲਰ : ਅਜੀਤ ਡੋਵਾਲ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਰੁੜਕੀ 26 ਸਤੰਬਰ। ਰਾਸ਼ਟਰੀ ਸੁਰੱਖਿਆ ਸਲਾਹਕਾਰ (ਐੱਨਐੱਸਏ) ਅਜੀਤ ਡੋਵਾਲ ਨੇ ਸ਼ਨੀਵਾਰ ਨੂੰ ਕਿਹਾ ਕਿ ਅਗਲੇ 20 ਸਾਲਾਂ 'ਚ ਭਾਰਤ ਦਾ ਸਕਲ ਘਰੇਲੂ ਉਤਪਾਦ (ਜੀਡੀਪੀ) ਮੌਜੂਦਾ ਸਮੇਂ 4015 ਅਰਬ ਅਮਰੀਕੀ ਡਾਲਰ ਤੋਂ ਵਧ ਕੇ 38,000 ਅਰਬ ਅਮਰੀਕੀ ਡਾਲਰ ਹੋ ਜਾਵੇਗਾ। ਡੋਵਾਲ ਨੇ ਇੱਥੇ ਭਾਰਤੀ ਤਕਨਾਲੋਜੀ ਸੰਸਥਾ (ਆਈਆਈਟੀ) ਰੁੜਕੀ ਦੇ ਡਿਗਰੀ ਵੰਡ ਸਮਾਰੋਹ ਨੂੰ ਬਤੌਰ ਮੁੱਖ ਮਹਿਮਾਨ ਸੰਬੋਧਨ ਕਰਦੇ ਹੋਏ ਕਿਹਾ ਕਿ ਵਿਦਿਆਰਥੀ ਕਿਸਮਤਵਾਲੇ ਹਨ ਕਿ ਉਹ ਇਕ ਪਰਿਵਰਤਨਕਾਰੀ ਯੁੱਗ 'ਚ ਰਹਿ ਰਹੇ ਹਨ, ਜਿਸ 'ਚ ਉਨ੍ਹਾਂ ਦਾ ਭਵਿੱਖ ਬਹੁਤ ਉੱਜਵਲ ਹੈ। ਐੱਨਐੱਸਏ ਨੇ ਭਗਵਾਨ ਰਾਮ ਦਾ ਉਦਾਹਰਣ ਦਿੰਦੇ ਹੋਏ ਵਿਦਿਆਰਥੀਆਂ ਨੇ ਆਪਣੇ ਜੀਵਨ 'ਚ ਸਾਹਸੀ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਰਿਸ਼ੀ ਵਿਸ਼ਵਾਮਿੱਤਰ ਨੇ ਰਾਖਸ਼ਸਾਂ ਨੂੰ



ਮਾਰਨ ਲਈ ਭਗਵਾਨ ਰਾਮ ਦੇ ਸਾਹਸੀ ਵਿਅਕਤੀਤੱਵ ਦੇ ਕਾਰਨ ਉਨ੍ਹਾਂ ਨੂੰ ਚੁਣਿਆ। ਇਸੇ ਸੰਦਰਭ 'ਚ ਡੋਵਾਲ ਨੇ ਕਿਹਾ ਕਿ ਬਿਨਾਂ ਮਿਹਨਤ ਸਫ਼ਲਤਾ ਨਹੀਂ ਮਿਲਦੀ। ਐੱਨਐੱਸਏ ਨੇ ਕਿਹਾ,"ਭਾਰਤ 'ਚ ਬਹੁਤ ਵੱਡੇ ਬਦਲਾਅ ਹੋ ਰਹੇ ਹਨ ਅਤੇ ਦੇਸ਼ ਇਕ ਸ਼ਾਨਦਾਰ ਭਵਿੱਖ ਵੱਲ ਵਧ ਰਿਹਾ ਹੈ। ਜਿਵੇਂ ਕਿ ਪ੍ਰਧਾਨ ਮੰਤਰੀ ਨੇ 2047 ਨੂੰ 'ਅੰਮ੍ਰਿਤ ਕਾਲ' ਕਿਹਾ ਹੈ, ਸੱਚੀ ਇਹ ਇਕ ਬਿਹਤਰੀਨ ਅੰਮ੍ਰਿਤ ਕਾਲ ਹੈ। ਅਜੇ ਭਾਰਤ ਦੀ ਜੀਡੀਪੀ 4015 ਅਰਬ ਅਮਰੀਕੀ ਡਾਲਰ ਹੈ, ਜੋ ਅਗਲੇ 20 ਸਾਲਾਂ 'ਚ 38,000 ਅਰਬ ਅਮਰੀਕੀ ਡਾਲਰ ਤੱਕ ਪਹੁੰਚ ਜਾਵੇਗੀ।" ਉਨ੍ਹਾਂ ਨੇ ਵਿਦਿਆਰਥੀਆਂ ਨਾਲ ਆਪਣੇ ਕਰੀਅਰ ਦੇ ਸ਼ੁਰੂਆਤੀ ਦਿਨਾਂ 'ਚ ਸਿੱਕਮ 'ਚ ਤਾਇਨਾਤੀ ਦੌਰਾਨ ਇਕ ਕਹਾਣੀ ਵੀ ਸਾਂਝੀ ਕੀਤੀ, ਜਿਸ 'ਚ ਉਨ੍ਹਾਂ ਨੇ ਇਕ ਸ਼ੇਰਪਾ ਤੋਂ ਜੀਵਨ 'ਚ ਸਫ਼ਲਤਾ ਦੇ ਤਿੰਨ ਮੰਤਰ ਸਿੱਖੇ। ਡੋਵਾਲ ਨੇ ਕਿਹਾ ਕਿ ਪਹਿਲਾ ਮੰਤਰ ਹੈ ਇਨਸਾਨ ਨੂੰ ਇਹ ਪਤਾ ਹੋਣਾ ਚਾਹੀਦਾ ਕਿ ਉਹ ਨਕਸ਼ੇ 'ਚ ਕਿੱਥੇ ਖੜ੍ਹਾ ਹੈ, ਦੂਜਾ ਇਹ ਕਿ ਜਾਣਾ ਕਿੱਥੇ ਹੈ ਅਤੇ ਤੀਜਾ ਉੱਥੇ ਜਾਣ ਅਤੇ ਉੱਥੋਂ ਆਉਣ ਦਾ ਰਸਤਾ ਕੀ ਹੈ।

## ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਕਾਰ ਨੂੰ ਅੱਗ ਲੱਗਣ ਕਾਰਨ ਡਾਕਟਰ ਦੀ ਮੌਤ

ਹੈਦਰਾਬਾਦ 26 ਸਤੰਬਰ। ਤੇਲੰਗਾਨਾ ਦੇ ਸੂਰਿਆਪੇਟ ਜ਼ਿਲ੍ਹੇ ਵਿੱਚ ਨੂੰ ਇੱਕ 50 ਸਾਲਾ ਡਾਕਟਰ ਦੀ ਕਾਰ ਨੂੰ ਸੜਕ ਦੇ ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਅੱਗ ਲੱਗ ਜਾਣ ਕਾਰਨ ਮੌਤ ਹੋ ਗਈ। ਇਹ ਹਾਦਸਾ ਸਵੇਰੇ 7:15 ਵਜੇ ਦੇ ਕਰੀਬ ਹੈਦਰਾਬਾਦ-ਖੰਮਮ ਹਾਈਵੇਅ 'ਤੇ ਪਿੱਲਾਮਾਰੀ ਫਲਾਈਓਵਰ ਨੇੜੇ ਵਾਪਰਿਆ। ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਕਾਰ ਨੂੰ ਅੱਗ ਲੱਗ ਗਈ। ਸੂਚਨਾ ਮਿਲਣ 'ਤੇ ਪੁਲਸ ਅਤੇ ਫਾਇਰਫਾਈਟਰ ਮੌਕੇ 'ਤੇ ਪਹੁੰਚੇ ਅਤੇ ਅੱਗ ਬੁਝਾਈ, ਪਰ ਉਦੋਂ ਤੱਕ ਕਾਰ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿੱਚ ਆ ਚੁੱਕੀ ਸੀ। ਅਧਿਕਾਰੀ ਨੇ ਕਿਹਾ, ਬਾਅਦ ਵਿੱਚ ਡਰਾਈਵਰ ਦੀ ਸੀਟ 'ਤੇ ਇੱਕ ਸੜੀ ਹੋਈ ਲਾਸ਼ ਮਿਲੀ। ਨੇੜਲੇ ਟੋਲ ਗੇਟ ਅਤੇ ਵਾਹਨ ਦੇ ਅਸਥਾਈ ਰਜਿਸਟ?ਰੇਸ਼ਨ ਨੰਬਰ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ ਮ੍ਰਿਤਕ ਦੀ ਪਛਾਣ ਕੇ. ਜਗਦੀਸ਼ ਵਜੋਂ ਹੋਈ, ਜੋ ਖੰਮਮ ਜ਼ਿਲ੍ਹੇ ਦੇ ਇੱਕ ਹਸਪਤਾਲ ਵਿੱਚ ਕੰਮ ਕਰਦਾ ਇੱਕ ਨਿਊਰੋਸਰਜਨ ਸੀ। ਪੁਲਸ ਨੇ ਕਿਹਾ ਕਿ ਡਾਕਟਰ ਆਪਣੇ ਪਰਿਵਾਰ ਨੂੰ ਮਿਲਣ ਲਈ ਖੰਮਮ ਤੋਂ ਹੈਦਰਾਬਾਦ ਜਾ ਰਿਹਾ ਸੀ। ਘਟਨਾ ਦੇ ਸਬੰਧ ਵਿੱਚ ਇੱਕ ਮਾਮਲਾ ਦਰਜ ਕੀਤਾ ਗਿਆ ਹੈ।

## ਹੈਦਰਾਬਾਦ ਵਿੱਚ ਸੜਕ ਪਾਰ ਕਰ ਰਹੇ 4 ਸਾਲਾ ਬੱਚੇ ਨੂੰ ਕਾਰ ਨੇ ਕੁਚਲਿਆ

ਹੈਦਰਾਬਾਦ 26 ਸਤੰਬਰ। ਤੇਲੰਗਾਨਾ ਦੇ ਹੈਦਰਾਬਾਦ ਵਿੱਚ ਸੜਕ ਪਾਰ ਕਰ ਰਹੇ ਇੱਕ ਚਾਰ ਸਾਲਾ ਬੱਚੇ ਨੂੰ ਇੱਕ ਕਾਰ ਨੇ ਟੱਕਰ ਮਾਰ ਦਿੱਤੀ ਅਤੇ ਉਸਦੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਇਹ ਘਟਨਾ ਸ਼ਨੀਵਾਰ ਰਾਤ 11 ਵਜੇ ਦੇ ਕਰੀਬ ਆਈਐਸ ਸਦਨ ਪੁਲਸ ਸਟੇਸ਼ਨ ਖੇਤਰ ਵਿੱਚ ਵਾਪਰੀ। ਬੱਚਾ ਆਪਣੇ ਮਾਪਿਆਂ ਨਾਲ ਰਾਤ ਦੇ ਖਾਣੇ ਲਈ ਇੱਕ ਹੋਟਲ ਗਿਆ ਸੀ। ਇੱਕ ਪੁਲਸ ਅਧਿਕਾਰੀ ਨੇ ਕਿਹਾ, ਜਦੋਂ ਬੱਚਾ ਸੜਕ ਪਾਰ ਕਰ ਰਿਹਾ ਸੀ, ਤਾਂ ਇੱਕ ਚਾਰ ਪਹੀਆ ਵਾਹਨ ਨੇ ਉਸਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਦੇ ਅਨੁਸਾਰ, ਹਾਦਸੇ ਤੋਂ ਬਾਅਦ ਡਰਾਈਵਰ ਮੌਕੇ ਤੋਂ ਭੱਜ ਗਿਆ। ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਜਾਂਚ ਜਾਰੀ ਹੈ।

## ਆਕਾਸ਼ ਅਤੇ ਦੀਪਿਕਾ ਨੂੰ ਪਾਰਟੀ ਦੀ ਕੋਈ ਜ਼ਿੰਮੇਵਾਰੀ ਨਹੀਂ: ਮਾਇਆਵਤੀ

ਕੌਮੀ ਪਤ੍ਰਿਕਾ

ਲਖਨਊ 26 ਸਤੰਬਰ। ਬਹੁਜਨ ਸਮਾਜ ਪਾਰਟੀ (ਬਸਪਾ) ਦੀ ਰਾਸ਼ਟਰੀ ਪ੍ਰਧਾਨ ਮਾਇਆਵਤੀ ਨੇ ਆਪਣੇ ਅੰਤਿਮ ਫੈਸਲੇ ਅਤੇ ਪ੍ਰਤੀਬੱਧਤਾ ਦੇ 8 ਦਿਨਾਂ ਬਾਅਦ ਪਰਿਵਾਰਕ ਮਾਮਲਿਆਂ 'ਤੇ ਇਕ ਨਵਾਂ ਫੈਸਲਾ ਸੁਣਾਉਂਦੇ ਹੋਏ ਐਤਵਾਰ ਨੂੰ ਕਿਹਾ ਕਿ ਹੁਣ ਉਨ੍ਹਾਂ ਦੇ ਛੋਟੇ ਭਰਾ ਆਨੰਦ ਕੁਮਾਰ ਦੇ ਪੁੱਤਰ ਆਕਾਸ਼ ਆਨੰਦ ਅਤੇ ਉਨ੍ਹਾਂ ਦੀ ਧੀ ਦੀਪਿਕਾ ਆਨੰਦ ਨੂੰ ਪਾਰਟੀ 'ਚ ਕੋਈ ਜ਼ਿੰਮੇਵਾਰੀ ਨਹੀਂ ਦਿੱਤੀ ਜਾਵੇਗੀ, ਪਰਿਵਾਰ 'ਚੋਂ ਸਿਰਫ਼ ਈਸ਼ਾਨ ਆਨੰਦ ਨੂੰ ਪਾਰਟੀ 'ਚ ਸਨਮਾਨਜਨਕ ਜ਼ਿੰਮੇਵਾਰੀ ਦੇ ਕੇ ਅੱਗੇ ਵਧਾਇਆ ਜਾਵੇਗਾ। ਮਾਇਆਵਤੀ ਦਾ ਇਹ ਫੈਸਲਾ 12 ਸਤੰਬਰ ਨੂੰ ਲਏ ਗਏ ਉਨ੍ਹਾਂ ਦੇ ਪਰਿਵਾਰਕ ਫੈਸਲੇ ਤੋਂ 8 ਦਿਨਾਂ ਬਾਅਦ ਆਇਆ ਹੈ, ਜਿਸ 'ਚ ਉਨ੍ਹਾਂ ਨੇ ਕਿਹਾ ਸੀ ਕਿ ਉਨ੍ਹਾਂ ਦੇ ਛੋਟੇ ਭਰਾ ਆਨੰਦ ਕੁਮਾਰ ਦੇ ਪੁੱਤਰਾਂ (ਆਕਾਸ਼ ਅਤੇ ਈਸ਼ਾਨ) ਨੂੰ ਪਾਰਟੀ 'ਚ ਕੋਈ ਵੀ ਵੱਡਾ ਜਾਂ ਛੋਟਾ ਅਹੁਦਾ ਸੰਭਾਲ ਕੇ ਰਾਜਨੀਤੀ ਕਰਨ ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਸੀ,ਮੇਰਾ ਅੰਤਿਮ ਫੈਸਲਾ ਅਤੇ ਪ੍ਰਣ ਇਹ ਹੈ ਕਿ ਆਨੰਦ ਕੁਮਾਰ ਦੇ ਖਾਸ ਕਰਕੇ ਕਿਸੇ ਵੀ ਬੇਟੇ ਨੂੰ ਬਸਪਾ 'ਚ ਕੋਈ ਵੀ ਵੱਡਾ ਜਾਂ ਛੋਟਾ ਅਹੁਦਾ ਸੰਭਾਲ ਕੇ ਰਾਜਨੀਤੀ 'ਚ ਸ਼ਾਮਲ ਹੋਣ



ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਮਾਇਆਵਤੀ ਨੇ ਇਹ ਵੀ ਕਿਹਾ ਕਿ ਜੇਕਰ ਆਨੰਦ ਕੁਮਾਰ ਨੂੰ ਉਨ੍ਹਾਂ ਦੀ ਮਦਦ ਲਈ ਕਿਸੇ ਹੋਰ ਮੈਂਬਰ ਦੀ ਲੋੜ ਪੈਂਦੀ ਹੈ ਤਾਂ ਉਹ ਆਪਣੀ ਇਕਲੌਤੀ ਧੀ ਦੀਪਿਕਾ ਆਨੰਦ ਦੀ ਮਦਦ ਲੈ ਸਕਦੇ ਹਨ, ਜੋ ਇਸ ਸਮੇਂ ਵਕਾਲਤ ਦੀ ਪੜ੍ਹਾਈ ਕਰ ਰਹੀ ਹੈ। ਬਸਪਾ ਮੁਖੀ ਨੇ ਐਤਵਾਰ ਨੂੰ '✓' 'ਤੇ ਇਕ ਪੋਸਟ 'ਚ ਆਪਣੇ ਫੈਸਲੇ ਬਾਰੇ ਵਿਸਥਾਰ ਨਾਲ ਦੱਸਿਆ,ਹੁਣ, ਪਾਰਟੀ ਦੇ ਹਿੱਤ 'ਚ, ਆਕਾਸ਼ ਆਨੰਦ ਅਤੇ ਉਸ ਦੀ ਭੈਣ (ਦੀਪਿਕਾ) ਨੂੰ ਕਿਸੇ ਵੀ ਪਾਰਟੀ ਜ਼ਿੰਮੇਵਾਰੀ ਤੋਂ ਪੂਰੀ ਤਰ੍ਹਾਂ ਦੂਰ ਰੱਖਣਾ ਉਚਿਤ ਹੋਵੇਗਾ। ਇਸ ਫੈਸਲੇ 'ਚ ਕੋਈ ਬਦਲਾਅ ਨਹੀਂ ਹੋਵੇਗਾ। ਉਨ੍ਹਾਂ ਅੱਗੇ ਕਿਹਾ,ਹੁਣ, ਇਨ੍ਹਾਂ ਦੋਵਾਂ ਦੀ ਥਾਂ, ਆਨੰਦ ਕੁਮਾਰ ਦੇ ਪਰਿਵਾਰ 'ਚੋਂ ਸਿਰਫ਼ ਈਸ਼ਾਨ ਆਨੰਦ ਨੂੰ ਪਾਰਟੀ 'ਚ ਇਕ ਸਨਮਾਨਜਨਕ ਜ਼ਿੰਮੇਵਾਰੀ ਦਿੱਤੀ ਜਾਵੇਗੀ ਅਤੇ ਉਨ੍ਹਾਂ ਦਾ ਆਕਾਸ਼ ਆਨੰਦ ਅਤੇ ਉਸ ਦੀ ਭੈਣ ਨਾਲ ਕਦੇ ਵੀ ਕੋਈ ਸਬੰਧ ਨਹੀਂ ਰਹੇਗਾ। ਉਨ੍ਹਾਂ ਇਹ ਵੀ ਵਿਸ਼ਵਾਸ ਪ੍ਰਗਟ ਕੀਤਾ ਕਿ ਭਵਿੱਖ 'ਚ ਕਿਸੇ ਵੀ ਪਾਰਟੀ ਵਿਰੋਧੀ ਗਤੀਵਿਧੀਆਂ ਨੂੰ ਰੋਕਿਆ ਜਾਵੇਗਾ। ਮਾਇਆਵਤੀ ਨੇ ਚਿਤਾਵਨੀ ਦਿੱਤੀ,ਜੇਕਰ ਉਹ ਕੋਈ ਗੰਭੀਰ ਪਾਰਟੀ ਵਿਰੋਧੀ ਕਾਰਵਾਈ ਕਰਦਾ ਹੈ, ਤਾਂ ਉਸ ਨੂੰ ਵੀ ਪਾਰਟੀ 'ਚੋਂ ਕੱਢ ਦਿੱਤਾ ਜਾਵੇਗਾ। ਹਾਲਾਂਕਿ, ਅਜਿਹੀ ਸਥਿਤੀ 'ਚ ਆਨੰਦ ਕੁਮਾਰ ਦੇ ਪਰਿਵਾਰ ਦੇ ਕਿਸੇ ਵੀ ਹੋਰ ਮੈਂਬਰ ਨੂੰ ਪਾਰਟੀ 'ਚ ਕੋਈ ਵੱਡੀ ਜਾਂ ਛੋਟੀ ਜ਼ਿੰਮੇਵਾਰੀ ਨਹੀਂ ਦਿੱਤੀ ਜਾਵੇਗੀ।

## ਦਿੱਲੀ ਦੇ ਅਲੀਪੁਰ 'ਚ ਡਿੱਗੀ ਨਿਰਮਾਣ ਅਧੀਨ ਇਮਾਰਤ ! ਵੱਡਾ ਹਾਦਸਾ ਟਲਿਆ

ਨਵੀਂ ਦਿੱਲੀ 26 ਸਤੰਬਰ। ਐਤਵਾਰ ਨੂੰ ਉੱਤਰੀ ਦਿੱਲੀ ਦੇ ਅਲੀਪੁਰ ਇਲਾਕੇ ਵਿੱਚ ਇੱਕ ਉਸਾਰੀ ਅਧੀਨ ਇਮਾਰਤ ਡਿੱਗ ਗਈ। ਪੁਲਸ ਨੇ ਕਿਹਾ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਤੇ ਨਾ ਹੀ ਕਿਸੇ ਦੇ ਮਲਬੇ ਹੇਠ ਫਸਣ ਦੀ ਕੋਈ ਰਿਪੋਰਟ ਹੈ। ਪੁਲਸ ਨੇ ਕਿਹਾ ਕਿ ਅਲੀਪੁਰ ਪੁਲਸ ਸਟੇਸ਼ਨ ਨੂੰ ਸਵੇਰੇ 11 ਵਜੇ ਦੇ ਕਰੀਬ ਘਟਨਾ ਦੀ ਜਾਣਕਾਰੀ ਮਿਲੀ, ਜਿਸ ਤੋਂ ਬਾਅਦ ਚਾਰ ਐਂਬੂਲੈਂਸਾਂ, ਇੱਕ ਫਾਇਰ ਇੰਜਣ ਅਤੇ ਇੱਕ ਆਫ਼ਤ ਪ੍ਰਬੰਧਨ ਵਾਹਨ ਵਾਲੀ ਇੱਕ ਟੀਮ ਮੌਕੇ 'ਤੇ ਪਹੁੰਚੀ। ਪੁਲਸ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਮਾਰਤ ਦੀ ਲੈਂਟਲ ਵਿਛਾਉਣ ਦਾ ਕੰਮ ਚੱਲ ਰਿਹਾ ਸੀ ਜਦੋਂ ਸ਼ਟਰਿੰਗ, ਜਿਸਨੂੰ ਸਥਾਨਕ ਭਾਸ਼ਾ ਵਿੱਚ ਬੱਲੀ ਕਿਹਾ ਜਾਂਦਾ ਹੈ, ਸੰਭਵ ਤੌਰ 'ਤੇ ਟੁੱਟ ਗਈ, ਜਿਸ ਕਾਰਨ ਢਾਂਚਾ ਢਹਿ ਗਿਆ। ਘਟਨਾ ਸਮੇਂ ਕਈ ਕਾਮੇ ਮੌਕੇ 'ਤੇ ਕੰਮ ਕਰ ਰਹੇ ਸਨ। ਪੁਲਸ ਨੇ ਕਿਹਾ ਕਿ ਸਾਰੇ ਕਾਮੇ ਸੁਰੱਖਿਅਤ ਹਨ ਅਤੇ ਮਲਬੇ ਹੇਠ ਕਿਸੇ ਦੇ ਫਸਣ ਜਾਂ ਜ਼ਖਮੀ ਹੋਣ ਦੀ ਕੋਈ ਰਿਪੋਰਟ ਨਹੀਂ ਹੈ। ਪੁਲਸ ਨੇ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਬੱਚਿਆਂ ਦੀ ਕਲਪਨਾ ਵਿੱਚ ਦਿਖਾਈ ਦਿੰਦਾ ਹੈ ਵਿਕਸਿਤ ਭਾਰਤ ਦਾ ਭਵਿੱਖ : ਮੁੱਖ ਮੰਤਰੀ ਸੈਣੀ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ, 26 ਸਤੰਬਰ: ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਬੱਚਿਆਂ ਦੀ ਕਲਪਨਾ ਵਿੱਚ ਜੋ ਵਿਕਸਿਤ ਭਾਰਤ ਆਕਾਰ ਲੈਂਦਾ ਹੈ, ਉਹੀ ਆਉਣ ਵਾਲੇ ਸਮੇਂ ਵਿੱਚ ਅਸਲ ਭਾਰਤ ਵਜੋਂ ਸਾਡੇ ਸਾਹਮਣੇ ਆਵੇਗਾ। ਬੱਚਿਆਂ ਦੀ ਪ੍ਰਤਿਭਾ ਨੂੰ ਸਹੀ ਮੰਚ ਅਤੇ ਪ੍ਰੋਤਸਾਹਨ ਦੇ ਕੇ ਉਨ੍ਹਾਂ ਵਿੱਚ ਰਚਨਾਤਮਕਤਾ, ਸੰਸਕਾਰ, ਸੇਵਾ ਭਾਵਨਾ ਅਤੇ ਰਾਸ਼ਟਰ ਨਿਰਮਾਣ ਦਾ ਜਜ਼ਬਾ ਵਿਕਸਿਤ ਕੀਤਾ ਜਾ ਸਕਦਾ ਹੈ। ਮੁੱਖ ਮੰਤਰੀ ਵੀਰਵਾਰ ਨੂੰ ਕੁਰੂਕਸ਼ੇਤਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਨੀਪਲਾ ਵਿੱਚ ਆਯੋਜਿਤ 'ਸੇਵਾ ਸੰਕਲਪ ਅਭਿਆਨ' ਅਤੇ 'ਨਿਪੁਣ ਚਿੱਤਰਕਲਾ ਪ੍ਰਦਰਸ਼ਨੀ' ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ 'ਮਾਧਵ ਆਡੀਟੋਰੀਅਮ' ਅਤੇ ਪਰਮ ਪੂਜਨੀਯ ਸ੍ਰੀ ਗੁਰੂ ਜੀ ਦੇ ਭਿੱਤ-ਚਿੱਤਰ ਦਾ ਉਦਘਾਟਨ ਕੀਤਾ ਅਤੇ ਚਿੱਤਰਕਲਾ ਪ੍ਰਦਰਸ਼ਨੀ ਦਾ ਜਾਇਜ਼ਾ ਲਿਆ। ਮੁੱਖ ਮੰਤਰੀ ਨੇ ਇਸ ਮੌਕੇ ਸਕੂਲ ਕੰਪਲੈਕਸ ਵਿੱਚ ਬੂਟੇ ਵੀ ਲਗਾਏ। ਇਸ ਮੌਕੇ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਮਹਾਰਾਜ, ਸਾਬਕਾ ਰਾਜ ਮੰਤਰੀ ਸ੍ਰੀ ਸੁਭਾਸ਼ ਸੁਧਾ, ਡਿਪਟੀ ਕਮਿਸ਼ਨਰ ਸ੍ਰੀ ਵਿਸ਼ਰਾਮ ਮੀਣਾ, ਡਾ. ਓਮ ਪ੍ਰਕਾਸ਼ ਅਰੋੜਾ, ਸ੍ਰੀ ਰਤਨ ਚੰਦ ਸਰਦਾਨਾ, ਡਾ. ਪ੍ਰੀਤਮ ਸਿੰਘ ਸਮੇਤ ਸੀਨੀਅਰ ਅਧਿਕਾਰੀ ਅਤੇ ਪਤਵੰਤੇ ਮੌਜੂਦ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਨੀਪਲਾ ਦੇ ਇਸ ਸਰਕਾਰੀ ਸਕੂਲ ਵਿੱਚ ਸੋਲਰ ਪੈਨਲ ਲਗਾਉਣ ਲਈ 11 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ, ਕਨੀਪਲਾ ਪਿੰਡ ਦੇ ਵਿਕਾਸ ਕਾਰਜਾਂ ਲਈ 21 ਲੱਖ ਰੁਪਏ ਦੇਣ ਦਾ ਵੀ ਐਲਾਨ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰੋਗਰਾਮ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਮ ਦਿਨ ਦੇ ਮੌਕੇ 'ਤੇ ਚੱਲ ਰਹੇ 'ਸੇਵਾ ਸੰਕਲਪ ਮੁਹਿੰਮ' ਤਹਿਤ ਆਯੋਜਿਤ ਕੀਤਾ ਗਿਆ ਹੈ। ਇਸ ਮੁਹਿੰਮ ਤਹਿਤ 17 ਤੋਂ 21 ਸਤੰਬਰ ਤੱਕ ਤੀਜੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਚਿੱਤਰਕਲਾ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚੋਂ ਚੁਣੀਆਂ ਗਈਆਂ ਕਲਾਕ੍ਰਿਤੀਆਂ ਨੂੰ ਜ਼ਿਲ੍ਹਾ ਪੱਧਰੀ ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਕੀਤਾ ਗਿਆ ਹੈ। ਉਨ੍ਹਾਂ ਪ੍ਰਦਰਸ਼ਨੀ ਵਿੱਚ ਸ਼ਾਮਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੇ ਹੱਥਾਂ ਵਿੱਚ ਰੰਗ ਹੁੰਦੇ ਹਨ, ਪਰ ਉਨ੍ਹਾਂ ਰੰਗਾਂ ਨੂੰ ਸੁਪਨਿਆਂ ਵਿੱਚ ਬਦਲਣ ਦਾ ਵਿਸ਼ਵਾਸ ਪਰਿਵਾਰ ਅਤੇ ਅਧਿਆਪਕ ਦਿੰਦੇ ਹਨ। ਪ੍ਰਦਰਸ਼ਨੀ ਵਿੱਚ ਸਵੱਛ ਭਾਰਤ, ਆਤਮਨਿਰਭਰ ਭਾਰਤ, ਵਾਤਾਵਰਣ ਸੰਭਾਲ, ਸੇਵਾ ਭਾਵਨਾ ਅਤੇ ਸਾਲ 2047 ਦੇ ਵਿਕਸਿਤ ਭਾਰਤ ਦੀ ਕਲਪਨਾ ਵਰਗੇ ਵਿਸ਼ਿਆਂ ਨੂੰ ਬੱਚਿਆਂ ਨੇ ਆਪਣੀ ਰਚਨਾਤਮਕਤਾ ਰਾਹੀਂ ਪੇਸ਼ ਕੀਤਾ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 'ਸੇਵਾ ਸੰਕਲਪ ਅਭਿਆਨ' ਸਿਰਫ਼ ਪ੍ਰਾਪਤੀਆਂ ਨੂੰ ਯਾਦ ਕਰਨ ਦਾ ਮੌਕਾ ਨਹੀਂ, ਸਗੋਂ ਸੇਵਾ, ਸਮਰਪਣ ਅਤੇ ਰਾਸ਼ਟਰ ਨਿਰਮਾਣ ਦੀ ਭਾਵਨਾ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ



ਮਾਧਿਅਮ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ 25 ਸਾਲਾਂ ਤੋਂ ਪ੍ਰੇਰਣਾ ਲੈਂਦਿਆਂ ਸਾਨੂੰ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਆਪਣੀ ਭੂਮਿਕਾ ਨਿਭਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਅੱਜ ਵਿਗਿਆਨ, ਤਕਨੀਕ ਅਤੇ ਨਵਾਚਾਰ ਦੇ ਖੇਤਰ ਵਿੱਚ ਲਗਾਤਾਰ ਅੱਗੇ ਵਧ ਰਿਹਾ ਹੈ। ਦੇਸ਼ ਨੇ ਪੁਲਾੜ ਵਿਗਿਆਨ ਸਮੇਤ ਕਈ ਖੇਤਰਾਂ ਵਿੱਚ ਆਪਣੀ ਸਮਰੱਥਾ ਦਾ ਲੋਹਾ ਮਨਵਾਇਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਸੁਪਨਿਆਂ ਨੂੰ ਟੀਚਿਆਂ ਵਿੱਚ ਬਦਲਣ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਲਗਾਤਾਰ ਯਤਨ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਕਨੀਪਲਾ ਦੇ ਇਸ ਸਕੂਲ ਵਿੱਚ ਇੱਕ ਪਾਸੇ ਬੱਚਿਆਂ ਵੱਲੋਂ ਬਣਾਏ ਗਏ ਚਿੱਤਰ ਭਵਿੱਖ ਦੇ ਭਾਰਤ ਦੀ ਕਲਪਨਾ ਨੂੰ ਸਾਹਮਣੇ ਰੱਖਦੇ ਹਨ, ਉੱਥੇ ਹੀ ਦੂਜੇ ਪਾਸੇ ਮਾਧਵ ਆਡੀਟੋਰੀਅਮ ਵਿੱਚ ਪਰਮ ਪੂਜਨੀਯ ਮਾਧਵ ਸਦਾਸ਼ਿਵਰਾਓ ਗੋਲਵਲਕਰ 'ਸ੍ਰੀ ਗੁਰੂ ਜੀ' ਦਾ ਭਿੱਤ-ਚਿੱਤਰ ਇਤਿਹਾਸ, ਸੰਸਕਾਰ ਅਤੇ ਕਰਤੱਵ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਸਾਨੂੰ ਜੜ੍ਹਾਂ ਦਿੰਦਾ ਹੈ, ਸਿੱਖਿਆ ਸਾਨੂੰ ਖੰਭ ਦਿੰਦੀ ਹੈ, ਸੰਸਕਾਰ ਸਾਨੂੰ ਦਿਸ਼ਾ ਦਿੰਦੇ ਹਨ ਅਤੇ ਸੁਪਨੇ ਸਾਨੂੰ ਉਡਾਣ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਜੀ ਇੱਕ ਅਸਾਧਾਰਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਰਾਸ਼ਟਰ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਣਾ ਸਰੋਤ ਰਹੇਗਾ। ਬੱਚਿਆਂ ਨੂੰ ਉਨ੍ਹਾਂ ਦੇ ਜੀਵਨ, ਵਿਚਾਰਾਂ ਅਤੇ ਰਾਸ਼ਟਰ ਸੇਵਾ ਦੀ ਭਾਵਨਾ ਤੋਂ ਜਾਣੂ ਕਰਵਾਉਣ ਲਈ ਇਹ ਭਿੱਤ-ਚਿੱਤਰ ਤਿਆਰ ਕੀਤਾ ਗਿਆ ਹੈ। ਇਹ ਪਹਿਲ ਰਾਸ਼ਟਰ ਸ਼ਾਸਕ੍ਰਿਤੀ ਅਤੇ ਸਮਾਜ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਨਹੀਂ ਪੀੜੀ ਤੱਕ ਪਹੁੰਚਾਉਣ ਦਾ ਮਧੀਅਮ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਿਦਿਆਰਥੀਆਂ ਨੂੰ ਮਿਆਰੀ ਅਤੇ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸਰਕਾਰੀ ਸਕੂਲਾਂ ਵਿੱਚ ਡਿਜੀਟਲ ਸਿੱਖਿਆ, ਸਮਾਰਟ ਕਲਾਸਰੂਮ, ਟੈਬਲੇਟ ਵੰਡ ਅਤੇ ਈ-ਲਰਨਿੰਗ ਨੂੰ ਉਤਸ਼ਾਹਿਤ ਕੀਤਾ ਗਿਆ ਹੈ। ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ, ਕੋਡਿੰਗ ਅਤੇ ਡਿਜੀਟਲ ਹੁਨਰ ਨਾਲ ਜੋੜਨ ਦੇ ਨਾਲ-ਨਾਲ ਉੱਚ ਸਿੱਖਿਆ ਵਿੱਚ ਖੋਜ ਅਤੇ ਨਵਾਚਾਰ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਬਿਹਤਰ ਮਾਰਗਦਰਸ਼ਨ ਦੇਣ ਦੇ ਉਦੇਸ਼ ਨਾਲ 'ਸੁਪਰ-100' ਅਤੇ 'ਬੁਨਿਆਦ' ਵਰਗੇ ਪ੍ਰੋਗਰਾਮ ਚਲਾਏ ਜਾ ਰਹੇ ਹਨ। ਸੁਪਰ-100 ਦੀਆਂ ਸੀਟਾਂ ਨੂੰ 500 ਤੋਂ ਵਧਾ ਕੇ 600 ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਭਾਰਤ ਪੂਰੀ ਦੁਨੀਆ ਨਾਲ ਕਦਮ ਨਾਲ ਕਦਮ ਮਿਲਾ ਕੇ ਅੱਗੇ ਵਧ ਰਿਹਾ ਹੈ। ਇਸ ਲਈ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਮੌਕਿਆਂ ਲਈ ਤਿਆਰ ਕਰਨਾ ਵੀ ਜ਼ਰੂਰੀ ਹੈ। ਇਸੇ ਦਿਸ਼ਾ ਵਿੱਚ ਸਰਕਾਰੀ ਸਕੂਲਾਂ ਵਿੱਚ ਫਰਾਂਸੀਸੀ ਭਾਸ਼ਾ ਦੀ ਪੜ੍ਹਾਈ ਸ਼ੁਰੂ ਕੀਤੀ ਗਈ ਹੈ, ਜਦੋਂ ਕਿ ਜਰਮਨ ਭਾਸ਼ਾ ਲਈ ਸਮਝੌਤਾ ਕੀਤਾ ਗਿਆ ਹੈ ਅਤੇ ਜਪਾਨੀ ਅਤੇ ਕੋਰੀਆਈ ਭਾਸ਼ਾਵਾਂ ਦੀ ਪੜ੍ਹਾਈ ਵੀ ਪੜਾਅਵਾਰ ਸ਼ੁਰੂ ਕਰਨ ਦੀ ਤਿਆਰੀ ਹੈ। ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਖੇਡ ਸਹੂਲਤਾਂ ਦੇ ਵਿਕਾਸ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਸਾਲ ਸਾਰੇ ਸਰਕਾਰੀ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਖੇਡ ਮੈਦਾਨਾਂ ਦੇ ਵਿਕਾਸ ਲਈ ਇੱਕ-ਇੱਕ ਲੱਖ ਰੁਪਏ ਉਪਲਬਧ ਕਰਵਾਏ ਗਏ ਹਨ। ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਪ੍ਰਦਰਸ਼ਨੀ ਵਿੱਚ ਦਿਖਾਈ ਦੇ ਰਹੀ ਉਨ੍ਹਾਂ ਦੀ ਕਲਾ ਸਿਰਫ਼ ਕਾਗਜ਼ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ। ਸੇਵਾ ਦਾ ਰੰਗ ਉਨ੍ਹਾਂ ਦੇ ਵਿਵਹਾਰ ਵਿੱਚ, ਸੰਸਕਾਰ ਦਾ ਰੰਗ ਉਨ੍ਹਾਂ ਦੀ ਸ਼ਖ਼ਸੀਅਤ ਵਿੱਚ, ਮਿਹਨਤ ਦਾ ਰੰਗ ਉਨ੍ਹਾਂ ਦੀ ਪੜ੍ਹਾਈ ਵਿੱਚ ਅਤੇ ਰਾਸ਼ਟਰ ਪ੍ਰਤੀ ਕਰਤੱਵ ਦਾ ਰੰਗ ਉਨ੍ਹਾਂ ਦੇ ਜੀਵਨ ਵਿੱਚ ਦਿਖਾਈ ਦੇਣਾ ਚਾਹੀਦਾ ਹੈ। ਉਨ੍ਹਾਂ 'ਨਿਪੁਣ ਹਰਿਆਣਾ ਜ਼ਿਲ੍ਹਾ ਪੱਧਰੀ ਕਲਾ ਪ੍ਰਦਰਸ਼ਨੀ' ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਨੀਪਲਾ ਸਕੂਲ ਤੋਂ ਨਿਕਲਿਆ ਇਹ ਸੁਨੇਹਾ ਦੂਰ ਤੱਕ ਜਾਵੇਗਾ ਅਤੇ ਬੱਚਿਆਂ ਦੀ ਰਚਨਾਤਮਕਤਾ ਅਤੇ ਪ੍ਰਤਿਭਾ ਸੂਬੇ ਅਤੇ ਦੇਸ਼ ਦੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਬਣੇਗੀ। ਗੀਤਾ ਮਨੀਸ਼ੀ ਸੁਆਮੀ ਗਿਆਨਾਨੰਦ ਮਹਾਰਾਜ ਨੇ ਕਿਹਾ ਕਿ ਸ੍ਰੀ ਗੁਰੂ ਜੀ ਦਾ ਭਿੱਤ-ਚਿੱਤਰ ਨਵੀਂ ਪੀੜ੍ਹੀ ਲਈ ਪ੍ਰੇਰਣਾ ਅਤੇ ਸੰਕਲਪ ਦਾ ਪ੍ਰਤੀਕ ਹੈ।

# ਵੱਧ ਬਰਸਾਤ ਹੋਣ ਦੇ ਕਾਰਨ ਮਕਾਨ ਦੀ ਛੱਤ ਡਿੱਗਣ 'ਤੇ ਪੀੜਤਾ ਨੂੰ ਪ੍ਰਦਾਨ ਕੀਤੀ ਸਹਾਇਤਾ - ਸ਼ਿਆਮ ਸਿੰਘ ਰਾਣਾ

ਕੌਮੀ ਪਤ੍ਰਿਕਾ

ਚੰਡੀਗੜ੍ਹ, 26 ਸਤੰਬਰ। ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਆਪਣੇ ਯਮੁਨਾਨਗਰ ਦੌਰੇ ਦੌਰਾਨ ਪਿੰਡ ਬੈਡੀ ਨਿਵਾਸੀ ਮਾਨ ਸਿੰਘ ਦੀ ਭਾਰਤੀ ਬਰਸਾਤ ਕਾਰਨ ਮਕਾਨ ਦੀ ਛੱਤ ਡਿੱਗਣ ਨਾਲ ਮੌਤ ਹੋਣ 'ਤੇ ਉਨ੍ਹਾਂ ਦੀ ਪਤਨੀ ਉਸ਼ਾ ਰਾਣੀ ਨੂੰ ਸਰਕਾਰ ਵੱਲੋਂ 4 ਲੱਖ ਰੁਪਏ ਦੀ ਸਹਾਇਤਾ ਰਕਮ ਦਾ ਚੈਕ ਪ੍ਰਦਾਨ ਕੀਤਾ ਅਤੇ ਪੀੜਤ ਪਰਿਵਾਰ ਦੇ ਪ੍ਰਤੀ ਆਪਣੀ ਸੰਵੇਦਨਾ ਵਿਅਕਤ ਕੀਤੀ। ਉਨ੍ਹਾਂ ਨੇ ਕਿਹਾ ਕਿ ਉਹ ਲਗਾਤਾਰ ਆਪਣੇ ਖੇਤਰ ਦੇ ਪਿੰਡਾਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੇ ਹਾਲਾਤ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਜਲਭਰਾਵ ਤੇ ਬਰਸਾਤ ਨਾਲ ਹੋਏ ਨੁਕਸਾਨ ਦੀ ਸਮੀਖਿਆ ਕੀਤੀ ਜਾ ਸਕੇ। ਉਨ੍ਹਾਂ ਨੇ ਇਹ ਵੀ ਦਸਿਆ ਕਿ ਮੁੱਖ ਮੰਤਰੀ ਨੇ ਉਨ੍ਹਾਂ ਕਿਸਾਨਾਂ ਲਹੀ ਵੀ ਰਾਹਤ ਦਾ ਐਲਾਨ ਕੀਤਾ ਹੈ ਜਿਨ੍ਹਾਂ ਦੀ ਫਸਲ ਬਰਸਾਤੀ ਪਾਣੀ ਕਾਰਨ ਖਰਾਬ ਹੋ ਗਈ ਹੈ। ਉਨ੍ਹਾਂ ਕਿਸਾਨਾਂ ਨੂੰ ਘਬਰਾਉਣ ਦੀ ਜਰੂਰਤ ਨਹੀਂ ਹੈ ਅਤੇ ਸੂਬਾ ਸਰਕਾਰ ਕਿਸਾਨਾਂ ਦੀ ਮਦਦ ਲਈ ਹਰਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਵੱਧ ਬਰਸਾਤ ਹੋਣ ਦੇ ਕਾਰਨ ਜਿਲ੍ਹਾ ਦੇ ਵੱਖ-ਵੱਖ ਥਾਵਾਂ 'ਤੇ ਜਲਭਰਾਵ ਦੀ ਸਥਿਤੀ ਬਣੀ ਹੋਈ ਸੀ। ਜਿਸ ਦੀ ਵਜ?ਹਾ ਨਾਲ ਫਸਲਾਂ ਅਤੇ ਮਕਾਨਾਂ ਨੂੰ ਕਾਫੀ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਅਜਿਹੇ ਸਾਰੇ ਕਿਸਾਨ ਆਪਣੇ ਨੁਕਸਾਨ ਦੀ ਭਰਪਾਈ ਲਈ ਸ਼ਤੀਪੂਰਤੀ ਪੋਰਟਲ 'ਤੇ ਆਪਣੇ ਫਸਲ ਖਰਾਬੇ ਦੀ ਰਜਿਸਟ?ਰੇਸ਼ਣ 15 ਸਤੰਬਰ, 2025 ਤੱਕ ਕਰਵਾ ਸਕਦੇ ਹਨ। ਉਨ੍ਹਾਂ ਨੈ ਕਿਸਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਵੀ ਕਿਸਾਨਾਂ ਦੀ ਫਸਲਾਂ ਦਾ ਨੁਕਸਾਨ ਹੋਇਆ ਹੈ ਉਹ ਜਲਦੀ ਤੋਂ ਜਲਦੀ ਸ਼ਤੀਪੂਰਤੀ ਪੋਰਅਲ 'ਤੇ ਆਪਣਾ ਰਜਿਸਟ?ਰੇਸ਼ਣ ਕਰਵਾਉਣ ਤਾਂ ਜੋ ਫਸਲ ਵਿੱਚ ਹੋਏ ਨੁਕਸਾਨ ਦੀ ਸਮੀਖਿਆ ਕਰ ਉਸ ਦੇ ਫਸਲ ਨੁਕਸਾਨ ਦੀ ਭਰਪਾਈ ਕੀਤੀ ਜਾ ਸਕੇ ਤਾਂ ਜੋ ਮੁਆਵਜ਼ਾ ਯਕੀਨੀ ਕੀਤਾ ਜਾ ਸਕੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜੀ ਹੈ ਅਤੇ ਕਿਸਾਨਹਿੱਤ ਵਿੱਚ ਅੱਗੇ ਵੀ ਕੰਮ ਕਰਦੀ ਰਹੇਗੀ। ਉਨ੍ਹਾਂ ਨੇ ਕਿਹਾ ਕਿ ਬਰਸਾਤੀ ਪਾਣੀ ਕਾਰਨ ਜਿਲ੍ਹਾ ਦੇ ਵੱਖ-ਵੱਖ ਥਾਵਾਂ 'ਤੇ ਜਲਭਰਾਵ ਦੇ ਹਾਲਾਤ ਪੈਦਾ ਹੋਣ ਨਾਲ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਪਰ ਹੁਣ ਸਥਿਤੀ ਪੂਰੀ ਤਰ੍ਹਾ ਨਾਲ ਆਮ ਹੈ। ਇਸੀ ਲੜੀ ਵਿੱਚ ਸੂਬੇ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਾਰੇ ਵਿਧਾਇਕਾਂ ਅਤੇ ਮੰਤਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਜਲਭਰਾਵ ਵਾਲੇ ਥਾਂਵਾਂ 'ਤੇ ਜਾਣ ਅਤੇ ਲੋਕਾਂ ਨਾਲ ਸੰਪਰਕ ਕਰਨ। ਖੇਤੀਬਾੜੀ ਮੰਤਰੀ ਨੇ ਦਸਿਆ ਕਿ ਇਸ ਤੋਂ ਪਹਿਲਾਂ ਵੀ ਉਹ ਰਾਦੌਰ ਸਬ-ਡਿਵੀਜਨ ਦੇ ਵੱਖ-ਵੱਖ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਨਾਲ ਰੁਬਰੂ ਹੋਏ ਅਤੇ ਬਰਸਾਤ ਦੀ ਵਜ?ਹਾ ਨਾਲ ਜਿਨ੍ਹਾਂ ਪਰਿਵਾਰਾਂ ਦੇ ਮਕਾਨਾਂ ਨੂੰ ਨੁਕਸਾਨ ਪਹੁੰਚਿਆ ਹੈ ਉਨ੍ਹਾਂ ਨੇ ਖੁਦ ਇਨ੍ਹਾਂ ਗਰੀਬ ਪਰਿਵਾਰਾਂ ਦੇ ਨੁਕਸਾਨ ਹੋਏ ਮਕਾਨਾਂ ਦਾ ਨਿਰੀਖਣ ਕੀਤਾ ਅਤੇ ਪੀੜੀਤਾਂ ਨੂੰ ਭਰੋਸਾ ਦਿੱਤਾ ਕਿ ਜਲਦੀ ਤੋਂ ਜਲਦੀ ਉਨ੍ਹਾਂ ਨੂੰ ਸਰਕਾਰ ਵੱਲੋਂ ਆਰਥਕ ਸਹਾਇਤਾ ਉਪਲਬਧ ਕਰਵਾਈ ਜਾਵੇਗੀ।

## ਘਰ 'ਚ ਇਕੱਲੀ ਸੀ ਸਹੇਲੀ, ਮਿਲਣ ਗਏ ਮੁੰਡੇ ਦੀ ਮੌਤ ; ਇਸ ਹਾਲ 'ਚ ਮਿਲੀ ਕੁੜੀ

ਨੈਸ਼ਨਲ ਡੈਸਕ 26 ਸਤੰਬਰ। ਯੂਪੀ ਦੇ ਕਾਸਗੰਜ ਜ਼ਿਲ੍ਹੇ ਦੇ ਢੋਲਨਾ ਥਾਣਾ ਖੇਤਰ ਦੇ ਪਿੰਡ ਰਹਮਤਪੁਰ ਮਾਫ਼ੀ ਵਿੱਚ ਇੱਕ ਨੌਜਵਾਨ ਦੀ ਲਾਸ਼ ਮਿਲਣ ਨਾਲ ਹੜਕੰਪ ਮਚ ਗਿਆ। ਲੋਕੇਂਦਰ (24) ਪੁੱਤਰ ਰਮੇਸ਼, ਜੋ ਕਿ ਬੀਐੱਸਸੀ ਦਾ ਵਿਦਿਆਰਥੀ ਸੀ ਅਤੇ ਵਿਆਹ ਸਮਾਗਮਾਂ 'ਚ ਸਟੇਜ ਸਜਾਉਣ ਦਾ ਕੰਮ ਕਰਦਾ ਸੀ। ਲੋਕੇਂਦਰ ਦੀ ਲਾਸ਼ ਉਸਦੀ ਪ੍ਰੇਮਿਕਾ ਦੇ ਘਰ ਤੋਂ ਬਰਾਮਦ ਹੋਈ। ਪਰਿਵਾਰ ਦਾ ਕਹਿਣਾ ਹੈ ਕਿ ਜਦੋਂ ਉਨ੍ਹਾਂ ਨੂੰ ਸੂਚਨਾ ਮਿਲੀ ਅਤੇ ਉਹ ਮੌਕੇ 'ਤੇ ਪਹੁੰਚੇ ਤਾਂ ਪ੍ਰੇਮਿਕਾ ਉਸਦੀ ਲਾਸ਼ ਦੇ ਕੋਲ ਬੈਠੀ ਮਿਲੀ। ਇਸ ਦੌਰਾਨ ਮੌਕੇ 'ਤੇ ਮੌਜੂਦ ਲੋਕਾਂ ਵਿਚਕਾਰ ਵਿਵਾਦ ਦੀ ਸਥਿਤੀ ਬਣ ਗਈ, ਜਿਸ ਤੋਂ ਬਾਅਦ ਪੁਲਸ ਨੇ ਪ੍ਰੇਮਿਕਾ ਨੂੰ ਉੱਥੋਂ ਹਟਾਇਆ। ਘਰ ਵਿੱਚ ਪ੍ਰੇਮਿਕਾ, ਉਸਦਾ ਭਰਾ ਅਤੇ ਮਾਂ ਰਹਿੰਦੇ ਸਨ, ਜਦੋਂ ਕਿ ਪਿਤਾ ਦਾ ਕੋਰੋਨਾ ਦੌਰਾਨ ਦਿਹਾਂਤ ਹੋ ਚੁੱਕਾ ਹੈ। ਘਟਨਾ ਤੋਂ ਬਾਅਦ ਪ੍ਰੇਮਿਕਾ ਦਾ ਪਰਿਵਾਰ ਘਰ 'ਤੇ ਤਾਲਾ ਲਗਾ ਕੇ ਫਰਾਰ ਹੋ ਗਿਆ। ਲੋਕੇਂਦਰ ਦੇ ਭਰਾ ਕੁੰਵਰ ਪ੍ਰਕਾਸ਼ ਨੇ ਦੱਸਿਆ ਕਿ ਸ਼ੁੱਕਰਵਾਰ ਸਵੇਰੇ ਕਰੀਬ 11 ਵਜੇ ਪ੍ਰੇਮਿਕਾ ਨੇ ਉਸਨੂੰ ਘਰ ਬੁਲਾਇਆ ਸੀ। ਦੁਪਹਿਰ ਕਰੀਬ 12 ਵਜੇ ਪ੍ਰੇਮਿਕਾ ਨੇ ਹੀ ਫ਼ੋਨ ਕਰ ਕੇ ਜਾਣਕਾਰੀ ਦਿੱਤੀ ਕਿ ਲੋਕੇਂਦਰ ਨੇ ਘਰ ਵਿੱਚ ਫਾਹਾ ਲਗਾ ਕੇ ਖੁਦਕੁਸ਼ੀ ਕਰ ਲਈ ਹੈ। ਫੋਰੈਂਸਿਕ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਬੂਤ ਇਕੱਠੇ ਕੀਤੇ। ਸੀਓ ਸਦਰ ਆਂਚਲ ਚੌਹਾਨ ਨੇ ਮੌਕੇ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਸਰੀਰ 'ਤੇ ਕੋਈ ਬਾਹਰੀ ਸੱਟ ਦੇ ਨਿਸ਼ਾਨ ਨਹੀਂ ਮਿਲੇ। ਮੌਤ ਦਾ ਕਾਰਨ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸਪੱਸ਼ਟ ਹੋਵੇਗਾ। ਇਸ ਮਾਮਲੇ ਵਿੱਚ ਲੋਕੇਂਦਰ ਦੇ ਪਰਿਵਾਰ ਨੇ ਪ੍ਰੇਮਿਕਾ ਅਤੇ ਉਸਦੇ ਪਰਿਵਾਰਕ ਮੈਂਬਰਾਂ 'ਤੇ ਕਤਲ ਦਾ ਦੋਸ਼ ਲਗਾਇਆ ਹੈ। ਹਾਲਾਂਕਿ ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੋਸਟਮਾਰਟਮ ਰਿਪੋਰਟ ਦੇ ਆਧਾਰ 'ਤੇ ਅੱਗੇ ਵਧਾਈ ਜਾਵੇਗੀ।

## ਇੱਕ ਦਿਨ 'ਚ ਤੁਹਾਡੇ ਵਾਹਨ ਦੇ ਕਿੰਨੇ ਹੋ ਸਕਦੇ ਹਨ ਚਲਾਨ, ਜਾਣ ਲਓ ਟ੍ਰੈਫਿਕ ਨਿਯਮ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 26 ਸਤੰਬਰ। ਦੇਸ਼ ਵਿੱਚ ਆਬਾਦੀ ਦੇ ਨਾਲ-ਨਾਲ ਸੜਕਾਂ 'ਤੇ ਵਾਹਨਾਂ ਦੀ ਗਿਣਤੀ ਵੀ ਲਗਾਤਾਰ ਵੱਧ ਰਹੀ ਹੈ। ਹਰ ਕੋਈ ਕਾਹਲੀ ਵਿੱਚ ਹੈ, ਕਿਸੇ ਨੂੰ ਦਫ਼ਤਰ ਪਹੁੰਚਣਾ ਪੈਂਦਾ ਹੈ, ਕਿਸੇ ਨੂੰ ਸਕੂਲ ਜਾਂ ਕਾਰੋਬਾਰ ਲਈ ਨਿਕਲਣਾ ਪੈਂਦਾ ਹੈ। ਇਸ ਕਾਹਲੀ ਵਿੱਚ ਲੋਕ ਟ੍ਰੈਫਿਕ ਨਿਯਮਾਂ ਨੂੰ ਨਜ਼ਰਅੰਦਾਜ਼ ਕਰਦੇ ਹਨ। ਕਈ ਵਾਰ ਲੋਕ ਜਾਣਬੁੱਝ ਕੇ ਨਿਯਮਾਂ ਨੂੰ ਤੋੜਦੇ ਹਨ, ਜਦੋਂਕਿ ਕੁਝ ਲੋਕਾਂ ਨੂੰ ਇਹ ਵੀ ਨਹੀਂ ਪਤਾ ਹੁੰਦਾ ਕਿ ਨਿਯਮਾਂ ਨੂੰ ਤੋੜਨ 'ਤੇ ਕਿੰਨਾ ਚਲਾਨ ਹੋ ਸਕਦਾ ਹੈ ਜਾਂ ਇੱਕ ਦਿਨ ਵਿੱਚ ਕਿੰਨੀ ਵਾਰ ਚਲਾਨ ਜਾਰੀ ਕੀਤਾ ਜਾ ਸਕਦਾ ਹੈ। ਆਓ ਜਾਣਦੇ ਹਾਂ ਇਸ ਨਾਲ ਜੁੜੀ ਮਹੱਤਵਪੂਰਨ ਜਾਣਕਾਰੀ। ਅਕਸਰ ਲੋਕ ਮੰਨਦੇ ਹਨ ਕਿ ਜੇਕਰ ਇੱਕ ਦਿਨ ਵਿੱਚ ਇੱਕ ਵਾਰ ਚਲਾਨ ਕੱਟਿਆ ਜਾਂਦਾ ਹੈ ਤਾਂ ਉਸੇ ਦਿਨ ਦੁਬਾਰਾ ਚਲਾਨ ਕੱਟਿਆ ਨਹੀਂ ਜਾਵੇਗਾ, ਪਰ ਇਹ ਵਿਸ਼ਵਾਸ ਗਲਤ ਹੈ। ਮੋਟਰ ਵਾਹਨ ਐਕਟ ਅਨੁਸਾਰ, ਇਹ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਤੁਸੀਂ ਕਿਹੜਾ ਨਿਯਮ ਤੋੜਿਆ ਹੈ। ਕੁਝ ਨਿਯਮ ਹਨ, ਜਿਨ੍ਹਾਂ ਦੀ ਉਲੰਘਣਾ ਕਰਨ 'ਤੇ ਹਰ ਵਾਰ ਚਲਾਨ ਕੱਟਿਆ ਜਾ ਸਕਦਾ ਹੈ, ਜਦੋਂਕਿ ਕੁਝ ਮਾਮਲਿਆਂ ਵਿੱਚ ਇੱਕ ਦਿਨ ਵਿੱਚ ਇੱਕ ਵਾਰ ਚਲਾਨ ਕੱਟਿਆ ਜਾਂਦਾ ਹੈ। ਜੇਕਰ ਤੁਸੀਂ ਨਿਰਧਾਰਤ ਸੀਮਾ ਤੋਂ ਵੱਧ ਗਤੀ ਨਾਲ ਗੱਡੀ ਚਲਾਉਂਦੇ ਹੋ, ਤਾਂ ਇਹ ਨਿਯਮ ਦੀ ਉਲੰਘਣਾ ਹੈ। ਜੇਕਰ ਤੁਸੀਂ ਇਸ ਨਿਯਮ ਨੂੰ ਤੋੜਦੇ ਹੋ ਤਾਂ ਤੁਹਾਨੂੰ ਹਰ ਵਾਰ ਚਲਾਨ ਜਾਰੀ ਕੀਤਾ ਜਾਵੇਗਾ। ਉਦਾਹਰਣ: ਤੁਸੀਂ ਇੱਕ ਵਾਰ ਗਤੀ ਸੀਮਾ ਪਾਰ ਕੀਤੀ, ਤਾਂ ਤੁਹਾਨੂੰ ਇੱਕ ਚਲਾਨ ਜਾਰੀ ਕੀਤਾ ਜਾਵੇਗਾ; ਜੇਕਰ ਤੁਸੀਂ ਕੁਝ ਕਿਲੋਮੀਟਰ ਬਾਅਦ ਦੁਬਾਰਾ ਗਤੀ ਸੀਮਾ ਤੋੜਦੇ ਹੋ ਤਾਂ ਤੁਹਾਨੂੰ ਦੁਬਾਰਾ ਚਲਾਨ ਜਾਰੀ ਕੀਤਾ ਜਾਵੇਗਾ। ਜੇਕਰ ਤੁਸੀਂ ਟ੍ਰੈਫਿਕ ਸਿਗਨਲ ਤੋੜਦੇ ਹੋ ਤਾਂ ਤੁਹਾਨੂੰ ਹਰ ਵਾਰ ਚਲਾਨ ਜਾਰੀ ਕੀਤਾ ਜਾ ਸਕਦਾ ਹੈ। ਜੇਕਰ ਤੁਸੀਂ ਇੱਕ ਚੌਰਾਹੇ 'ਤੇ ਲਾਲ ਬੱਤੀ ਜੰਪ ਕਰਦੇ ਹੋ ਅਤੇ ਫਿਰ ਅਗਲੇ ਚੌਰਾਹੇ 'ਤੇ ਉਹੀ ਗਲਤੀ ਕਰਦੇ ਹੋ ਤਾਂ ਦੋ ਵੱਖ-ਵੱਖ ਚਲਾਨ ਜਾਰੀ ਕੀਤੇ ਜਾਣਗੇ। ਗਲਤ ਪਾਸੇ ਗੱਡੀ ਚਲਾਉਣਾ ਨਿਯਮਾਂ ਦੀ ਗੰਭੀਰ ਉਲੰਘਣਾ ਹੈ। ਇਹ ਦੁਰਘਟਨਾਵਾਂ ਦਾ ਕਾਰਨ ਬਣ ਸਕਦਾ ਹੈ ਅਤੇ ਇਸ ਗਲਤੀ ਲਈ ਹਰ ਵਾਰ ਚਲਾਨ ਜਾਰੀ ਕੀਤਾ ਜਾ ਸਕਦਾ ਹੈ। ਜੇਕਰ ਤੁਸੀਂ ਬਿਨਾਂ ਹੈਲਮੇਟ ਦੇ ਦੋਪਹੀਆ ਵਾਹਨ ਚਲਾ ਰਹੇ ਹੋ ਅਤੇ ਇੱਕ ਵਾਰ ਫੜੇ ਜਾਂਦੇ ਹੋ ਤਾਂ ਤੁਹਾਨੂੰ ਉਸ ਦਿਨ ਦੁਬਾਰਾ ਉਸੇ ਗਲਤੀ ਲਈ ਚਲਾਨ ਨਹੀਂ ਜਾਰੀ ਕੀਤਾ ਜਾਵੇਗਾ। ਉਦਾਹਰਣ: ਜੇਕਰ ਸਵੇਰੇ ਚਲਾਨ ਜਾਰੀ ਕੀਤਾ ਜਾਂਦਾ ਹੈ ਤਾਂ ਜੇਕਰ ਤੁਸੀਂ ਸ਼ਾਮ ਨੂੰ ਦੁਬਾਰਾ ਹੈਲਮੇਟ ਦੇ ਬਿਨਾਂ ਫੜੇ ਜਾਂਦੇ ਹੋ ਤਾਂ ਕੋਈ ਚਲਾਨ ਜਾਰੀ ਨਹੀਂ ਕੀਤਾ ਜਾਵੇਗਾ। ਹੁਣ ਦੇਸ਼ ਭਰ ਦੇ ਮੁੱਖ ਚੌਰਾਹਿਆਂ ਅਤੇ ਸਿਗਨਲਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ। ਅਜਿਹੀ ਸਥਿਤੀ ਵਿੱਚ ਜੇਕਰ ਤੁਸੀਂ ਕੋਈ ਟ?ਰੈਫਿਕ ਨਿਯਮ ਤੋੜਦੇ ਹੋ ਤਾਂ ਤੁਹਾਡੇ ਵਾਹਨ ਦਾ ਨੰਬਰ ਕੈਮਰੇ ਵਿੱਚ ਰਿਕਾਰਡ ਹੋ ਜਾਂਦਾ ਹੈ ਅਤੇ ਥੋੜ੍ਹੇ ਸਮੇਂ ਵਿੱਚ ਹੀ ਤੁਹਾਡੇ ਮੋਬਾਈਲ ਜਾਂ ਘਰ 'ਤੇ ਇੱਕ ਈ-ਚਲਾਨ ਭੇਜਿਆ ਜਾਂਦਾ ਹੈ।

## ਮੀਂਹ ਤੇ ਹੜ੍ਹਾਂ ਵਿਚਾਲੇ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਵੱਡਾ ਫ਼ੈਸਲਾ, ਵਿਦਿਆਰਥੀਆਂ ਲਈ ਕਰ 'ਤਾ ਐਲਾਨ

ਲੁਧਿਆਣਾ 26 ਸਤੰਬਰ। ਪੰਜਾਬ 'ਚ ਹੜ੍ਹਾਂ ਅਤੇ ਖ਼ਰਾਬ ਮੌਸਮ ਦੀ ਸੰਭਾਵਨਾ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਸਾਰੇ ਸਕੂਲਾਂ 'ਚ 14 ਸਤੰਬਰ




ਤੱਕ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਇਸ ਦੇ ਨਾਲ ਹੀ ਪੰਜਾਬ ਸਕੂਲ ਸਿੱਖਿਆ ਬੋਰਡ (ਪੀ. ਐੱਸ. ਈ. ਬੀ.) ਵਲੋਂ ਦਾਖ਼ਲੇ ਅਤੇ ਰਜਿਸਟ?ਰੇਸ਼ਨ ਦੀਆਂ ਤਾਰੀਖ਼ਾਂ ਵੀ ਬਦਲ ਦਿੱਤੀਆਂ ਗਈਆਂ ਹਨ। ਇਸ ਸਬੰਧ 'ਚ ਜਾਣਕਾਰੀ ਦਿੰਦੇ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਮੌਜੂਦਾ ਸਥਿਤੀ ਨੂੰ ਧਿਆਨ 'ਚ ਰੱਖਦੇ ਹੋਏ 8ਵੀਂ ਤੋਂ 12ਵੀਂ ਜਮਾਤ ਤੱਕ ਦੇ ਦਾਖ਼ਲਿਆਂ ਦੀਆਂ ਆਖ਼ਰੀ ਤਾਰੀਖ਼ਾਂ ਵੀ ਬਦਲ ਦਿੱਤੀਆਂ ਗਈਆਂ ਹਨ। ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਿਤ ਸਰਕਾਰੀ, ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਐਸੋਸੀਏਟਿਡ ਸਕੂਲਾਂ ਦੇ ਵਿਦਿਆਰਥੀਆਂ ਲਈ ਅਕਾਦਮਿਕ ਸੈਸ਼ਨ 2025-26 'ਚ 8ਵੀਂ ਤੋਂ 12ਵੀਂ ਜਮਾਤ ਤੱਕ ਦੇ ਨਿਯਮਤ ਦਾਖ਼ਲਿਆਂ ਦੀ ਆਖ਼ਰੀ ਮਿਤੀ 29 ਅਗਸਤ ਤੋਂ ਵਧਾ ਕੇ 14 ਸਤੰਬਰ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ, ਰਜਿਸਟ?ਰੇਸ਼ਨ ਅਤੇ ਨਿਰੰਤਰਤਾ ਦੀ ਆਖ਼ਰੀ ਮਿਤੀ ਜੋ ਪਹਿਲਾਂ 14 ਸਤੰਬਰ ਨਿਰਧਾਰਿਤ ਕੀਤੀ ਗਈ ਸੀ, ਹੁਣ 114 ਸਤੰਬਰ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ 'ਚ ਰੱਖਦੇ ਹੋਏ ਚੁੱਕਿਆ ਗਿਆ ਹੈ, ਤਾਂ ਜੋ ਮੌਸਮ ਅਤੇ ਹਾਲਾਤ ਤੋਂ ਪ੍ਰਭਾਵਿਤ ਕੋਈ ਵੀ ਵਿਦਿਆਰਥੀ ਆਪਣੀ ਪੜ੍ਹਾਈ ਅਤੇ ਦਾਖ਼ਲੇ ਤੋਂ ਵਾਂਝਾ ਨਾ ਰਹੇ।

## ਮੋਗਾ ਦੇ ਇਹ ਪਿੰਡ ਸਤਲੁਜ ਦੀ ਚਪੇਟ ਆਏ, ਘਰਾਂ 'ਚ 5-5 ਫੁੱਟ ਭਰਿਆ ਪਾਣੀ

ਮੋਗਾ 26 ਸਤੰਬਰ। ਮੋਗਾ ਜ਼ਿਲ੍ਹੇ ਦੇ ਧਰਮਕੋਟ ਹਲਕੇ ਨਾਲ ਲੱਗਦੇ 6



ਪਿੰਡ ਸਤਲੁਜ ਦਰਿਆ ਦੀ ਚਪੇਟ ਵਿਚ ਆਏ ਹਨ। ਇਨ੍ਹਾਂ ਵਿਚ ਸੰਘੇੜਾ, ਕਮਭੋਖੁਰਦ ਸਮੇਤ ਕਈ ਪਿੰਡ ਸ਼ਾਮਲ ਹਨ। ਇਥੇ ਕਈ ਘਰਾਂ ਵਿਚ 5-5 ਫੁੱਟ ਤੱਕ ਪਾਣੀ ਭਰ ਗਿਆ ਹੈ। ਸਰਕਾਰ ਵੱਲੋਂ ਕੁਝ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਇਆ ਗਿਆ ਹੈ, ਜਦਕਿ ਕਈ ਪਰਿਵਾਰ ਅਜੇ ਵੀ ਘਰਾਂ ਦੀਆਂ ਛੱਤਾਂ ਉੱਤੇ ਬੈਠੇ ਹਨ। ਇਸ ਦੌਰਾਨ ਇਲਾਕੇ 'ਚ ਅੱਜ ਵੀ ਮੀਂਹ ਪੈ ਰਿਹਾ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਉਨ੍ਹਾਂ ਨੂੰ ਰਾਸ਼ਨ ਦਿੱਤਾ ਜਾ ਰਿਹਾ ਹੈ ਅਤੇ ਆਧਾਰ ਕਾਰਡ ਤੇ ਰਾਸ਼ਨ ਕਾਰਡ ਦੇਖੇ ਜਾ ਰਹੇ ਹਨ। ਇਸ ਵਿਚਾਲੇ ਬਾਲੀਵੁੱਡ ਅਦਾਕਾਰ ਸੋਨੂੰ ਸੂਦ ਦੀ ਭੈਣ ਮਾਲਵਿਕਾ ਸੂਦ ਵੀ ਹੜ੍ਹ ਪੀੜਤਾਂ ਦੀ ਮਦਦ ਲਈ ਮੈਦਾਨ ਵਿਚ ਉਤਰੀ ਹੈ। ਇਹ ਵੀ ਦੱਸਣਯੋਗ ਹੈ ਕਿ ਸੋਨੂੰ ਸੂਦ ਨੇ ਲਾਈਵ ਹੋ ਕੇ ਕਿਹਾ ਸੀ ਕਿ ਉਹ ਹਮੇਸ਼ਾ ਪੰਜਾਬ ਦੇ ਨਾਲ ਖੜ੍ਹੇ ਹਨ ਅਤੇ ਹੁਣ ਜਦੋਂ ਪੰਜਾਬ ਹੜ੍ਹ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਹੈ ਤਾਂ ਉਹ ਅਤੇ ਉਸ ਦੀ ਭੈਣ ਮੁੜ ਸੇਵਾ ਲਈ ਹਾਜ਼ਰ ਹਨ। ਮਾਲਵਿਕਾ ਸੂਦ ਨੇ ਧਰਮਕੋਟ ਨਾਲ ਲੱਗਦੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਰਾਹਤ ਸਮੱਗਰੀ ਵੰਡਦੇ ਹੋਏ ਕਿਹਾ ਕਿ ਮੋਗਾ ਤੋਂ ਇਹ ਸੇਵਾ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਸਾਰੇ ਪੰਜਾਬ ਵਿਚ ਰਾਹਤ ਪਹੁੰਚਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜਦੋਂ ਹਾਲਾਤ ਠੀਕ ਹੋ ਜਾਣਗੇ, ਉਸ ਤੋਂ ਬਾਅਦ ਵੀ ਇਨ੍ਹਾਂ ਪਰਿਵਾਰਾਂ ਨੂੰ ਦੁਬਾਰਾ ਖੜ੍ਹੇ ਹੋਣ ਲਈ ਪੂਰਾ ਸਹਿਯੋਗ ਦਿੱਤਾ ਜਾਵੇਗਾ।

## ਲੁਧਿਆਣਾ 'ਚ ਔਰਤ ਦਾ ਕਤਲ ! ਛੱਪੜ ਕੰਢੇ ਸੁੱਟੀ ਲਾਸ਼

ਲੁਧਿਆਣਾ 26 ਸਤੰਬਰ। ਪੁਲਸ ਨੇ ਲਾਡੋਵਾਲ ਪੁਲਸ ਸਟੇਸ਼ਨ ਅਧੀਨ ਹਾਰਡੀ ਵਰਲਡ ਨੇੜੇ ਛੱਪੜ ਦੇ ਕੰਢਿਓਂ ਇਕ ਅਣਪਛਾਤੀ ਔਰਤ ਦੀ ਲਾਸ਼ ਬਰਾਮਦ ਕੀਤੀ ਹੈ। ਜਾਂਚ ਅਧਿਕਾਰੀ ਥਾਣੇਦਾਰ ਦਲਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਕਿ ਰੇਲਵੇ ਲਾਈਨਾਂ ਨੇੜੇ ਛੱਪੜ ਕੋਲ ਇਕ ਔਰਤ ਦੀ ਲਾਸ਼ ਪਈ ਹੈ। ਸੂਚਨਾ ਮਿਲਣ ਤੋਂ ਬਾਅਦ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਮ੍ਰਿਤਕ ਔਰਤ ਦੀ ਲਾਸ਼ ਨੂੰ ਆਪਣੇ ਕਬਜ਼ੇ 'ਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਔਰਤ ਦੀ ਉਮਰ ਲਗਭਗ 30-35 ਸਾਲ ਜਾਪਦੀ ਹੈ ਅਤੇ ਮ੍ਰਿਤਕ ਔਰਤ ਦੀ ਬਾਂਹ 'ਤੇ ਹਿੰਦੀ 'ਚ ਜੰਥੋਨੀ ਨਾਂ ਲਿਖਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼ੱਕ ਹੈ ਕਿ ਮ੍ਰਿਤਕ ਔਰਤ ਦਾ ਕਤਲ ਕਿਸੇ ਹੋਰ ਜਗ?ਹਾ 'ਤੇ ਕੀਤਾ ਗਿਆ ਹੈ ਅਤੇ ਲਾਸ਼ ਇਸ ਜਗ?ਹਾ 'ਤੇ ਸੁੱਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਮ੍ਰਿਤਕ ਔਰਤ ਦੀ ਪਛਾਣ ਨਹੀਂ ਹੋ ਸਕੀ, ਕਿਉਂਕਿ ਮ੍ਰਿਤਕ ਔਰਤ ਕੋਲੋਂ ਕੋਈ ਪਛਾਣ ਪੱਤਰ ਨਹੀਂ ਮਿਲਿਆ। ਸ਼ੱਕ ਹੈ ਕਿ ਇਸ ਦਾ ਕਤਲ ਕੀਤਾ ਗਿਆ ਹੈ। ਫਿਲਹਾਲ ਪੁਲਸ ਨੇ ਮ੍ਰਿਤਕ ਔਰਤ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ 'ਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬਾਕੀ ਕਾਰਵਾਈ ਮ੍ਰਿਤਕ ਔਰਤ ਦੀ ਲਾਸ਼ ਦਾ ਪੋਸਟਮਾਰਟਮ ਕਰਨ ਤੋਂ ਬਾਅਦ ਕੀਤੀ ਜਾਵੇਗੀ।

## ਰਾਸ਼ਟਰੀ ਲੋਕ ਅਦਾਲਤ 'ਚ 415 ਕੇਸਾਂ ਦਾ ਨਿਪਟਾਰਾ, ਕਰੀਬ 35 ਕਰੋੜ ਦੀ ਰਿਕਵਰੀ

ਅਬੋਹਰ 26 ਸਤੰਬਰ। ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੇ ਮੁੱਖ ਜੱਜ ਨੇ ਪੰਜਾਬ ਅਤੇ ਹਰਿਆਣਾ 'ਚ ਰਾਸ਼ਟਰੀ ਲੋਕ ਅਦਾਲਤ ਲਗਾਉਣ ਅਤੇ ਲੋਕਾਂ ਦੇ ਮਾਮਲਿਆਂ ਦਾ ਆਪਸੀ ਭਾਈਚਾਰੇ ਨਾਲ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੇ ਸੀਨੀਅਰ ਸੈਸ਼ਨ ਜੱਜ ਅਵਤਾਰ ਸਿੰਘ ਦੀ ਅਗਵਾਈ ਹੇਠ ਸਥਾਨਕ ਸਬ-ਡਵੀਜ਼ਨ 'ਚ ਤਿੰਨ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ 'ਚ 415 ਕੇਸਾਂ ਦਾ ਮੌਕੇ 'ਤੇ ਹੀ ਫ਼ੈਸਲਾ ਕੀਤਾ ਗਿਆ ਅਤੇ ਕਰੀਬ 35 ਕਰੋੜ ਦੀ ਰਿਕਵਰੀ ਕੀਤੀ ਗਈ। ਜੁਡੀਸ਼ੀਅਲ ਮੈਜਿਸਟ?ਰੇਟ ਸਤੀਸ਼ ਕੁਮਾਰ ਸ਼ਰਮਾ ਦੀ ਅਦਾਲਤ 'ਚ ਅਨੰਤਬੀਰ ਹੇਅਰ, ਸਮਾਜ ਸੇਵਕ ਰਵੀ ਕਾਂਤ, ਰੀਡਰ ਕਮਲ ਗਰਗ ਮੌਜੂਦ ਸਨ। ਇਸ ਅਦਾਲਤ 'ਚ 154 ਕੇਸ ਰੱਖੇ ਗਏ। ਜਿਸ 'ਚ 84 ਕੇਸਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ ਅਤੇ ਕਰੀਬ 32 ਕਰੋੜ ਦੀ ਰਿਕਵਰੀ ਕੀਤੀ ਗਈ। ਜੁਡੀਸ਼ੀਅਲ ਮੈਜਿਸਟ?ਰੇਟ ਜਗਵਿੰਦਰ ਸਿੰਘ ਦੀ ਅਦਾਲਤ 'ਚ ਐਡਵੋਕੇਟ ਜੈਦਿਆਲ ਕਾਂਟੀਵਾਲ, ਸਮਾਜ ਸੇਵਕ ਸੰਜੇ ਗੋਇਲ ਦੀ ਹਾਜ਼ਰੀ 'ਚ 190 ਕੇਸ ਰੱਖੇ ਗਏ। ਜਿਨ੍ਹਾਂ ਵਿੱਚੋਂ 112 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 1 ਕਰੋੜ 38 ਲੱਖ ਰੁਪਏ ਦੀ ਵਸੂਲੀ ਕੀਤੀ ਗਈ। ਜੁਡੀਸ਼ੀਅਲ ਮੈਜਿਸਟ?ਰੇਟ ਸੁਖਮਨਦੀਪ ਸਿੰਘ ਦੀ ਅਦਾਲਤ ਵਿੱਚ ਐਡਵੋਕੇਟ ਮੈਡਮ ਰੀਆ ਸੋਨੀ, ਨਰਸੇਵਾ ਨਾਰਾਇਣ ਸੇਵਾ ਪ੍ਰਧਾਨ ਰਾਜੂ ਚਰਾਇਆ ਦੀ ਹਾਜ਼ਰੀ ਵਿੱਚ 219 ਦੇ ਕਰੀਬ ਮਾਮਲੇ ਰੱਖੇ ਗਏ। ਜਿਨ੍ਹਾਂ ਵਿੱਚੋਂ ਕਰੀਬ 200 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 2 ਕਰੋੜ 10 ਲੱਖ ਰੁਪਏ ਦੀ ਵਸੂਲੀ ਕੀਤੀ ਗਈ।

## ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਹੜ੍ਹ ਪੀੜਤਾਂ ਲਈ ਵੱਡਾ ਐਲਾਨ

ਕੌਮੀ ਪਤ੍ਰਿਕਾ

ਸੰਗਰੂਰ, 26 ਸਤੰਬਰ। ਕਲਗੀਧਰ ਟਰੱਸਟ ਗੁਰਦਵਾਰਾ ਬੜੂ ਸਾਹਿਬ ਹਿਮਾਚਲ ਪ੍ਰਦੇਸ਼ ਵੱਲੋਂ ਹਰ ਵਾਰ ਦੀ ਤਰ੍ਹਾਂ ਕੁਦਰਤੀ ਆਫਤਾਂ ਨੂੰ ਨਜਿੱਠਣ ਲਈ ਅਕਾਲ ਸੇਵਾ ਟੀਮਾਂ ਨੂੰ ਭੇਜਣ ਦਾ 26 ਅਗਸਤ ਤੋਂ ਉੱਦਮ ਕੀਤਾ ਗਿਆ। ਕਲਗੀਧਰ ਟਰੱਸਟ ਬੜੂ ਸਾਹਿਬ ਦੇ ਉੱਪ-ਪ੍ਰਧਾਨ ਭਾਈ ਜਗਜੀਤ ਸਿੰਘ ਵੱਲੋਂ ਅੱਜ ਫਾਜ਼ਿਲਕਾ ਜ਼ਿਲ੍ਹੇ ਵਿੱਚ ਟਰੱਸਟ ਵੱਲੋਂ ਲਗਾਏ ਕਾਵਾਂ ਵਾਲੀ ਪੱਤਣ ਰਾਹਤ ਕੈਂਪ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਹਨਾਂ ਵੱਲੋਂ ਲੋਕਾਂ ਨਾਲ ਮਿਲ ਕੇ ਓਹਨਾ ਨੂੰ ਭਰੋਸ਼ਾ ਦਿੱਤਾ ਗਿਆ ਕਿ ਜਿਨ੍ਹਾਂ ਲੋਕਾਂ ਦੀ ਫ਼ਸਲ ਮਰ ਚੁੱਕੀ ਹੈ ਅਤੇ ਘਰ ਨੁਕਸਾਨੇ ਗਏ, ਬੱਚਿਆ ਦੀਆਂ ਕਿਤਾਬਾਂ ਆਦਿ, ਸੰਗਤ ਦੇ ਸਹਿਯੋਗ ਨਾਲ ਇਹਨਾਂ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ। ਇਸ ਮੌਕੇ ਓਹਨਾ ਨੇ ਕਿਹਾ ਕਿ ਸੰਸਥਾ ਲੋੜਵੰਦਾਂ ਨੂੰ ਓਹਨਾ ਦੀ ਯੋਗਤਾ ਅਨੁਸਾਰ ਨੌਕਰੀਆਂ ਦੇਣ ਦਾ ਵੀ ਉਪਰਾਲਾ ਕਰਾਂਗੇ ਤਾ ਜੋ ਉਹ ਆਪਣੇ ਮਾਲੀ ਹਾਲਾਤ ਸੁਧਾਰ ਸਕਣ। ਓਹਨਾ ਨੇ ਕਿਹਾ ਕਿ ਇਹਨਾਂ ਲੋਕਾਂ ਦੀ ਅਗਲੀ ਫ਼ਸਲ ਦੀ ਬਿਜਾਈ ਲਈ ਵੀ ਸਾਨੂੰ ਜਰੂਰ ਮੱਦਦ ਕਰਨੀ ਚਾਹੀਦੀ ਹੈ। ਓਹਨਾ ਨੇ ਅਪੀਲ ਕਰਦਿਆਂ ਕਿਹਾ ਕਿ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਆਪਣੇ ਦਸਵੰਧ ਦਾ ਹਿੱਸਾ ਇਹਨਾਂ ਦੀ ਮਦਦ ਕਰਨ ਲਈ ਜਰੂਰ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਇਸ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਫ਼ਸਲਾਂ ਨੂੰ ਦੁਆਰਾ ਤੋਂ ਸੁਰਜੀਤ ਕੀਤਾ ਜਾ ਸਕੇ, ਬੱਚਿਆ ਦੀ ਪੜ੍ਹਾਈ ਕਰਵਾਈ ਜਾ ਸਕੇ, ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ ਓਹਨਾ ਦੀ ਮੁਰੰਮਤ ਕੀਤੀ ਜਾ ਸਕੇ, ਸਾਨੂੰ ਸਭ ਨੂੰ ਇਹ ਹੰਬਲਾ ਜਰੂਰ ਮਾਰਨਾ ਚਾਹੀਦਾ ਹੈ। ਹੋਰ ਜਾਣਕਾਰੀ ਦਿੰਦਿਆਂ ਓਹਨਾ ਕਿਹਾ ਕਿ ਅਕਾਲ ਟੀਮ ਵੱਲੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਫਾਜ਼ਿਲਕਾ ਅਤੇ ਫਿਰੋਜਪੁਰ ਜ਼ਿਲ੍ਹੇ ਵਿੱਚ ਹੜ੍ਹ ਪੀੜਤਾਂ ਦੇ ਰਾਹਤ ਕਾਰਜਾਂ ਲਈ ÷ਹੜ੍ਹ ਪੀੜਤ ਰਾਹਤ ਕੈਂਪ÷ ਬਣਾਏ ਗਏ ਹਨ, ਜੋ ਕਿ ਗੁਰਦਾਸਪੁਰ ਅਤੇ ਪਠਾਨਕੋਟ ਜ਼ਿਲ੍ਹੇ ਲਈ ਅਕਾਲ ਅਕੈਡਮੀ ਤਿੱਬੜ, ਦੀਨਾਨਗਰ, ਸੁਜਾਨਪੁਰ ਅਤੇ ਡੇਰਾ ਬਾਬਾ ਨਾਨਕ ਵਿਖੇ, ਅੰਮ੍ਰਿਤਸਰ ਜ਼ਿਲੇ ਲਈ ਅਕਾਲ ਅਕੈਡਮੀ ਵਛੋਆ ਅਤੇ ਅਕਾਲ ਅਕੈਡਮੀ ਦਦੇਹਰ ਸਾਹਿਬ ਵਿਖੇ ਅਤੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ ਕੈਂਪ ਬਣਾਇਆ ਗਿਆ। ਜਿਥੋਂ ਨੇੜੇ ਦੇ ਹੜ੍ਹ ਪ੍ਰਵਾਭਿਤ ਇਲਾਕਿਆਂ ਵਿੱਚ ਅਤੇ ਢਾਣੀਆਂ ਵਿੱਚ ਕਿਸ਼ਤੀ ਰਾਹੀਂ ਹੜ੍ਹ ਪੀੜਤਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ। ਇਹਨਾਂ ਕੈਂਪਾਂ ਤੋਂ ਹੜ੍ਹ ਪੀੜਤਾਂ ਨੂੰ ਘਰੋਂ-ਘਰੀ ਲੰਗਰ, ਦੁੱਧ, ਪਾਣੀ, ਰਾਹਤ ਕਿੱਟਾਂ, ਪਸ਼ੂਆਂ ਲਈ ਚਾਰਾ, ਫੀਡ ਆਦਿ ਲੈ ਕੇ ਬੇੜੀਆਂ ਰਾਹੀਂ ਵੰਡਿਆ ਜਾ ਰਿਹਾ ਹੈ। ਉਪਰੋਕਤ ਜ਼ਿਲਿਆਂ ਦੇ ਪਿੰਡਾਂ ਵਿੱਚ ਮੈਡੀਕਲ ਕੈਂਪ ਵੀ ਲਗਾਏ ਜਾ ਰਹੇ ਹਨ ਅਤੇ ਆਉਂਣ ਵਾਲੇ ਦਿਨਾਂ ਵਿੱਚ ਹੋਰ ਮੈਡੀਕਲ ਕੈਂਪ ਲਗਾਏ ਜਾਣਗੇ। ਹੁਣ ਤੱਕ ਲਗਪਗ 153 ਪਿੰਡਾਂ ਵਿੱਚੋਂ 5500 ਤੋਂ ਵੱਧ ਵਿਅਕਤੀਆਂ ਨੂੰ ਰੈਸਕਿਊ ਕਰਕੇ ਸੁਰੱਖਿਅਤ ਜਗ?ਹਾ ਤੇ ਪਹੁੰਚਾਇਆ ਗਿਆ। ਇਥੇ ਜਿਕਰਯੋਗ ਹੈ ਕਿ ਦੇਸ਼ ਵਿੱਚ ਜਦੋ ਵੀ ਕੁਦਰਤੀ ਆਫ਼ਤਾਂ ਆਉਂਦੀਆਂ ਹਨ ਤਾ ਟਰੱਸਟ ਦੀ ਅਕਾਲ ਸੇਵਾ ਟੀਮ ਵੱਲੋਂ ਨਿਧੜਕ ਹੋ ਕੇ ਹੜ੍ਹ ਪੀੜਤਾਂ ਦੀ ਸੇਵਾ ਲਈ ਤਤਪਰ ਰਹਿੰਦੇ ਹਨ।

## ਪੰਜਾਬ 'ਚ ਵੱਡਾ ਹਾਦਸਾ, ਲੋਹੇ ਦੀਆਂ ਪਾਈਆਂ ਨਾਲ ਲੱਦੀ ਟਰਾਲੀ ਦੀ ਟੁੱਟੀ ਹੁੱਕ, ਵਿਛ ਗਈਆਂ ਲਾਸ਼ਾਂ

ਨਿਹਾਲ ਸਿੰਘ ਵਾਲਾ 26 ਸਤੰਬਰ। ਬੀਤੀ ਰਾਤ ਬਾਘਾਪੁਰਾਣਾ ਤੋਂ ਨਿਹਾਲ ਸਿੰਘ ਵਾਲਾ ਰੋਡ 'ਤੇ ਪਿੰਡ ਮਾਣੂੰਕੇ ਦੇ ਨਜ਼ਦੀਕ ਇਕ ਭਿਆਨਕ ਸੜਕ ਹਾਦਸੇ 'ਚ ਪਤੀ ਤੇ ਪਤਨੀ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਹਰਜੀਤ ਕੁਮਾਰ (40) ਪੁੱਤਰ ਕ੍ਰਿਸ਼ਨ ਕੁਮਾਰ ਵਾਸੀ ਮਾਣੂੰਕੇ ਆਪਣੀ ਪਤਨੀ ਕੋਮਲਪ੍ਰੀਤ (35) ਨਾਲ ਬੀਤੀ ਰਾਤ ਲਗਭਗ 8 ਵਜੇ ਮੋਟਰਸਾਈਕਲ ਰਾਹੀਂ ਨਿਹਾਲ ਸਿੰਘ ਵਾਲਾ ਸਾਈਡ ਤੋਂ ਪਿੰਡ ਮਾਣੂੰਕੇ ਨੂੰ ਆ ਰਿਹਾ ਸੀ ਅਤੇ ਦੂਸਰੇ ਪਾਸੇ ਬਾਘਾਪੁਰਾਣਾ ਸਾਈਡ ਤੋਂ ਆ ਰਿਹਾ ਇਕ ਟਰੈਕਟਰ ਟਰਾਲੀ ਜਿਸ 'ਤੇ ਲੋਹੇ ਦੀਆਂ ਪਾਣੀ ਵਾਲੀਆਂ ਪਾਈਪਾਂ ਲੱਦੀਆਂ ਹੋਈਆਂ ਸਨ ਦੀ ਅਚਾਨਕ ਟਰਾਲੀ ਦੀ ਹੁੱਕ ਟੁੱਟ ਗਈ ਜਿਸ ਕਾਰਨ ਲੋਹੇ ਦੀਆਂ ਪਾਈਪਾਂ ਨਾਲ ਭਰੀ ਟਰਾਲੀ ਮੋਟਰਸਾਈਕਲ ਸਵਾਰ ਪਤੀ-ਪਤਨੀ 'ਤੇ ਪਲਟ ਗਈ ਅਤੇ ਦੋਵਾਂ ਦੀ ਮੌਕੇ 'ਤੇ ਮੌਤ ਹੋ ਗਈ। ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਮੈਨੇਜਰ ਜਗਜੀਤ ਸਿੰਘ ਮਾਣੂੰਕੇ ਨੇ ਦੱਸਿਆ ਕਿ ਮ੍ਰਿਤਕ ਮੱਧ ਵਰਗ ਪਰਿਵਾਰ ਨਾਲ ਸਬੰਧਤ ਹੋਣ ਕਰਕੇ ਕਿੱਤੇ ਵਜੋਂ ਡਰਾਈਵਰ ਦਾ ਕੰਮ ਕਰਕੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰਦਾ ਸੀ ਅਤੇ ਮ੍ਰਿਤਕ ਪਤੀ-ਪਤਨੀ ਆਪਣੇ ਪਿੱਛੇ ਦੋ ਲੜਕੀਆਂ ਨੂੰ ਛੱਡ ਗਏ ਹਨ। ਇਸ ਘਟਨਾ ਨੂੰ ਲੈ ਕੇ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ।

## ਪਟਿਆਲਾ ਪਹੁੰਚੇ ਕੇਂਦਰੀ ਰਾਜ ਮੰਤਰੀ, ਗਵਰਨਰ ਤੇ ਪ੍ਰਨੀਤ ਕੌਰ ਨੇ ਕੀਤੀ ਮੀਟਿੰਗ

ਪਟਿਆਲਾ 26 ਸਤੰਬਰ। ਹਲਕਾ ਸ਼ੁਤਰਾਣਾ ਦੇ ਭਾਜਪਾ ਇੰਚਾਰਜ ਨਰਾਇਣ ਸਿੰਘ ਨਰਸੋਤ ਸਮੇਤ ਹੋਰ ਸੀਨੀਅਰ ਆਗੂਆਂ ਨੇ ਪ੍ਰਨੀਤ ਕੌਰ ਸਾਬਕਾ ਰਾਜ ਮੰਤਰੀ ਦੀ ਅਗਵਾਈ ਹੇਠ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਹੜ੍ਹਾਂ ਕਾਰਨ ਹੋਏ ਜ਼ਿਲੇ ਵਿਚ ਪੈਂਦੇ ਵਿਧਾਨ ਸਭਾ ਹਲਕਿਆਂ ਅੰਦਰ ਜਾਨੀ ਮਾਲੀ ਨੁਕਸਾਨ ਤੋਂ ਜਾਣੂ ਕਰਾਉਂਦੇ ਹੋਏ ਕਿਹਾ ਕਿ ਘੱਗਰ ਦਰਿਆ ਦੇ ਪਾਣੀ ਦੀ ਮਾਰ ਤੋਂ ਬਚਾਉਣ ਲਈ ਸਥਾਈ ਹੱਲ ਦੀ ਅਪੀਲ ਕੀਤੀ। ਗਵਰਨਰ ਗੁਲਾਬ ਚੰਦ ਕਟਾਰੀਆ ਨੇ ਖਨੌਰੀ ਵਿਖੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰੇ ਦੌਰਾਨ ਕਿਹਾ ਕਿ ਕੇਂਦਰ ਸਰਕਾਰ ਨੇ ਮੌਜੂਦਾ ਹਾਲਾਤ ਦੇਖ ਕੇ 1600 ਕਰੋੜ ਰੁਪਏ ਦਾ ਤੁਰੰਤ ਰਾਹਤ ਪੈਕੇਜ ਜਾਰੀ ਕੀਤਾ ਹੈ ਅਤੇ ਨੁਕਸਾਨ ਦਾ ਵਿਸਥਾਰਤ ਮੁਲਾਂਕਣ ਹੋਣ ਤੋਂ ਬਾਅਦ ਹੋਰ ਮਦਦ ਦਿੱਤੀ ਜਾਵੇਗੀ। ਗਵਰਨਰ ਨੇ ਇਹ ਵੀ ਜ਼ੋਰ ਦਿੱਤਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੋਵੇਂ ਹੀ ਪੂਰੀ ਤਾਕਤ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰ ਰਹੀਆਂ ਹਨ। ਖੇਤੀਬਾੜੀ, ਘਰਾਂ ਅਤੇ ਜਾਨਵਰਾਂ ਦੇ ਨੁਕਸਾਨ ਦਾ ਜਾਚਣ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ ਅਤੇ ਰਾਹਤ ਕਾਰਜ ਦੌਰਾਨ ਨਿਗਰਾਨੀ ਜਾਰੀ ਹੈ। ਉਨ੍ਹਾਂ ਨੇ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਦਾ ਯਕੀਨ ਦਵਾਇਆ ਹੈ।

## ਪੰਜਾਬ ਪੁਲਸ ਵੱਲੋਂ ਆਪਣੇ ਹੀ ਮੁਲਾਜ਼ਮ ਵਿਰੁੱਧ ਪਰਚਾ ਦਰਜ

ਕੌਮੀ ਪਤ੍ਰਿਕਾ

ਬਠਿੰਡਾ 26 ਸਤੰਬਰ। ਮੌੜ ਪੁਲਸ ਸਟੇਸ਼ਨ ਨੇ ਮਾਨਸਾ ਪੁਲਸ ਤੋਂ ਮੁਅੱਤਲ ਇਕ ਸੀਨੀਅਰ ਕਾਂਸਟੇਬਲ ਅਤੇ ਇਕ ਸ਼ਰਾਬ ਠੇਕੇਦਾਰ ਦੇ ਦੋ ਏਜੰਟਾਂ ਵਿਰੁੱਧ ਇਕ ਵਿਅਕਤੀ ਨੂੰ ਧਮਕੀ ਦੇ ਕੇ ਪੈਸੇ ਵਸੂਲਣ ਦੇ ਦੋਸ਼ ਵਿਚ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਮੁਅੱਤਲ ਸੀਨੀਅਰ ਕਾਂਸਟੇਬਲ ਅਤੇ ਇਕ ਏਜੰਟ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਤੋਂ 10 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਕੀਤੀ ਹੈ, ਜਦੋਂ ਕਿ ਤੀਜਾ ਦੋਸ਼ੀ ਫਰਾਰ ਹੈ। ਰਾਮਨਗਰ ਪਿੰਡ ਦੇ ਰਹਿਣ ਵਾਲੇ ਚਰਨਜੀਤ ਸਿੰਘ ਨੇ ਆਪਣੀ ਸ਼ਿਕਾਇਤ ਵਿਚ




ਪੁਲਸ ਨੂੰ ਦੱਸਿਆ ਕਿ ਉਹ ਪਹਿਲਾਂ ਭੁੱਕੀ ਦਾ ਸੇਵਨ ਕਰਦਾ ਸੀ, ਪਰ ਪਿਛਲੇ 6 ਮਹੀਨਿਆਂ ਤੋਂ ਨਸ਼ੇ ਛੱਡ ਦਿੱਤੇ ਹਨ। 31 ਅਗਸਤ ਨੂੰ ਮਾਨਸਾ ਪੁਲਸ ਦੇ ਮੁਅੱਤਲ ਸੀਨੀਅਰ ਕਾਂਸਟੇਬਲ ਬਲਵੀਰ ਸਿੰਘ, ਸ਼ਰਾਬ ਠੇਕੇਦਾਰ ਦਾ ਏਜੰਟ ਗੁਰਪ੍ਰੀਤ ਸਿੰਘ ਵਾਸੀ ਰਾਮਪੁਰਾ ਮੰਡੀ, ਇਕ ਹੋਰ ਏਜੰਟ ਅਤੇ ਇਕ ਅਣਪਛਾਤਾ ਨੌਜਵਾਨ ਪੁਲਸ ਵਰਦੀ ਪਾ ਕੇ ਉਸ ਕੋਲ ਆਏ ਅਤੇ ਉਸ ਨੂੰ ਸਵਿਫਟ ਕਾਰ ਨੰਬਰ 8♣-27 61706 ਵਿਚ ਬਿਠਾਇਆ। ਮੁਲਜ਼ਮ ਨੇ ਉਸ ਵਿਰੁੱਧ ਨਸ਼ਾ ਤਸਕਰੀ ਦਾ ਝੂਠਾ ਕੇਸ ਦਰਜ ਕਰਨ ਦੀ ਧਮਕੀ ਦਿੱਤੀ ਅਤੇ 30,000 ਰੁਪਏ ਦੀ ਮੰਗ ਕੀਤੀ। ਮਾਮਲੇ ਤੋਂ ਡਰਦੇ ਹੋਏ, ਪੀੜਤ ਨੇ ਮੁਲਜ਼ਮ ਤੋਂ ਛੁਟਕਾਰਾ ਪਾਉਣ ਲਈ 20,000 ਰੁਪਏ ਦਿੱਤੇ ਅਤੇ ਘਟਨਾ ਬਾਰੇ ਪੁਲਸ ਨੂੰ ਸੂਚਿਤ ਕੀਤਾ। ਮੌੜ ਪੁਲਿਸ ਸਟੇਸ਼ਨ ਨੇ ਕਾਰਵਾਈ ਕਰਦਿਆਂ ਮੁਅੱਤਲ ਸੀਨੀਅਰ ਕਾਂਸਟੇਬਲ ਬਲਵੀਰ ਸਿੰਘ ਅਤੇ ਏਜੰਟ ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ, ਜਦੋਂ ਕਿ ਤੀਜਾ ਮੁਲਜ਼ਮ ਫਰਾਰ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਧਰਮਵੀਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਸ਼ਰਾਬ ਠੇਕੇਦਾਰਾਂ ਦੇ ਨੇੜੇ ਸਨ ਅਤੇ ਉਹ ਪੀੜਤ ਦੀ ਪੁਰਾਣੀ ਨਸ਼ੇ ਦੀ ਆਦਤ ਬਾਰੇ ਜਾਣਦੇ ਸਨ। ਇਸੇ ਲਈ ਉਨ੍ਹਾਂ ਨੇ ਉਸ ਨੂੰ ਧਮਕੀ ਦੇ ਕੇ ਉਸ ਤੋਂ ਪੈਸੇ ਵਸੂਲੇ। ਪੁਲਿਸ ਨੇ ਮੁਲਜ਼ਮ ਦਾ ਰਿਮਾਂਡ ਲੈ ਲਿਆ ਹੈ ਅਤੇ ਹੋਰ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਹ ਪਤਾ ਲੱਗ ਸਕੇ ਕਿ ਉਨ੍ਹਾਂ ਨੇ ਇਸ ਤਰੀਕੇ ਨਾਲ ਹੋਰ ਕਿੰਨੇ ਲੋਕਾਂ ਤੋਂ ਪੈਸੇ ਵਸੂਲੇ ਹਨ।

## ਜਿਸ ਦਾ ਡਰ ਸੀ ਉਹੀ ਹੋਇਆ, ਪੈ ਗਿਆ ਪਾੜ, ਭਿਆਨਕ ਬਣ ਗਏ ਹਾਲਾਤ

ਪਾਤੜਾਂ 26 ਸਤੰਬਰ। ਹਰਿਆਣਾ ਤੋਂ ਆਉਂਦੇ ਘੱਗਰ ਦੇ ਸਹਾਇਕ ਨਾਲੇ ਸਾਗਰਾਪਾੜਾ ਡਰੇਨ ਦਾ ਚੋਅ ਅੱਜ ਹਲਕਾ ਸ਼ੁਤਰਾਣਾ ਦੇ ਪਿੰਡ ਸਾਗਰਾ ਕੋਲ ਟੁੱਟ ਗਿਆ, ਜਿਸਦਾ ਪਿਛਲੇ ਕਈ ਦਿਨਾਂ ਤੋਂ



ਖਤਰਾ ਬਣਿਆ ਹੋਇਆ ਸੀ ਪਰ ਪ੍ਰਸ਼ਾਸਨ ਇਸ ਵੱਲ ਬਿਲਕੁੱਲ ਬੇ-ਧਿਆਨ ਸੀ। ਮੀਡੀਆ ਵੱਲੋਂ ਕਈ ਵਾਰ ਮਾਮਲਾ ਉਜਾਗਰ ਕਰਨ 'ਤੇ ਵੀ ਕੋਈ ਗੌਰ ਨਹੀਂ ਕੀਤੀ ਗਿਆ ਅਤੇ ਆਖਿਰ ਅੱਜ ਇਹ ਚੋਅ ਟੁੱਟ ਗਿਆ। ਇਸ ਦੌਰਾਨ ਐੱਸ. ਡੀ. ਐੱਮ. ਪਾਤੜਾਂ ਅਸ਼ੋਕ ਕੁਮਾਰ ਟੀਮ ਨਾਲ ਮੌਕੇ ਤੇ ਪੰਹੁਚੇ ਅਤੇ ਹਾਲਾਤ ਦਾ ਜਾਇਜ਼ਾ ਲਿਆ। ਇਹ ਪਾੜਾ ਚੋਅ ਹਲਕਾ ਸ਼ੁਤਰਾਣਾ ਦੇ ਪਿੰਡ ਸਾਗਰਾ ਕੋਲ ਘੱਗਰ ਦਰਿਆ ਵਿਚ ਆ ਕੇ ਸਮਾ ਜਾਂਦਾ ਹੈ ਪਰ ਹੁਣ ਪਿੱਛੋਂ ਪੰਜਾਬ ਵਾਲੇ ਪਾਸੇ ਤੋਂ ਅੱਧੀ ਦਰਜਨ ਨਦੀਆਂ, ਨਾਲਿਆਂ ਦਾ ਪਾਣੀ ਹਰਿਆਣਾ ਦੇ ਭਾਗਲ ਕੋਲੋਂ ਘੱਗਰ ਦਰਿਆ ਵਿਚ ਇਕੱਠਾ ਹੋਣ ਕਰਕੇ ਇਹ ਪਿਛਲੇ ਕਈ ਦਿਨਾਂ ਤੋਂ ਖ਼ਤਰੇ ਦੇ ਨਿਸ਼ਾਨ ਤੋਂ ਢਾਈ ਫੁੱਟ ਉੱਤੇ ਚੱਲ ਰਿਹਾ ਹੋਣ ਕਰਕੇ ਬਾੜਾ ਚੋਅ ਵਿਚ ਪਾਣੀ ਦੀ ਡਾਫ਼ ਲੱਗੀ ਹੋਣ ਕਰਕੇ ਉਹ ਭਰ ਕੇ ਟੁੱਟ ਜਾਣ ਦੀ ਸਥਿਤੀ 'ਚ ਨਜ਼ਰ ਆ ਰਿਹਾ ਸੀ, ਜਿਸ ਵਿਚ ਅੱਜ ਵੱਡਾ ਪਾੜ ਪੈਣ ਕਰਕੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਣ ਕਿਨਾਰੇ ਸੀ ਪਰ ਮੌਕੇ 'ਤੇ ਮੌਜੂਦ ਅਤੇ ਵੱਡੀ ਗਿਣਤੀ ਵਿਚ ਪਹੁੰਚੇ ਕਿਸਾਨਾਂ ਨੇ ਆਪਣੀ ਸੂਝ, ਮੁਸ਼ੱਕਤ ਅਤੇ ਸਖ਼ਤ ਮਿਹਨਤ ਨਾਲ ਉਸਨੂੰ ਪੂਰ (ਬੰਦ ਕਰਕੇ) ਕੇ ਨੁਕਸਾਨ ਹੋਣ ਤੋਂ ਬਚਾਅ ਲਿਆ

## ਸਰਕਾਰੀ ਨੌਕਰੀ ਦੇ ਚੱਕਰ 'ਚ ਕਸੂਤੇ ਫਸੇ ਭੈਣ-ਭਰਾ ! ਹੋਸ਼ ਉਡਾ ਦੇਵੇਗਾ ਪੂਰਾ ਮਾਮਲਾ

ਕੌਮੀ ਪਤ੍ਰਿਕਾ

ਲੁਧਿਆਣਾ 26 ਸਤੰਬਰ। ਨਗਰ ਨਿਗਮ ਦੀ ਹੈਲਥ ਬ੍ਰਾਂਚ 'ਚ ਇਕ ਦੇ ਬਾਅਦ ਇਕ ਘਪਲੇ ਸਾਹਮਣੇ ਆ ਰਹੇ ਹਨ। ਇਨ੍ਹਾਂ 'ਚ ਫਰਜ਼ੀ ਸਫਾਈ ਕਰਮਚਾਰੀਆਂ ਦੇ ਅਕਾਊਂਟ ਵਿਚ ਕਰੋੜਾਂ ਰੁਪਏ ਟਰਾਂਸਫਰ ਕਰਨ ਜਾਂ ਉਨ੍ਹਾਂ ਨੂੰ ਗਲਤ ਤਰੀਕੇ ਨਾਲ ਰੈਗੂਲਰ ਕਰਨ ਤੋਂ ਬਾਅਦ ਹੁਣ ਝੂਠ ਬੋਲ ਕੇ ਮ੍ਰਿਤਕ ਮੁਲਾਜ਼ਮ ਦੀ ਜਗ?ਹਾ ਨੌਕਰੀ ਹਾਸਲ ਕਰਨ ਦਾ ਖੁਲਾਸਾ ਹੋਇਆ ਹੈ। ਇਸ ਸਬੰਧ 'ਚ ਨਗਰ ਨਿਗਮ ਵਲੋਂ ਸਹਾਇਕ ਕਮਿਸ਼ਨਰ ਦੇ ਜ਼ਰੀਏ ਭਰਾ-ਭੈਣ ਦੇ ਖਿਲਾਫ ਕੇਸ ਦਰਜ ਕਰਵਾਇਆ ਗਿਆ ਹੈ, ਜਿਸ ਦੇ ਮੁਤਾਬਕ ਰਿਸ਼ੀ ਪਾਲ ਨਾਂ ਦੇ ਇਕ ਸਫਾਈ ਕਰਮਚਾਰੀ ਦੀ ਮੌਤ ਤੋਂ ਬਾਅਦ ਉਸ ਦੇ ਬੇਟੇ ਵਿੱਕੀ ਨੇ ਇਹ ਕਹਿ ਕੇ ਨੌਕਰੀ ਹਾਸਲ ਕਰ ਲਈ ਕਿ ਉਸ ਦੇ ਪਰਿਵਾਰ ਨੂੰ ਕੋਈ ਹੋਰ ਮੈਂਬਰ ਨਗਰ ਨਿਗਮ 'ਚ ਕੰਮ ਨਹੀਂ ਕਰ ਰਿਹਾ, ਜਦਕਿ ਉਸ ਸਮੇਂ ਉਸ ਦੀ ਮਾਤਾ ਕ੍ਰਿਸ਼ਨਾ ਸਫਾਈ ਕਰਮਚਾਰੀ ਦੇ ਤੌਰ 'ਤੇ ਤਾਇਨਾਤ ਸੀ ਅਤੇ ਨਿਯਮਾਂ ਮੁਤਾਬਕ ਪਹਿਲਾਂ ਪਰਿਵਾਰ ਦੇ ਕਿਸੇ ਮੈਂਬਰ ਦੇ ਕੰਮ ਕਰਨ ਦੇ ਦੌਰਾਨ ਹੋਰ ਮੈਂਬਰ ਨੂੰ ਮ੍ਰਿਤਕ ਕਰਮਚਾਰੀ ਦੇ ਬਦਲੇ ਨੌਕਰੀ ਨਹੀਂ ਦਿੱਤੀ ਜਾ ਸਕਦੀ। ਇਹ ਗੱਲ ਕ੍ਰਿਸ਼ਨਾ ਦੀ ਮੌਤ ਤੋਂ ਬਾਅਦ ਸਾਹਮਣੇ ਆਈ ਹੈ, ਜਦ ਉਸ ਦੀ ਜਗ?ਹਾ ਬੇਟੀ ਪ੍ਰੀਤੀ ਨੇ ਸਫਾਈ ਕਰਮਚਾਰੀ ਦੇ ਰੂਪ 'ਚ ਨੌਕਰੀ ਲੈਣ ਲਈ ਅਪਲਾਈ ਕਰ ਦਿੱਤਾ, ਜਿਸ ਨੂੰ ਲੈ ਕੇ ਹੋਈ ਸ਼ਿਕਾਇਤ 'ਚ ਇਹ ਮੁੱਦਾ ਵੀ ਚੁੱਕਿਆ ਗਿਆ ਕਿ ਪ੍ਰੀਤੀ ਵਿਆਹੀ ਹੋਣ ਦੇ ਬਾਵਜੂਦ ਗਲਤ ਜਾਣਕਾਰੀ ਦੇ ਰਹੀ ਹੈ, ਜਿਸ ਦੇ ਮੱਦੇਨਜ਼ਰ ਨਗਰ ਨਿਗਮ ਵਲੋਂ ਫਰਜ਼ੀ ਦਸਤਾਵੇਜ਼ਾਂ ਦੇ ਆਧਾਰ 'ਤੇ ਨੌਕਰੀ ਹਾਸਲ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ 'ਚ ਭਰਾ-ਭੈਣ ਖਿਲਾਫ ਕੇਸ ਦਰਜ ਕਰਵਾ ਦਿੱਤਾ ਹੈ। ਇਸ ਮਾਮਲੇ 'ਚ ਸੈਨੇਟਰੀ ਇੰਸਪੈਕਟਰਾਂ ਦੀ ਮਿਲੀਭੁਗਤ ਸਾਹਮਣੇ ਆਈ ਹੈ, ਜਿਨ੍ਹਾਂ ਵਲੋਂ ਦੋਵੇਂ ਮਾਮਲਿਆਂ 'ਚ ਨੌਕਰੀ ਹਾਸਲ ਕਰਨ ਲਈ ਅਰਜ਼ੀਆਂ ਕਰਨ ਵਾਲਿਆਂ ਦੇ ਪਰਿਵਾਰ ਦਾ ਕੋਈ ਹੋਰ ਮੈਂਬਰ ਨਗਰ ਨਿਗਮ 'ਚ ਤਾਇਨਾਤ ਨਾ ਹੋਣ ਦੀ ਰਿਪੋਰਟ ਕਰ ਦਿੱਤੀ ਗਈ। ਇਸ ਦੇ ਕਾਰਨ ਫਰਜ਼ੀ ਤਰੀਕੇ ਨਾਲ ਨੌਕਰੀ ਹਾਸਲ ਕਰ ਕੇ ਇਕ ਵਿਅਕਤੀ ਕਾਫੀ ਦੇਰ ਤੱਕ ਸਫਾਈ ਕਰਮਚਾਰੀ ਦੇ ਰੂਪ 'ਚ ਕੰਮ ਕਰਦਾ ਰਿਹਾ ਅਤੇ ਹੁਣ ਸੈਨੇਟਰੀ ਇੰਸਪੈਕਟਰਾਂ ਵਲੋਂ ਉਸ ਦੀ ਭੈਣ ਨੂੰ ਗਲਤ ਜਾਣਕਾਰੀ ਦੇ ਆਧਾਰ 'ਤੇ ਨੌਕਰੀ ਦੇਣ ਦੀ ਸਿਫਾਰਿਸ਼ ਕਰ ਦਿੱਤੀ ਸੀ, ਜਿਸ ਨੂੰ ਲੈ ਕੇ ਪੁਲਸ ਕੇਸ ਦਰਜ ਕਰਵਾਉਣ ਲਈ ਭੇਜੀ ਰਿਪੋਰਟ 'ਚ ਕਮਿਸ਼ਨਰ ਨੇ ਸੈਨੇਟਰੀ ਇੰਸਪੈਕਟਰਾਂ ਨੂੰ ਨੋਟਿਸ ਜਾਰੀ ਕਰਨ ਦੀ ਮਨਜ਼ੂਰੀ ਵੀ ਦੇ ਦਿੱਤੀ ਹੈ।




ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# 11 ਗੈਰ-ਕਾਨੂੰਨੀ ਕਾਲੋਨੀਆਂ 'ਤੇ ਚੱਲਿਆ ਗਲਾਡਾ ਦਾ ਪੀਲਾ ਪੰਜਾ

**ਕੌਮੀ ਪਤ੍ਰਿਕਾ**

ਲੁਧਿਆਣਾ 26 ਸਤੰਬਰ। ਅਣਅਧਿਕਾਰਤ ਅਤੇ ਗੈਰ-ਯੋਜਨਾਬੱਧ ਵਿਕਾਸ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਗਲਾਡਾ ਦੇ ਮੁੱਖ ਪ੍ਰਸ਼ਾਸਕ ਵਿਕਾਸ ਹੀਰਾ, ਪੀ.ਸੀ.ਐਸ ਨੇ ਗੈਰ-ਕਾਨੂੰਨੀ ਕਲੋਨੀਆਂ ਵਿਰੁੱਧ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਹੈ। ਇਸੇ ਲੜੀ ਤਹਿਤ ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਵੱਲੋਂ ਜਾਰੀ ਢਾਹੁਣ ਅਤੇ ਨਿਰਧਾਰਤ ਹੁਕਮਾਂ ਦੀ ਪਾਲਣਾ ਕਰਦਿਆਂ ਡਿਊਟੀ ਮੈਜਿਸਟ?ਰੇਟ, ਪੁਲਸ ਫੋਰਸ ਅਤੇ ਗਲਾਡਾ ਦੇ ਰੈਗੂਲੇਟਰੀ ਵਿੰਗ ਦੀ ਇਨਫੋਰਸਮੈਂਟ ਟੀਮ ਨੇ ਅੱਜ 8 ਸਤੰਬਰ ਨੂੰ ਜਸਪਾਲ ਬਾਂਗੜ, ਧਰੌਰ, ਟਿੱਬਾ, ਮਜਾਰਾ, ਸਾਹਨੇਵਾਲ ਅਤੇ ਕੋਹਾੜਾ ਪਿੰਡਾਂ



ਵਿੱਚ ਕਾਰਵਾਈ ਕਰਦਿਆਂ 11 ਅਣਅਧਿਕਾਰਤ ਕਲੋਨੀਆਂ ਨੂੰ ਢਾਹ ਦਿੱਤਾ। ਕਾਰਵਾਈ ਦੌਰਾਨ ਇਨ੍ਹਾਂ ਕਲੋਨੀਆਂ ਦੀਆਂ ਸੜਕਾਂ, ਗੈਰ-ਕਾਨੂੰਨੀ ਨਿਰਮਾਣ ਅਤੇ ਹੋਰ ਢਾਂਚਿਆਂ ਨੂੰ ਵੀ ਹਟਾਇਆ ਗਿਆ। ਮੁੱਖ ਪ੍ਰਸ਼ਾਸਕ ਨੇ ਕਿਹਾ ਕਿ ਬਿਨਾਂ ਕਿਸੇ ਕਾਨੂੰਨੀ ਮਨਜ਼ੂਰੀ ਦੇ ਕਲੋਨੀਆਂ ਵਿਕਸਿਤ ਕਰਕੇ ਸਸਤੇ ਪਲਾਟਾਂ ਦੇ ਨਾਂ 'ਤੇ ਆਮ ਲੋਕਾਂ ਨੂੰ ਗੁੰਮਰਾਹ ਕਰਨ ਵਾਲੇ ਡਿਵੈਲਪਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅੱਜ ਦੀ ਮੁਹਿੰਮ ਬਿਨਾਂ ਕਿਸੇ ਵਿਰੋਧ ਦੇ ਸਫਲਤਾਪੂਰਵਕ ਮੁਕੰਮਲ ਹੋਈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਪਲਾਟ, ਜਾਇਦਾਦ ਜਾਂ ਇਮਾਰਤਾਂ ਨਾ ਖਰੀਦਣ। ਅਜਿਹੀਆਂ ਕਲੋਨੀਆਂ ਨੂੰ ਪਾਣੀ, ਸੀਵਰੇਜ ਅਤੇ ਬਿਜਲੀ ਵਰਗੀਆਂ ਸਰਕਾਰੀ ਸਹੂਲਤਾਂ ਨਹੀਂ ਦਿੱਤੀਆਂ ਜਾਣਗੀਆਂ। ਖਰੀਦਦਾਰ ਜਾਇਦਾਦ ਖਰੀਦਣ ਤੋਂ ਪਹਿਲਾਂ ਗਲਾਡਾ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਪ੍ਰਵਾਨਿਤ ਅਤੇ ਨਿਯਮਤ ਕਲੋਨੀਆਂ ਦੀ ਸੂਚੀ ਅਤੇ ਮਨਜ਼ੂਰਸ਼ੁਦਾ ਨਕਸ਼ਿਆਂ ਦੀ ਜਾਂਚ ਜ਼ਰੂਰ ਕਰਨ। ਹਾਲੀਆ ਮੁਹਿੰਮਾਂ ਦੌਰਾਨ ਹੁਣ ਤੱਕ 20 ਤੋਂ ਵੱਧ ਅਣਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕੀਤੀ ਜਾ ਚੁੱਕੀ ਹੈ। ਗਲਾਡਾ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਜਗਰਾਉਂ, ਥਰੀਕੇ, ਧਾਂਦਰਾ ਰੋਡ ਸਮੇਤ ਹੋਰ ਖੇਤਰਾਂ ਵਿੱਚ ਵੀ ਕਾਰਵਾਈ ਜਾਰੀ ਰੱਖੀ ਜਾਵੇਗੀ। ਢਾਹੁਣ ਦੀਆਂ ਮੁਹਿੰਮਾਂ ਤੋਂ ਇਲਾਵਾ ਪੰਜਾਬ ਰੀਜਨਲ ਐਂਡ ਟਾਊਨ ਪਲੈਨਿੰਗ ਐਂਡ ਡਿਵੈਲਪਮੈਂਟ ਐਕਟ ਤਹਿਤ ਅਣਅਧਿਕਾਰਤ ਵਿਕਾਸ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

## ਜਲੰਧਰ-ਪਾਣੀਪਤ ਨੈਸ਼ਨਲ ਹਾਈਵੇ ਬੰਦ, ਲੱਗਾ ਭਾਰੀ ਜਾਮ, 4 ਵਜੇ ਤੱਕ ਬੰਦ ਦਾ ਐਲਾਨ

ਲੁਧਿਆਣਾ 26 ਸਤੰਬਰ। ਲੁਧਿਆਣਾ ਦੇ ਜਲੰਧਰ ਬਾਈਬਾਸ ਚੌਕ 'ਚ ਸਥਿਤ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਦੀ ਕਥਿਤ ਛੇੜਛਾੜ ਦੀ ਘਟਨਾ ਨੂੰ ਲੈ ਕੇ ਅੱਜ ਸ਼ਹਿਰ 'ਚ ਬੰਦ ਦਾ ਐਲਾਨ ਕੀਤਾ ਗਿਆ ਹੈ। ਦਲਿਤ ਭਾਈਚਾਰੇ ਵਲੋਂ ਜਲੰਧਰ ਬਾਈਪਾਸ ਚੌਕ 'ਚ ਜਲੰਧਰ-ਪਾਣੀਪਤ ਨੈਸ਼ਨਲ ਹਾਈਵੇਅ ਜਾਮ ਕਰ ਦਿੱਤਾ ਹੈ। ਚੌਕ ਨੂੰ ਸਾਰੇ ਪਾਸਿਓਂ ਬੰਦ ਕਰਕੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਟ?ਰੈਫਿਕ ਜਾਮ ਲੱਗ ਗਿਆ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ



ਹਨ। ਆਮ ਜਨਤਾ ਨੂੰ ਭਾਰੀ ਟ੍ਰੈਫਿਕ ਦਾ ਸਾਮਣਾ ਕਰਨਾ ਪੈ ਰਿਹਾ ਹੈ। ਜਲੰਧਰ ਤੋਂ ਆਉਣ ਵਾਲੇ ਅਤੇ ਜਲੰਧਰ ਜਾ ਰਹੇ ਵਾਹਨਾਂ ਨੂੰ ਜਾਣ ਨਹੀਂ ਦਿੱਤਾ ਜਾ ਰਿਹਾ ਹੈ। ਭਾਈਚਾਰੇ ਵਲੋਂ ਬੇਅਦਬੀ ਦੇ ਵਿਰੋਧ 'ਚ ਲੁਧਿਆਣਾ ਬੰਦ ਦੀ ਕਾਲ ਦਿੱਤੀ ਗਈ ਹੈ, ਜਿਸ ਦੇ ਮੱਦੇਨਜ਼ਰ ਕਮਿਸ਼ਨਰੇਟ ਪੁਲਸ ਵਲੋਂ ਜਲੰਧਰ ਬਾਈਪਾਸ ਚੌਕ 'ਚ ਭਾਰੀ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ, ਤਾਂ ਜੋ ਬੰਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਮੌਕੇ 'ਤੇ ਐੱਸ. ਪੀ. ਨਾਰਥ ਕਿੱਕਰ ਸਿੰਘ ਭੁੱਲਰ ਨੇ ਕਿਹਾ ਕਿ ਪੂਰੀ ਸਥਿਤੀ ਸ਼ਾਂਤੀਪੂਰਨ ਅਤੇ ਕੰਟਰੋਲ 'ਚ ਹੈ। ਧਿਆਨਯੋਗ ਹੈ ਕਿ ਦਲਿਤ ਭਾਈਚਾਰੇ ਵਲੋਂ ਅੱਜ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਪੂਰੇ ਸ਼ਹਿਰ ਦੀਆਂ ਸੜਕਾਂ ਅਤੇ ਬਾਜ਼ਾਰ ਬੰਦ ਰੱਖਣ ਦੀ ਅਪੀਲ ਕੀਤੀ ਗਈ ਹੈ। ਭਾਈਚਾਰੇ ਵਲੋਂ ਬਾਬਾ ਸਾਹਿਬ ਦੀ ਮੂਰਤੀ ਅਤੇ ਆਸ-ਪਾਸ ਸਫ਼ਾਈ ਦਾ ਕੰਮ ਕੀਤਾ ਜਾ ਰਿਹਾ ਹੈ। ਬੰਦ ਦੇ ਸੱਦੇ ਨੂੰ ਲੈ ਕੇ ਸ਼ਹਿਰ 'ਚ ਸੁਰੱਖਿਆ ਅਤੇ ਆਵਾਜਾਈ ਨੂੰ ਲੈ ਕੇ ਪ੍ਰਸ਼ਾਸਨ ਵਲੋਂ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ।

# 65 ਨਸ਼ੀਲੀਆਂ ਗੋਲੀਆਂ ਸਮੇਤ 4 ਤਸਕਰ ਕਾਬੂ

ਅਬੋਹਰ 26 ਸਤੰਬਰ। ਸਰਕਾਰ ਦੇ ਹੁਕਮਾਂ 'ਤੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਚਲਾਈ ਮੁਹਿੰਮ ਤਹਿਤ ਅਬੋਹਰ ਸਬ-ਡਿਵੀਜ਼ਨ ਪੁਲਸ ਨੇ ਵੱਖ-ਵੱਖ ਥਾਵਾਂ 'ਤੇ ਕਾਰਵਾਈ ਕਰਦਿਆਂ ਚਾਰ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 65 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਪੁਲਿਸ ਨੇ ਸਾਰੇ ਮਾਮਲਿਆਂ ਵਿੱਚ ਐਨਡੀਪੀਐਸ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤੇ ਹਨ। ਥਾਣਾ ਬਹਾਵਵਾਲਾ ਵਿੱਚ ਤਾਇਨਾਤ ਜਾਂਚ ਕਰਮਚਾਰੀ ਐਚਸੀ ਜਸਵਿੰਦਰ ਸਿੰਘ ਅਨੁਸਾਰ ਪਿੰਡ ਭਾਗੂ ਵਿੱਚ ਗਸ਼ਤ ਦੌਰਾਨ ਅਨਿਲ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਵਾਸੀ ਪਿੰਡ ਦੋਦੇਵਾਲਾ ਨੂੰ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 10 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਇਸ ਸਬੰਧੀ ਥਾਣਾ ਬਹਾਵਵਾਲਾ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਥਾਣਾ ਸਦਰ ਖੂਈਆਂ ਸਰਵਰ ਵਿੱਚ ਤਾਇਨਾਤ ਏਐਸਆਈ ਇਕਬਾਲ ਸਿੰਘ ਅਨੁਸਾਰ ਪਿੰਡ ਜੰਡਵਾਲਾ ਹਨੂਵੰਤਾ ਖੇਤਰ ਵਿੱਚ ਗਸ਼ਤ ਦੌਰਾਨ ਕੁਲਦੀਪ ਕੁਮਾਰ ਪੁੱਤਰ ਕ੍ਰਿਸ਼ਨ ਕੁਮਾਰ ਅਤੇ ਰਾਮ ਕੁਮਾਰ ਉਰਫ਼ ਦਾਰਾ ਪੁੱਤਰ ਕ੍ਰਿਸ਼ਨ ਕੁਮਾਰ, ਦੋਵੇਂ ਵਾਸੀ ਜੰਡਵਾਲਾ ਹਨੂਵੰਤਾ, ਨੂੰ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਕੋਲੋਂ 40 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਇਸ ਸਬੰਧੀ ਥਾਣਾ ਖੂਈਆਂ ਸਰਵਰ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਉਧਰ, ਮੌਜਗੜ੍ਹ ਚੌਕੀ ਇੰਚਾਰਜ ਭਗਵਾਨ ਸਿੰਘ ਅਨੁਸਾਰ ਪਿੰਡ ਜੜਵਾਲਾ ਹਨੂਵੰਤਾ ਵਿੱਚ ਗਸ਼ਤ ਦੌਰਾਨ ਮੌਜਗੜ੍ਹ ਵਾਸੀ ਰਾਮ ਸਿੰਘ ਪੁੱਤਰ ਮਹਿੰਦਰ ਕੁਮਾਰ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 15 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018, have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMAN-ABHANAGAR, VENKATAPURAM, NEAR RAMALAYAM, VISAKHAP-ATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHER-ING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHA-GEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 years in her 10th Class Educational Documents. The actual name of mine, my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BAL-JEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PER-ALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARW-AL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
# ਚਮੜੀ ਦੀਆਂ ਸਮੱਸਿਆਵਾਂ ਤੋਂ ਨਿਜ਼ਾਤ ਪਾਉਣ ਲਈ ਇਸਤੇਮਾਲ ਕਰੋ 'ਨਿੰਮ ਦਾ ਘਿਓ', ਜਾਣੋ ਹੋਰ ਵੀ ਫ਼ਾਇਦੇ



ਤੁਸੀਂ ਕਈ ਵਾਰ ਆਪਣੇ ਵੱਡ-ਵਡੇਰੇ ਬਜ਼ੁਰਗਾਂ ਤੋਂ ਨਿੰਮ ਦੇ ਫ਼ਾਇਦਿਆਂ ਬਾਰੇ ਜ਼ਰੂਰ ਸੁਣਿਆ ਹੋਵੇਗਾ। ਸਾਲਾਂ ਤੋਂ ਚਮੜੀ ਸਬੰਧੀ ਸਮੱਸਿਆਵਾਂ ਨੂੰ ਠੀਕ ਕਰਨ 'ਚ ਨਿੰਮ ਦਾ ਪ੍ਰਯੋਗ ਹੁੰਦਾ ਆ ਰਿਹਾ ਹੈ ਪਰ ਕੀ ਤੁਸੀਂ ਜਾਣਦੇ ਹੋ ਕਿ ਨਿੰਮ ਦਾ ਘਿਓ ਵੀ ਚਮੜੀ ਸਬੰਧੀ ਸਮੱਸਿਆਵਾਂ ਲਈ ਬਹੁਤ ਹੀ ਚੰਗਾ ਅਤੇ ਰਾਮਬਾਣ ਉਪਾਅ ਹੈ। ਇਹ ਸਾਡੇ ਪੁਰਖਾਂ ਦਾ ਇੱਕ ਅਜਮਾਇਆ ਹੋਇਆ ਨੁਸਖਾ ਹੈ। ਅਜਿਹਾ ਮੰਨਿਆ ਜਾਂਦਾ ਹੈ ਕਿ ਚਮੜੀ ਸਬੰਧੀ ਸਮੱਸਿਆਵਾਂ ਨੂੰ ਠੀਕ ਕਰਨ ਲਈ ਅਸੀਂ ਆਪਣਾ ਹਜ਼ਾਰਾਂ ਰੁਪਇਆ ਬਰਬਾਦ ਕਰ ਦਿੰਦੇ ਹਾਂ ਪਰ ਜਦੋਂ ਗੱਲ ਕੁਦਰਤੀ ਨੁਸਖਿਆਂ ਦੀ ਆਉਂਦੀ ਹੈ ਤਾਂ ਸਾਡੇ ਮੂੰਹ 'ਤੇ ਪਹਿਲਾਂ ਸ਼ਬਦ ਨਿੰਮ ਹੀ ਆਉਂਦਾ ਹੈ ਐਲੋਪੈਥਿਕ ਦਵਾਈਆਂ ਨਾਲ ਭਾਵੇਂ ਹੀ ਇਹ ਸਮੱਸਿਆ ਇੱਕ ਵਾਰ 'ਚ ਠੀਕ ਹੋ ਜਾਂਦੀ ਹੈ ਪਰ ਕੁਝ ਦਿਨਾਂ ਬਾਅਦ ਇਹ ਆਪਣੀ ਦੌਗੁਣੀ ਸ਼ਕਤੀ ਨਾਲ ਦੁਬਾਰਾ ਨਿਕਲ ਆਉਂਦੀ ਹੈ ਅਤੇ ਦਵਾਈਆਂ ਦਾ ਪ੍ਰਭਾਵ ਘੱਟ ਹੋ ਜਾਂਦਾ ਹੈ ਪਰ ਨਿੰਮ ਦੀਆਂ ਪੱਤੀਆਂ ਨਾਲ ਬਣਿਆ ਹੋਇਆ ਘਿਓ ਤੁਹਾਡੀ ਇਸ ਸਮੱਸਿਆ ਦਾ ਇੱਕ ਬਹੁਤ ਹੀ ਚੰਗਾ ਤੇ ਸਸਤਾ ਉਪਾਅ ਹੈ।

**ਨਿੰਮ ਦਾ ਘਿਓ ਬਣਾਉਣ ਦੀ ਵਿਧੀ :-**

ਨਿੰਮ ਦਾ ਘਿਓ ਬਣਾਉਣ ਲਈ ਤੁਸੀਂ ਸਭ ਤੋਂ ਪਹਿਲਾਂ ਨਿੰਮ ਦੀਆਂ ਕੁਝ ਤਾਜ਼ੀਆਂ ਪੱਤੀਆਂ ਲਓ ਅਤੇ ਉਨ੍ਹਾਂ ਨੂੰ ਚੰਗੀ ਤਰ੍ਹਾਂ ਨਾਲ ਧੋ ਕੇ ਮਿਕਸੀ 'ਚ ਦਰਦਰਾ ਪੀਸ ਲਓ। ਉਸ ਤੋਂ ਬਾਅਦ ਇਸ ਪੇਸਟ ਨੂੰ ਦੇਸੀ ਘਿਓ 'ਚ ਚੰਗੀ ਤਰ੍ਹਾਂ ਨਾਲ ਪਕਾ ਲਓ। ਜਦੋਂ ਨਿੰਮ ਦੀਆਂ ਪੱਤੀਆਂ 'ਚ ਬਸਿਆ ਪਾਣੀ ਬਿਲਕੁੱਲ ਸੁੱਕ ਜਾਵੇ ਅਤੇ ਤਵੇ 'ਤੇ ਸਿਰਫ਼ ਘਿਓ ਹੀ ਘਿਓ ਦਿਖਾਈ ਦੇਵੇ ਤਾਂ ਗੈਸ ਬੰਦ ਕਰ ਦਿਓ। ਇਸ ਮਿਸ਼ਰਣ ਨੂੰ ਥੋੜ੍ਹਾ ਠੰਢਾ ਹੋਣ ਦਿਓ ਅਤੇ ਠੰਢਾ ਹੋਣ ਤੋਂ ਬਾਅਦ ਛਾਣ ਕੇ ਕਿਸੇ ਬਰਤਨ 'ਚ ਰੱਖ ਲਓ।

**ਸੇਵਨ ਕਰਨ ਦਾ ਤਰੀਕਾ :-**

ਤੁਹਾਨੂੰ ਰੋਜ਼ਾਨਾ ਸਵੇਰੇ-ਸਵੇਰੇ ਖ਼ਾਲੀ ਪੇਟ ਇਸ ਘਿਓ ਦਾ ਅੱਧਾ ਚਮਚ ਸੇਵਨ ਕਰਨਾ ਹੈ। ਹਾਂ ਤੁਸੀਂ ਇਸ ਨੂੰ ਹਲਕੇ ਗਰਮ ਪਾਣੀ ਜਾਂ ਚਾਹ ਨਾਲ ਵੀ ਲੈ ਸਕਦੇ ਹੋ। ਨਿਯਮਿਤ ਰੂਪ ਨਾਲ ਇਸ ਘਿਓ ਦਾ ਸੇਵਨ ਕਰਨ 'ਤੇ ਤੁਸੀਂ ਦੇਖੋਗੇ ਕਿ ਚਮੜੀ ਨਾਲ ਸਬੰਧਿਤ ਸਮੱਸਿਆਵਾਂ ਕੁਝ ਹੀ ਦਿਨਾਂ 'ਚ ਖ਼ਤਮ ਹੋ ਜਾਣਗੀਆਂ। ਨਿੰਮ ਦਾ ਘਿਓ ਖ਼ਾਰਿਸ਼, ਫ਼ੋੜੇ, ਖੁਜਲੀ ਆਦਿ ਨੂੰ ਠੀਕ ਕਰਨ 'ਚ ਬਹੁਤ ਹੀ ਕਾਰਗਰ ਉਪਾਅ ਹੈ।

**ਕਿਉਂ ਫ਼ਾਇਦੇਮੰਦ ਹੈ ਨਿੰਮ ਦਾ ਘਿਓ**

ਦੱਸ ਦੇਈਏ ਕਿ ਨਿੰਮ 'ਚ ਚੰਗੀ ਮਾਤਰਾ 'ਚ ਔਸ਼ਧੀ ਗੁਣ ਪਾਏ ਜਾਂਦੇ ਹਨ। ਆਯੁਰਵੈਦ ਅਨੁਸਾਰ ਨਿੰਮ 'ਚ ਐਂਟੀ ਇੰਫ਼ਲੇਮੇਟਰੀ, ਐਂਟੀਮਾਈਕ੍ਰੋਬਾਇਲ, ਸ਼ੁਕਰਾਣੂਨਾਸ਼ਕ, ਹਾਈਪੋਗਲਾਸੇਮਿਕ ਅਤੇ ਐਂਟੀਸੇਪਿਟਿਕ ਗੁਣ ਹੁੰਦੇ ਹਨ, ਜੋ ਇਨ੍ਹਾਂ ਸਮੱਸਿਆਵਾਂ ਨੂੰ ਦੂਰ ਕਰਦੇ ਹਨ। ਇਸ ਤੋਂ ਇਲਾਵਾ ਨਿੰਮ ਦੇ ਪੱਤਿਆਂ 'ਚ ਨਿਬਿਡੀਨ, ਸੋਡੀਅਮ ਨਾਲ ਸਬੰਧਿਤ ਯੋਗਿਕ ਹੁੰਦਾ ਹੈ, ਜੋ ਚਮੜੀ ਦੇ ਰੋਗਾਂ ਦੇ ਇਲਾਜ ਦੇ ਕੰਮ ਆਉਂਦਾ ਹੈ। ਨਿੰਮ 'ਚ ਜੀਵਾਣੂਰੋਧਕ ਬੈਕਟੀਰੀਆ ਦੇ ਖ਼ਾਤਮੇ 'ਚ ਮਦਦ ਕਰਦੇ ਹਨ।

# ਸਿਹਤ ਸਬੰਧੀ ਸਮੱਸਿਆਵਾਂ ਤੋਂ ਨਿਜ਼ਾਤ ਪਾਉਣ ਲਈ ਖਾਓ ਅਰਬੀ ਦੇ ਪੱਤੇ, ਹੋਣਗੇ ਇਹ ਫ਼ਾਇਦੇ



ਅਰਬੀ ਦੀ ਸਬਜ਼ੀ ਖਾਣੀ ਸਾਰੇ ਲੋਕ ਖਾਣੀ ਬਹੁਤ ਪਸੰਦ ਕਰਦੇ ਹਨ। ਅਰਬੀ ਖਾਣ 'ਚ ਸੁਆਦ ਹੋਣ ਦੇ ਨਾਲ-ਨਾਲ ਸਿਹਤ ਲਈ ਵੀ ਬਹੁਤ ਫ਼ਾਇਦੇਮੰਦ ਹੁੰਦੀ ਹੈ। ਠੀਕ ਉਸੇ ਤਰ੍ਹਾਂ ਅਰਬੀ ਦੇ ਪੱਤੇ ਵੀ ਸਿਹਤ ਲਈ ਲਾਹੇਵੰਦ ਹਨ। ਅਰਬੀ ਦੇ ਪੱਤੇ ਵਿਟਾਮਿਨ-ਏ, ਵਿਟਾਮਿਨ-ਬੀ, ਵਿਟਾਮਿਨ-ਸੀ, ਕੈਲਸ਼ੀਅਮ, ਪੋਟਾਸ਼ੀਅਮ ਅਤੇ ਐਂਟੀ-ਆਕਸੀਡੈਂਟ ਨਾਲ ਭਰਪੂਰ ਹੁੰਦੇ ਹਨ। ਅਰਬੀ ਦੇ ਪੱਤੇ ਸਿਹਤ ਸਬੰਧਿਤ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ 'ਚ ਮਦਦਗਾਰ ਹੁੰਦੇ ਹਨ। ਇਸੇ ਲਈ ਅੱਜ ਅਸੀਂ ਤੁਹਾਨੂੰ ਅਰਬੀ ਦੇ ਪੱਤਿਆਂ ਦੇ ਸਿਹਤ ਨਾਲ ਜੁੜੇ ਤਮਾਮ ਫ਼ਾਇਦਿਆਂ ਬਾਰੇ ਜਾਣਕਾਰੀ ਦੇਣ ਜਾ ਰਹੇ ਹਾਂ...

**1. ਜੋੜਾਂ ਦੇ ਦਰਦ ਨੂੰ ਦੂਰ ਕਰੇ**

ਹਫ਼ਤੇ 'ਚ ਘੱਟ ਤੋਂ ਘੱਟ 2 ਵਾਰ ਇਸ ਦੀ ਸਬਜ਼ੀ ਜਾਂ ਕਾੜ੍ਹਾ ਬਣਾ ਕੇ ਪੀਣ ਨਾਲ ਜੋੜਾਂ ਦਾ ਦਰਦ ਗਾਇਬ ਹੋ ਜਾਵੇਗਾ।

**2. ਅੱਖਾਂ ਦੀ ਰੌਸ਼ਨੀ ਵਧਾਉਣ 'ਚ ਕਰਨ ਮਦਦ**

ਵਿਟਾਮਿਨ-ਏ ਨਾਲ ਭਰਪੂਰ ਹੋਣ ਕਾਰਨ ਅਰਬੀ ਦੇ ਪੱਤੇ ਅੱਖਾਂ ਲਈ ਬਹੁਤ ਹੀ ਫ਼ਾਇਦੇਮੰਦ ਹੁੰਦੇ ਹਨ। ਇਸ ਦੀ ਵਰਤੋਂ ਨਾ ਸਿਰਫ਼ ਅੱਖਾਂ ਦੀ ਰੌਸ਼ਨੀ ਨੂੰ ਤੇਜ਼ ਕਰਦਾ ਹੈ ਸਗੋਂ ਇਸ ਨਾਲ ਅੱਖਾਂ ਦੀ ਮਾਸਪੇਸ਼ੀਆਂ ਵੀ ਮਜ਼ਬੂਤ ਹੋ ਜਾਂਦੀਆਂ ਹਨ।

**3. ਭਾਰ ਘਟਾਉਣ 'ਚ ਮਦਦਗਾਰ**

ਇਸ 'ਚ ਫ਼ਾਈਬਰ ਭਰਪੂਰ ਮਾਤਰਾ 'ਚ ਮੌਜੂਦ ਹੁੰਦਾ ਹੈ ਜਿਸ ਨਾਲ ਮੈਟਾਬਾਲੀਜ਼ਮ ਐਕਟਿਵ ਰਹਿੰਦਾ ਹੈ ਅਤੇ ਤੁਹਾਨੂੰ ਭਾਰ ਘੱਟ ਕਰਨ 'ਚ ਮਦਦ ਮਿਲਦੀ ਹੈ।

**4. ਪੇਟ ਦੀਆਂ ਸਮੱਸਿਆਵਾਂ ਤੋਂ ਰਾਹਤ**

ਅਰਬੀ ਦੇ ਪੱਤਿਆਂ ਨੂੰ ਟੰਡਲ ਸਮੇਤ ਪਾਣੀ 'ਚ ਉਬਾਲ ਲਓ। ਫ਼ਿਰ ਉਸ 'ਚ ਥੋੜ੍ਹਾ ਜਿਹਾ ਘਿਉ ਮਿਲਾ ਲਓ। ਇਸ ਨੂੰ 3 ਦਿਨਾਂ ਤਕ ਘੱਟ ਤੋਂ ਘੱਟ 2 ਵਾਰ ਲਓ। ਇਸ ਨਾਲ ਪੇਟ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਖਤਮ ਹੋ ਜਾਣਗੀਆਂ।

**5. ਕੰਟਰੋਲ 'ਚ ਰਹਿੰਦਾ ਹੈ ਬਲੱਡ ਪ੍ਰੈਸ਼ਰ**

ਅਰਬੀ ਦੇ ਪੱਤਿਆਂ 'ਚ ਸੋਡੀਅਮ, ਪੋਟਾਸ਼ੀਅਮ, ਮੈਗਨੀਸ਼ੀਅਮ ਵਰਗੇ ਤੱਤ ਭਰਪੂਰ ਮਾਤਰਾ 'ਚ ਪਾਏ ਜਾਂਦੇ ਹਨ। ਇਸ ਦੀ ਵਰਤੋਂ ਕਰਨ ਨਾਲ ਬਲੱਡ ਪ੍ਰੈਸ਼ਰ ਕੰਟਰੋਲ ਕਰਨ 'ਚ ਮਦਦ ਮਿਲਦੀ ਹੈ।

**6. ਕੈਂਸਰ ਤੋਂ ਬਚਾਅ**

ਜੇਕਰ ਨਿਯਮਿਤ ਰੂਪ 'ਚ ਅਰਬੀ ਦੇ ਪੱਤਿਆਂ ਨਾਲ ਬਣੇ ਪਕਵਾਨਾਂ ਦੀ ਵਰਤੋਂ ਕੀਤੀ ਜਾਵੇ ਤਾਂ ਕੈਂਸਰ ਵਰਗੀਆਂ ਖਤਰਨਾਕ ਬੀਮਾਰੀਆਂ ਤੋਂ ਬਚਾਅ 'ਚ ਮਦਦ ਮਿਲਦੀ ਹੈ।

**7. ਤਣਾਅ ਤੋਂ ਮਿਲੇਗੀ ਰਾਹਤ**

ਇਸ ਦੀ ਵਰਤੋਂ ਨਾਲ ਤੁਹਾਡਾ ਦਿਮਾਗ ਸ਼ਾਂਤ ਰਹੇਗਾ, ਜਿਸ ਨਾਲ ਤਣਾਅ ਅਤੇ ਟੈਂਸ਼ਨ ਦੀ ਸਮੱਸਿਆ ਦੂਰ ਹੁੰਦੀ ਹੈ ਜੇਕਰ ਤੁਹਾਨੂੰ ਗੱਲ-ਗੱਲ 'ਤੇ ਗੁੱਸਾ ਆਉਂਦਾ ਹੈ ਤਾਂ ਇਸ ਦੀ ਵਰਤੋਂ ਤੁਹਾਡੇ ਗੁੱਸੇ ਨੂੰ ਵੀ ਸ਼ਾਂਤ ਕਰੇਗੀ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ।

ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ਾਮ ਦੇ ਸਮੇਂ ਭੁੱਖ ਲੱਗਣ ਤੇ ਕੀ ਖਾਈਏ ਤੇ ਕੀ ਨਾ, ਜਾਣੋ ਦਿਲਚਸਪ ਜਾਣਕਾਰੀ



ਮਾਨਸਿਕ ਤੇ ਸਰੀਰਕ ਤੌਰ 'ਤੇ ਫ਼ਿਟ ਰਹਿਣ ਲਈ ਅਸੀਂ ਹਮੇਸ਼ਾ ਸਵੇਰ ਦਾ ਨਾਸ਼ਤਾ ਕਰਨਾ ਜ਼ਰੂਰੀ ਮੰਨਦੇ ਹਨ। ਸਾਨੂੰ ਸਾਰਿਆਂ ਨੂੰ ਇੰਝ ਲੱਗਦਾ ਹੈ ਕਿ ਸਵੇਰ ਦਾ ਨਾਸ਼ਤਾ ਜਿੰਨਾ ਜ਼ਿਆਦਾ ਹੈਲਦੀ ਹੋਵੇਗਾ, ਸਾਡੀ ਸਿਹਤ ਵੀ ਓਨੀ ਜ਼ਿਆਦਾ ਤੰਦਰੁਸਤ ਰਹੇਗੀ। ਇਸ ਲਈ ਅਸੀਂ ਸਵੇਰ ਦਾ ਨਾਸ਼ਤਾ ਹੈਲਦੀ ਰੱਖਦੇ ਹਾਂ ਪਰ ਕੀ ਤੁਸੀਂ ਕਦੇ ਸੋਚਿਆ ਹੈ ਕਿ ਦੁਪਹਿਰ ਦੇ ਭੋਜਨ ਤੋਂ ਬਾਅਦ ਜੇਕਰ ਸ਼ਾਮ ਦੇ ਸਮੇਂ ਤੁਹਾਨੂੰ ਭੁੱਖ ਲੱਗ ਜਾਵੇ ਤਾਂ ਕੀ ਖਾਣਾ ਚਾਹੀਦਾ ਹੈ?

ਦੱਸ ਦੇਈਏ ਕਿ ਸ਼ਾਮ ਦੇ ਸਮੇਂ ਹਮੇਸ਼ਾ ਲੋਕ ਚਾਹ-ਸਮੋਸਾ, ਚਾਹ-ਬ੍ਰੈਡ, ਪਕੌੜੇ, ਮੋਮੋਜ਼ ਅਤੇ ਚਾਈਨੀਜ਼ ਫ਼ੂਡ ਦੀਆਂ ਦੁਕਾਨਾਂ 'ਤੇ ਨਜ਼ਰ ਆਉਣ ਲੱਗ ਪੈਂਦੇ ਹਨ। ਤੁਸੀਂ ਇਸ ਗੱਲ ਨੂੰ ਚੰਗੀ ਤਰ੍ਹਾਂ ਜਾਣਦੇ ਹੋਵੋਗੇ ਕਿ ਜਿਸ ਤੇਲ 'ਚ ਇਨ੍ਹਾਂ ਸਾਰੀਆਂ ਚੀਜ਼ਾਂ ਨੂੰ ਤਲ ਕੇ ਬਣਾਇਆ ਜਾਂਦਾ ਹੈ, ਉਹ ਤੁਹਾਡੀ ਸਿਹਤ ਲਈ ਖਤਰਨਾਕ ਸਿੱਧ ਹੋ ਸਕਦਾ ਹੈ। ਸਭ ਪਤਾ ਹੋਣ ਦੇ ਬਾਵਜੂਦ ਅਸੀਂ ਲੋਕ ਬੜੇ ਹੀ ਚਾਅ ਨਾਲ ਇਨ੍ਹਾਂ ਵਸਤਾਂ ਦਾ ਸੇਵਨ ਕਰਦੇ ਰਹਿੰਦੇ ਹਨ। ਇਸੇ ਲਈ ਅੱਜ ਅਸੀਂ ਤੁਹਾਨੂੰ ਦੱਸਣ ਜਾ ਰਹੇ ਹਾਂ ਕਿ ਜੇਕਰ ਤੁਹਾਨੂੰ ਸ਼ਾਮ ਦੇ ਸਮੇਂ ਭੁੱਖ ਲਗਦੀ ਹੈ ਤਾਂ ਤੁਹਾਨੂੰ ਕੀ-ਕੀ ਖਾਣਾ ਚਾਹੀਦਾ ਹੈ, ਜੋ ਸਰੀਰ ਲਈ ਫ਼ਾਇਦੇਮੰਦ ਹੈ....

**ਭੁੱਜੇ ਹੋਏ ਛੋਲੇ**

ਸ਼ਾਮ ਦੇ ਸਮੇਂ ਦਫ਼ਤਰ ਤੋਂ ਬਾਹਰ ਨਿਕਲ ਕੇ ਜੇਕਰ ਤੁਹਾਡਾ ਕੁਝ ਖਾਣ ਦਾ ਮਨ ਕਰ ਰਿਹਾ ਹੈ ਤਾਂ ਭੁੱਜੇ ਛੋਲੇ ਤੁਹਾਡੇ ਲਈ ਸਿਹਤਮੰਦ ਸਨੈਕਸ ਤੋਂ ਘੱਟ ਨਹੀਂ। ਛੋਲਿਆਂ 'ਚ ਫ਼ਾਈਬਰ ਦੀ ਭਰਪੂਰ ਮਾਤਰਾ ਪਾਈ ਜਾਂਦੀ ਹੈ, ਜਿਸ ਕਾਰਣ ਇਸ ਨੂੰ ਪਚਾਉਣ 'ਚ ਤੁਹਾਡੇ ਸਰੀਰ ਨੂੰ ਸਮਾਂ ਲੱਗਦਾ ਹੈ। ਭੁੱਜੇ ਛੋਲੇ ਤੁਹਾਨੂੰ ਕਈ ਘੰਟਿਆਂ ਤੱਕ ਪੇਟ ਭਰਿਆ ਹੋਣ ਦਾ ਅਹਿਸਾਸ ਦਿਵਾਉਂਦੇ ਹਨ। ਇਸ ਦੇ ਨਾਲ ਇਹ ਬਲੱਡ ਸ਼ੂਗਰ ਨੂੰ ਵੀ ਨਹੀਂ ਵਧਾਉਂਦੇ। ਜੇਕਰ ਤੁਸੀਂ ਭਾਰ ਘੱਟ ਕਰਨ ਦੀ ਕੋਸ਼ਿਸ਼ ਕਰ ਰਹੇ ਹੋ ਤਾਂ ਭੁੱਜੇ ਛੋਲੇ ਤੁਹਾਡੇ ਲਈ ਬੇਹੱਦ ਫ਼ਾਇਦੇਮੰਦ ਹਨ।

**ਘੱਟ ਲੂਣ ਵਾਲੀ ਭੁੱਜੀ ਮੂੰਗਫ਼ਲੀ**

ਮੂੰਗਫ਼ਲੀ 'ਚ ਵਿਟਾਮਿਨ ਈ ਅਤੇ ਬੀ-6, ਫ਼ੋਲਿਕ ਐਸਿਡ, ਮੈਗਨੀਸ਼ੀਅਮ ਅਤੇ ਪੋਟਾਸ਼ੀਅਮ ਵਰਗੇ ਪੋਸ਼ਕ ਤੱਤਾਂ ਦੀ ਚੋਖੀ ਮਾਤਰਾ ਪਾਈ ਜਾਂਦੀ ਹੈ, ਜੋ ਤੁਹਾਡੇ ਸਰੀਰ ਨੂੰ ਤੰਦਰੁਸਤ ਬਣਾਉਣ 'ਚ ਮਦਦ ਕਰਦੀ ਹੈ। ਘੱਟ ਲੂਣ 'ਚ ਭੁੱਜੀ ਹੋਈ ਮੂੰਗਫ਼ਲੀ ਤੁਹਾਡੇ ਬਲੱਡ ਪ੍ਰੈਸ਼ਰ ਨੂੰ ਵੀ ਕੰਟਰੋਲ 'ਚ ਕਰਨ ਦਾ ਕੰਮ ਕਰਦੀ ਹੈ।

**ਸਪ੍ਰਾਊਟਸ ਹੈ ਪ੍ਰੋਟੀਨ ਦਾ ਭੰਡਾਰ**

ਸ਼ਾਮ ਵੇਲੇ ਭੁੱਖ ਲੱਗਣ 'ਤੇ ਸਪ੍ਰਾਊਟਸ ਦਾ ਸੇਵਨ ਤੁਹਾਨੂੰ ਲੰਮੇ ਸਮੇਂ ਤੱਕ ਸੰਤੁਸ਼ਟ ਰੱਖਣ 'ਚ ਮਦਦ ਕਰਦਾ ਹੈ। ਸਵਾਦ ਲਈ ਤੁਸੀਂ ਇਸ 'ਚ ਨਿੰਬੂ, ਪਿਆਜ਼, ਟਮਾਟਰ ਅਤੇ ਕਾਲੀ ਮਿਰਚ ਵੀ ਪਾ ਸਕਦੇ ਹੋ।

**ਫ਼ਲ ਜਾਂ ਫ਼ਲਾਂ ਦਾ ਜੂਸ**

ਸ਼ਾਮ ਦੇ ਸਮੇਂ ਜੇਕਰ ਤੁਹਾਨੂੰ ਚਾਹ ਜਾਂ ਕੌਫ਼ੀ ਪੀਣ ਦੀ ਤਲਬ ਲੱਗਦੀ ਹੈ ਤਾਂ ਤੁਸੀਂ ਇਸ ਦੀ ਬਜਾਏ ਕੁੱਝ ਹੈਲਦੀ ਪੀਣ ਵਾਲੇ ਪਦਾਰਥਾਂ ਦਾ ਸੇਵਨ ਕਰ ਸਕਦੇ ਹੋ। ਤੁਸੀਂ ਭਾਵੇਂ ਬਾਹਰੋਂ ਫ਼ਲ ਖਰੀਦ ਲਵੋ ਜਾਂ ਫ਼ਿਰ ਤਾਜ਼ੇ ਫ਼ਲਾਂ ਦਾ ਰਸ ਪੀਓ। ਇਹ ਤੁਹਾਡੇ ਸਰੀਰ 'ਚ ਫ਼ਿਰ ਤੋਂ ਊਰਜਾ ਦਾ ਸੰਚਾਰ ਕਰਨਗੇ ਅਤੇ ਤੁਹਾਨੂੰ ਜ਼ਰੂਰੀ ਪੋਸ਼ਕ ਤੱਤ ਵੀ ਪ੍ਰਦਾਨ ਕਰਨਗੇ। ਤੁਸੀਂ ਆਪਣਾ ਪਸੰਦੀਦਾ ਫ਼ਲ ਜਿਵੇਂ ਸੇਬ, ਕੇਲਾ ਜਾਂ ਫ਼ਿਰ ਅਨਾਰ ਖਾ ਸਕਦੇ ਹੋ। ਇਸ ਤੋਂ ਇਲਾਵਾ ਤੁਸੀਂ ਕਿਸੇ ਵੀ ਕਿਸਮ ਦਾ ਸ਼ੇਕ ਵੀ ਪੀ ਸਕਦੇ ਹੋ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

ਕੌਮੀ ਪੱਤ੍ਰਿਕਾ

## ਸੰਪਾਦਕੀ

### ਨਕਲੀ ਜਾਂ ਜ਼ਹਿਰੀਲੀ ਸ਼ਰਾਬ ਦੇ ਨਾਜਾਇਜ਼ ਉਤਪਾਦਨ ਅਤੇ ਵਿੱਕਰੀ ਨੂੰ ਰੋਕਣ ਲਈ ਕਈ ਉਪਰਾਲੇ

ਸੁਪਰੀਮ ਕੋਰਟ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਨਕਲੀ ਜਾਂ ਜ਼ਹਿਰੀਲੀ ਸ਼ਰਾਬ ਦੇ ਨਾਜਾਇਜ਼ ਉਤਪਾਦਨ, ਢੋਆ-ਢੁਆਈ ਅਤੇ ਵਿੱਕਰੀ ਨੂੰ ਰੋਕਣ ਲਈ ਕਈ ਉਪਰਾਲੇ ਸੁਝਾਏ ਹਨ। ਦੇਸ਼ ਦੇ ਕਿਸੇ ਨਾ ਕਿਸੇ ਹਿੱਸੇ ਵਿੱਚ ਜ਼ਹਿਰੀਲੀ ਸ਼ਰਾਬ ਕਾਰਨ ਜਾਨਾਂ ਜਾਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਤਹਿਤ ਤਾਜ਼ਾ ਮਾਮਲਾ ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਤੋਂ ਸਾਹਮਣੇ ਆਇਆ ਹੈ। ਮੁੰਬਈ ਵਿੱਚ ਜ਼ਹਿਰੀਲੀ ਸ਼ਰਾਬ ਦੇ ਵੱਡੇ ਦੁਖਾਂਤ ਤੋਂ ਬਾਅਦ ਸਾਲ 2011 ਦੇ ਨੋਟੀਫਿਕੇਸ਼ਨ ਰਾਹੀਂ ਲਾਗੂ ਕੀਤੇ ਗਏ 'ਮਹਾਰਾਸ਼ਟਰ ਪ੍ਰਆਇਜ਼ਨ ਰੂਲਜ਼' (ਜ਼ਹਿਰ ਸਬੰਧੀ ਨਿਯਮਾਂ) ਦੇ ਕੁਝ ਉਪਬੰਧਾਂ ਨੂੰ ਰੱਦ ਕਰਦਿਆਂ ਅਦਾਲਤ ਨੇ ਇਸ ਸਮੱਸਿਆ ਨਾਲ ਨਜਿੱਠਣ ਲਈ ਇੱਕ ਤਾਲਮੇਲ ਵਾਲੇ ਅਤੇ ਬਹੁ-ਵਿਭਾਗੀ (ਮਲਟੀ-ਡਿਪਾਰਟਮੈਂਟ) ਤਰੀਕੇ ਦੀ ਮੰਗ ਕੀਤੀ ਹੈ। ਦਵਾਈਆਂ ਤਿਆਰ ਕਰਨ ਤੋਂ ਬਿਨਾਂ ਹੋਰ ਉਦਯੋਗਾਂ ਨੂੰ ਵੇਚੇ ਜਾਣ ਵਾਲੇ ਮਿਥੇਨੌਲ ਵਿੱਚ ਨਿਰਧਾਰਿਤ ਰੰਗ ਅਤੇ ਕੌੜਾ ਪਦਾਰਥ (ਬਿਟਰੈਂਟ) ਮਿਲਾਉਣ ਦੀ ਲੋੜ ਵਾਲੇ ਉਪਬੰਧਾਂ ਨੂੰ ਰੱਦ ਕਰਨਾ ਇਹ ਸਪੱਸ਼ਟ ਕਰਦਾ ਹੈ ਕਿ ਜਨਤਕ ਸੁਰੱਖਿਆ ਉਪਾਅ ਸਮੱਸਿਆ ਦੀ ਅਸਲ ਜੜ੍ਹ ਨੂੰ ਨਿਸ਼ਾਨਾ ਬਣਾਉਣ ਵਾਲੇ ਹੋਣੇ ਚਾਹੀਦੇ ਹਨ। ਨਕਲੀ ਸ਼ਰਾਬ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕਣਾ ਇੱਕ ਅਹਿਮ ਜਨਤਕ ਸਿਹਤ ਟੀਚਾ ਹੈ ਪਰ ਕਾਨੂੰਨ ਅਤੇ ਨੇਮ ਤਰਕਸੰਗਤ, ਪ੍ਰਭਾਵਸ਼ਾਲੀ ਅਤੇ ਸੰਤੁਲਿਤ ਵੀ ਹੋਣੇ ਚਾਹੀਦੇ ਹਨ। ਇਹ ਫ਼ੈਸਲਾ ਇਸ ਲਈ ਵੀ ਖ਼ਾਸ ਅਹਿਮੀਅਤ ਰੱਖਦਾ ਹੈ ਕਿਉਂਕਿ ਇਹ ਧਿਆਨ ਕਾਨੂੰਨੀ ਉਦਯੋਗਿਕ ਸਪਲਾਈ ਨੂੰ ਕੰਟਰੋਲ ਕਰਨ ਤੋਂ ਹਟਾ ਕੇ ਗੈਰ-ਕਾਨੂੰਨੀ (ਕਾਲਾਬਾਜ਼ਾਰੀ ਵਾਲੀ) ਸਪਲਾਈ ਚੇਨ ਨੂੰ ਤੋੜਨ ਵੱਲ ਮੋੜਦਾ ਹੈ। ਅਦਾਲਤ ਨੇ ਲਾਇਸੈਂਸਧਾਰਕਾਂ ਦੀ ਸਖ਼ਤ ਪੜਤਾਲ, ਮਿਥੇਨੌਲ ਦੇ ਭੰਡਾਰਾਂ ਦਾ ਨਿਯਮਤ ਹਿਸਾਬ-ਕਿਤਾਬ, ਸਟੋਰੇਜ ਅਤੇ ਢੋਆ-ਢੁਆਈ 'ਤੇ ਮਜ਼ਬੂਤ ਕੰਟਰੋਲ, ਛੇੜਛਾੜ-ਰੋਕੂ ਉਪਾਅ ਅਤੇ ਵਿਸ਼ੇਸ਼ ਟੈਂਕਰਾਂ ਦੀ ਵਰਤੋਂ ਕਰਨ ਦੇ ਸੁਝਾਅ ਦਿੱਤੇ ਹਨ। ਇਸ ਉੱਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਲੋੜ ਹੈ। ਜ਼ਹਿਰੀਲੀ ਸ਼ਰਾਬ ਦੇ ਦੁਖਾਂਤ ਸ਼ਾਇਦ ਹੀ ਕਦੇ ਕਿਸੇ ਇੱਕ ਨਿਯਮ ਦੀ ਉਲੰਘਣਾ ਦਾ ਸਿੱਟਾ ਹੁੰਦੇ ਹਨ। ਇਨ੍ਹਾਂ ਵਿੱਚ ਨਾਜਾਇਜ਼ ਖ਼ਰੀਦੋ-ਫ਼ਰੋਖ਼ਤ, ਰਸਤੇ ਵਿੱਚੋਂ ਹੇਰਾਫੇਰੀ (ਸਮੱਗਲਿੰਗ), ਚੋਰੀ, ਭ੍ਰਿਸ਼ਟਾਚਾਰ, ਨਾਕਾਫ਼ੀ ਸਖ਼ਤੀ ਅਤੇ ਸਸਤੇ ਉਦਯੋਗਿਕ ਮਿਥੇਨੌਲ ਦੀ ਉਪਲਬਧਤਾ ਸ਼ਾਮਲ ਹੁੰਦੀ ਹੈ। ਇੱਥੋਂ ਤੱਕ ਕਿ ਗੁਜਰਾਤ ਵਰਗੇ ਸ਼ਰਾਬਬੰਦੀ ਵਾਲੇ ਸੂਬੇ ਵਿੱਚ ਵੀ ਹਾਲ ਹੀ ਵਿੱਚ ਨਕਲੀ ਸ਼ਰਾਬ ਪੀਣ ਨਾਲ ਮੌਤਾਂ ਦਾ ਮਾਮਲਾ ਸਾਹਮਣੇ ਆਇਆ ਸੀ। ਸਿਰਫ਼ ਪਾਬੰਦੀ ਲਗਾ ਦੇਣਾ ਇਸ ਗੱਲ ਦੀ ਗਾਰੰਟੀ ਨਹੀਂ ਕਿ ਨਕਲੀ ਸ਼ਰਾਬ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗੀ, ਕਿਉਂਕਿ ਜਦੋਂ ਤੱਕ ਮੰਗ ਬਣੀ ਰਹਿੰਦੀ ਹੈ, ਕਾਲਾਬਾਜ਼ਾਰੀ ਦੇ ਅਜਿਹੇ ਬਾਜ਼ਾਰ ਚੱਲਦੇ ਰਹਿੰਦੇ ਹਨ। ਅਸਰਦਾਰ ਰੋਕਥਾਮ ਲਈ ਪ੍ਰਸ਼ਾਸਨ ਨੂੰ ਮਿਥੇਨੌਲ ਦੀ ਖ਼ਰੀਦ ਤੋਂ ਲੈ ਕੇ ਇਸ ਦੀ ਵਰਤੋਂ ਤੱਕ ਸਾਰੇ ਪਾਸੇ ਤਿੱਖੀ ਨਜ਼ਰ ਰੱਖਣ ਦੀ ਲੋੜ ਹੈ। ਜਾਨਾਂ ਦੀ ਰੱਖਿਆ ਕਰਨ ਅਤੇ ਜਾਇਜ਼ ਉਦਯੋਗਾਂ ਨੂੰ ਇੱਕ ਸਪੱਸ਼ਟ ਤੇ ਕੰਮ ਕਰਨ ਯੋਗ ਕਾਨੂੰਨੀ ਦਾਇਰੇ ਵਿੱਚ ਰੱਖਣ ਲਈ ਅਦਾਲਤ ਦੇ ਸੁਝਾਵਾਂ 'ਤੇ ਅਮਲ ਕਰਨਾ ਸਰਕਾਰਾਂ ਦੀ ਮੁੱਖ ਜ਼ਿੰਮੇਵਾਰੀ ਬਣਦੀ ਹੈ।

## ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਹੋਵੇਗੀ ਸ਼ੁਰੂ: ਡਿਪਟੀ ਕਮਿਸ਼ਨਰ

**ਪਟਿਆਲਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ, ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ 108 ਮੰਡੀਆਂ ਨੂੰ ਝੋਨੇ ਦੀ ਖਰੀਦ ਲਈ ਖਰੀਦ ਕੇਂਦਰ ਵਜੋਂ ਨਿਰਧਾਰਿਤ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਅਤੇ ਫ਼ਸਲ ਦੀ ਸਮੇਂ ਸਿਰ ਖਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਰੀਦ ਪ੍ਰਕਿਰਿਆ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇਗੀ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਝੋਨੇ ਦੀ ਸੁੱਕੀ ਫ਼ਸਲ ਹੀ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸਾਨ ਫ਼ਸਲ ਦੀ ਕਟਾਈ ਅਤੇ ਮੰਡੀ ਵਿੱਚ ਲਿਆਉਣ ਸਬੰਧੀ ਨਿਰਧਾਰਿਤ ਮਾਪਦੰਡਾਂ ਦੀ ਪਾਲਣਾ ਕਰਨ ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਾ ਆਵੇ।

ਡਿਪਟੀ ਕਮਿਸ਼ਨਰ ਨੇ ਸਮੂਹ ਕਿਸਾਨਾਂ ਨੂੰ ਝੋਨੇ ਦੀ ਕਟਾਈ ਤੋਂ ਬਾਅਦ ਬਚਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕੀਤਾ ਜਾਵੇ ਅਤੇ ਸੰਭਵ ਹੋਵੇ ਤਾਂ ਇਸ ਨੂੰ ਖੇਤ ਦੀ ਮਿੱਟੀ ਵਿੱਚ ਹੀ ਮਿਲਾਇਆ ਜਾਵੇ। ਉਨ੍ਹਾਂ ਕਿਹਾ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਮਿਲਾਉਣ ਨਾਲ ਜਿੱਥੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ, ਉੱਥੇ ਹੀ ਹਵਾ ਪ੍ਰਦੂਸ਼ਣ ਨੂੰ ਰੋਕਣ ਅਤੇ ਵਾਤਾਵਰਨ ਦੀ ਸੰਭਾਲ ਵਿੱਚ ਵੀ ਮਦਦ ਮਿਲਦੀ ਹੈ।

ਉਨ੍ਹਾਂ ਕਿਸਾਨਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਖਰੀਦ ਅਤੇ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।

## ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਮੁਹਾਲੀ ਵਿਖੇ ਦਾਖ਼ਲਾ ਪ੍ਰਕਿਰਿਆ ਸ਼ੁਰੂ

**ਜਲੰਧਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਵਿੱਚ ਜਾਣ ਦੇ ਚਾਹਵਾਨ ਉਮੀਦਵਾਰਾਂ (ਲੜਕੇ) ਲਈ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.), ਮੁਹਾਲੀ ਵੱਲੋਂ ਮੁਫ਼ਤ ਮੁੱਢਲੀ ਲਿਖਤੀ ਅਤੇ ਫਿਜ਼ੀਕਲ ਸਿਖ਼ਲਾਈ ਲਈ ਦਾਖ਼ਲਾ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਚਾਹਵਾਨ ਲੜਕੇ ਏ.ਐਫ.ਪੀ.ਆਈ. ਵਿੱਚ ਦਾਖ਼ਲੇ ਲਈ ਵੈੱਬ ਪੋਰਟਲ https://recruitment-portal.in 'ਤੇ 1 ਅਕਤੂਬਰ 2026 ਤੋਂ 15 ਦਸੰਬਰ 2026 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਦੇ ਲਈ ਦਾਖ਼ਲਾ ਪ੍ਰੀਖਿਆ 3 ਜਨਵਰੀ, 2027 ਨੂੰ ਹੋਵੇਗੀ।

ਉਨ੍ਹਾਂ ਦੱਸਿਆ ਕਿ ਉਕਤ ਮੁੱਢਲੀ ਸਿਖ਼ਲਾਈ ਹਿੱਤ ਏ.ਐਫ.ਪੀ.ਆਈ. ਵਿੱਚ ਦਾਖ਼ਲੇ ਲਈ ਵਿਦਿਆਰਥੀਆਂ ਨੂੰ ਮੈਟ੍ਰਿਕ ਪੱਧਰ ਦੀ ਭਾਸ਼ਾ ਅੰਗਰੇਜ਼ੀ, ਗਣਿਤ ਅਤੇ ਸਮਾਜਿਕ ਅਧਿਐਨ (ਸੀ.ਬੀ.ਐਸ.ਈ.) ਦਾ ਲਿਖ਼ਤੀ ਦਾਖ਼ਲਾ ਟੈਸਟ ਪਾਸ ਕਰਨਾ ਹੋਵੇਗਾ।

ਇਸ ਤੋਂ ਇਲਾਵਾ ਵਿਦਿਆਰਥੀ ਪੰਜਾਬ ਦਾ ਵਸਨੀਕ ਹੋਣਾ ਚਾਹੀਦਾ ਹੈ ਅਤੇ ਉਸਦੀ ਜਨਮ ਮਿਤੀ 2 ਜਨਵਰੀ 2010 ਤੋਂ ਪਹਿਲਾਂ ਨਾ ਹੋਵੇ। ਮੌਜੂਦਾ ਸਮੇਂ ਵਿਦਿਆਰਥੀ ਦਸਵੀਂ ਜਮਾਤ ਵਿੱਚ ਪੜ੍ਹਦਾ ਹੋਵੇ। ਗਿਆਰਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀ ਵੀ ਅਪਲਾਈ ਕਰ ਸਕਦੇ ਹਨ ਪਰ ਉਨ੍ਹਾਂ ਨੂੰ ਗਿਆਰਵੀਂ ਜਮਾਤ ਵਿੱਚ ਦਾਖ਼ਲ ਕੀਤਾ ਜਾਵੇਗਾ ਅਤੇ ਉਨ੍ਹਾਂ ਲਈ ਨਿਰਧਾਰਤ ਉਮਰ ਦੇ ਮਾਪਦੰਡਾਂ ਨੂੰ ਪੂਰਾ ਕਰਨਾ ਲਾਜ਼ਮੀ ਹੋਵੇਗਾ।

ਉਨ੍ਹਾਂ ਦੱਸਿਆ ਕਿ ਏ.ਐਫ.ਪੀ.ਆਈ. ਵਿਖੇ ਦਾਖ਼ਲਾ ਪ੍ਰੀਖਿਆ ਪਾਸ ਕਰਨ ਵਾਲੇ ਲੜਕਿਆਂ ਨੂੰ ਮੁਹਾਲੀ ਦੇ ਵਧੀਆ ਸਕੂਲਾਂ ਵਿੱਚੋਂ ਕਿਸੇ ਇੱਕ ਵਿੱਚ ਗਿਆਰਵੀਂ ਅਤੇ ਬਾਰਵੀਂ ਜਮਾਤਾਂ ਲਈ ਉੱਚ ਸਬਸਿਡੀ 'ਤੇ ਸਿੱਖਿਆ ਪ੍ਰਾਪਤ ਕਰਨ ਦਾ ਮੌਕਾ ਹਾਸਲ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਲਈ ਏ.ਐਫ.ਪੀ.ਆਈ. ਵਿਖੇ ਖੇਡਾਂ ਸਮੇਤ ਹੋਰ ਗਤੀਵਿਧੀਆਂ, ਮੁਫ਼ਤ ਹੋਸਟਲ ਅਤੇ ਖਾਣੇ ਦੀ ਸੁਵਿਧਾ ਉਪਲਬਧ ਹੋਵੇਗੀ।

ਵਧੇਰੇ ਜਾਣਕਾਰੀ ਲਈ ਸੰਸਥਾ ਦੀ ਵੈੱਬਸਾਈਟ www.mrsafpi.punjab.gov.in ਦੇਖੀ ਜਾ ਸਕਦੀ ਹੈ ਅਤੇ ਸੰਸਥਾ ਦੀ ਈਮੇਲ ਆਈ.ਡੀ. afpi_mohali@yahoo.com, mrsafpidirector@gmail.com ਜਾਂ ਸੰਪਰਕ ਨੰ. 0172-2219707/ 9041006305 'ਤੇ ਰਾਬਤਾ ਕੀਤਾ ਜਾ ਸਕਦਾ ਹੈ

## ਪੰਜਾਬ ਸਰਕਾਰ ਨੇ ਗੁਰੂ ਜੀ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਕੀਤਾ ਵਿਸ਼ੇਸ਼ ਉਪਰਾਲਾ : ਜੱਸਾ ਪੱਟੀ

**ਤਰਨਤਾਰਨ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਅੱਜ ਸ਼ਾਮ ਸ੍ਰੀ ਗੁਰੂ ਹਰਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ, ਪੱਟੀ ਦੀ ਗਰਾਊਂਡ ਵਿੱਚ 500 ਡਰੋਨਾਂ ਰਾਹੀਂ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ।

ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਦੀ ਅਗਵਾਈ ਹੇਠ ਕਰਵਾਏ ਗਏ ਇਸ ਦਿਲਕਸ਼ ਸ਼ੋਅ ਦੌਰਾਨ ਅਸਮਾਨ ਵਿੱਚ ਰੌਸ਼ਨੀਆਂ ਰਾਹੀਂ ਗੁਰੂ ਜੀ ਦੇ ਜੀਵਨ, ਮਹਾਨ ਸਿੱਖਿਆਵਾਂ, ਸੱਚੀ-ਸੁੱਚੀ ਕਿਰਤ ਅਤੇ ਸਰਬ-ਸਾਂਝੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।

ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਤਕਨਾਲੋਜੀ ਅਤੇ ਅਧਿਆਤਮਿਕਤਾ ਦੇ ਇਸ ਵਿਲੱਖਣ ਸੁਮੇਲ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਨਿਹਾਰਿਆ। ਡਰੋਨਾਂ ਰਾਹੀਂ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਬਾਖ਼ੂਬੀ ਪੇਸ਼ ਕੀਤਾ ਗਿਆ।

ਇਸ ਮੌਕੇ ਹਲਕਾ ਇੰਚਾਰਜ ਜਸਕੰਵਰ ਸਿੰਘ ਜੱਸਾ ਪੱਟੀ, ਇਸ ਐਸਡੀਐਮ ਪੱਟੀ ਅਮਨਦੀਪ, ਡੀਐਸਪੀ ਪੱਟੀ ਰਵੀ ਸ਼ੇਰ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਪੱਟੀ ਗੁਰਵੰਤ ਸਿੰਘ ਜੋਤੀ ਸ਼ਾਹ ਕੌਂਸਲਰ ਕਵਲਪ੍ਰੀਤ ਸਿੰਘ ਗਿੱਲ ਕੌਂਸਲਰ, ਪ੍ਰਿੰਸੀਪਲ ਜਸਬੀਰ ਕੌਰ ਸੈਣੀ, ਸਟੇਜ ਸਕੱਤਰ ਲੈਕਚਰਾਰ ਕੁਲਵਿੰਦਰ ਸਿੰਘ, ਰਾਜਨਪ੍ਰੀਤ ਸਿੰਘ ਕੌਂਸਲਰ, ਸਰਜੀਤ ਸਿੰਘ ਕੌਂਸਲਰ, ਹਰਜਿੰਦਰ ਸਿੰਘ ਪੱਪੂ, ਐਡਵੋਕੇਟ ਮਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਸਰਪੰਚ ਨੂੰਸ਼ਹਿਰਾ ਪੰਨੂਆ, ਬਲਜਿੰਦਰ ਸਿੰਘ ਚੂਸਲੇਵੜ, ਜਗਤਾਰ ਸਿੰਘ ਬੱਬੀ, ਗਗਨਦੀਪ ਸਿੰਘ ਗੁਲਾਲੀਪੁਰ, ਜੇ ਈ ਮਨਜਿੰਦਰ ਸਿੰਘ, ਹੈਪੀ ਕੰਬੋਜ, ਨੰਬਰਦਾਰ ਧਰਵਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸ਼ਹਿਰਵਾਸੀ ਹਾਜ਼ਰ ਸਨ।

ਸੰਗਤ ਨੂੰ ਸੰਬੋਧਨ ਕਰਦਿਆਂ ਜਸਕੰਵਰ ਸਿੰਘ ਜੱਸਾ ਪੱਟੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ, ਤਾਂ ਜੋ ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਮਹਾਨ ਫਲਸਫ਼ੇ ਤੋਂ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਡਰੋਨ ਸ਼ੋਅ ਗੁਰੂ ਜੀ ਦੇ ਬਰਾਬਰੀ ਤੇ ਮਨੁੱਖੀ ਸਨਮਾਨ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ।

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਸਬੰਧੀ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਵਿਸ਼ੇਸ਼ ਵੈਨਾਂ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ ਸੂਬੇ ਦੇ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਦਕਿ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਉਦੇਸ਼ ਗੁਰੂ ਜੀ ਦੇ ਸਰਬ-ਸਾਂਝੇ ਫ਼ਲਸਫ਼ੇ ਅਤੇ ਸਿੱਖਿਆਵਾਂ ਦਾ ਵੱਧ ਤੋਂ ਵੱਧ ਪ੍ਰਸਾਰ ਕਰਨਾ ਹੈ।

ਉਨ੍ਹਾਂ ਨੇ ਕਿਹਾ ਕਿ ਗੁਰੂ ਜੀ ਦਾ ਜੀਵਨ ਅਤੇ ਬਾਣੀ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਸਾਂਝੀਵਾਲਤਾ ਅਤੇ ਸਨਮਾਨ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦੇ ਹਨ।

ਇਸ ਤੋਂ ਪਹਿਲਾਂ ਭਾਈ ਜਸਬੀਰ ਸਿੰਘ ਜੀ ਜਲੰਧਰ ਵਾਲਿਆਂ ਦੇ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ।

## ਵਧੀਕ ਜ਼ਿਲ੍ਹਾ ਸੈਂਸਜ਼ ਅਫਸਰ ਦੀ ਪ੍ਰਧਾਨਗੀ ਹੇਠ ਹੋਈ ਜਨਗਣਨਾ 2027 ਸਬੰਧੀ ਜ਼ਿਲ੍ਹਾ ਫਾਜ਼ਿਲਕਾ ਵਿੱਚ ਦੂਜੇ ਫੇਜ਼ ਦੀ ਦੋ ਦਿਨਾਂ ਵਿਸ਼ੇਸ਼ ਟ੍ਰੇਨਿੰਗ



**ਫਾਜ਼ਿਲਕਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ (ਜਨ.)-ਕਮ-ਜ਼ਿਲ੍ਹਾ ਸੈਂਸਜ਼ ਅਫਸਰ ਡਾ. ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਜਨਗਣਨਾ 2027 ਦੇ ਸਫਲ ਆਯੋਜਨ ਲਈ ਜ਼ਿਲ੍ਹਾ ਫਾਜ਼ਿਲਕਾ ਵਿੱਚ ਦੂਜੇ ਫੇਜ਼ ਤਹਿਤ ਦੋ ਦਿਨਾਂ ਵਿਸ਼ੇਸ਼ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਜ਼ਿਲ੍ਹੇ ਨਾਲ ਸਬੰਧਤ ਚਾਰਜ ਅਫ਼ਸਰਾਂ ਅਤੇ ਟੈਕਨੀਕਲ ਅਸਿਸਟੈਂਟਾਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੈਂਸਜ਼ ਵਿਭਾਗ ਪੰਜਾਬ ਚੰਡੀਗੜ੍ਹ ਦੇ ਜੁਆਇੰਟ ਡਾਇਰੈਕਟਰ ਸ਼੍ਰੀ ਆਰ.ਪੀ.ਸਿੰਘ ਅਤੇ ਜ਼ਿਲ੍ਹਾ ਕੋਆਰਡੀਨੇਟਰ ਫਾਜ਼ਿਲਕਾ ਸ਼੍ਰੀ ਕਾਰਤਿਕ ਆਰਿਆ ਅਤੇ ਬਿਮਲ ਕੁਮਾਰ (ਜੇ.ਈ) ਵੀ ਮੌਜੂਦ ਸਨ।

ਜੁਆਇੰਟ ਡਾਇਰੈਕਟਰ ਸੈਂਸਜ਼ ਵਿਭਾਗ ਪੰਜਾਬ ਚੰਡੀਗੜ੍ਹ ਸ਼੍ਰੀ ਆਰ.ਪੀ.ਸਿੰਘ ਅਤੇ ਜ਼ਿਲ੍ਹਾ ਕੋਆਰਡੀਨੇਟਰ ਫਾਜ਼ਿਲਕਾ ਸ਼੍ਰੀ ਕਾਰਤਿਕ ਆਰਿਆ ਅਤੇ ਬਿਮਲ ਕੁਮਾਰ (ਜੇ.ਈ) ਵੱਲੋਂ ਜਨਗਣਨਾ 2027 ਸਬੰਧੀ ਵੱਖ-ਵੱਖ ਤਕਨੀਕੀ ਅਤੇ ਪ੍ਰਸ਼ਾਸਕੀ ਪੱਖਾਂ ਬਾਰੇ ਵਿਸਥਾਰਪੂਰਵਕ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਵਿੱਚ ਅਬਾਦੀ ਦੀ ਗਣਨਾ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਕੀਤੀ ਜਾਵੇਗੀ ਅਤੇ 04 ਜਨਵਰੀ 2027 ਸ਼ਾਮ 06 ਵਜੇ ਤੋਂ ਰਾਤ 12 ਵਜੇ ਤੱਕ ਬੇਘਰੇ ਲੋਕਾਂ ਦੀ ਗਣਨਾ ਕੀਤੀ ਜਾਵੇਗਾ ਅਤੇ ਸੈਲਫ਼-ਇਨਯੂਮਰੇਸ਼ਨ ਦੀ ਸੁਵਿਧਾ ਵੀ ਪਹਿਲੇ ਫੇਜ ਦੀ ਤਰ੍ਹਾਂ ਉਪਲਬਧ ਰਹੇਗੀ। ਜਨਗਣਨਾ ਦੀ ਪੂਰੀ ਕਾਰਵਾਈ ਡਿਜੀਟਲ ਮੋਡ ਰਾਹੀਂ ਸੰਪੰਨ ਕਰਵਾਈ ਜਾਵੇਗੀ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ 16 ਨਵੰਬਰ ਤੋਂ 30 ਨਵੰਬਰ 2026 ਤੱਕ 15 ਦਿਨ ਲਈ ਪੋਰਟਲ ਖੋਲ੍ਹਿਆ ਜਾਵੇਗਾ, ਜਿਸ ਰਾਹੀਂ ਹਰ ਵਿਅਕਤੀ ਆਪਣੇ ਪਰਿਵਾਰ ਦੀ ਜਾਣਕਾਰੀ ਖੁਦ ਆਨਲਾਈਨ ਦਰਜ ਕਰ ਸਕੇਗਾ।

ਵਧੀਕ ਡਿਪਟੀ ਕਮਿਸ਼ਨਰ ਡਾ. ਮਨਦੀਪ ਕੌਰ ਨੇ ਮੀਟਿੰਗ ਵਿੱਚ ਮੌਜੂਦ ਸਮੂਹ ਉੱਪ ਮੰਡਲ ਮੈਜਿਸਟ੍ਰੇਟ, ਚਾਰਜ ਅਫ਼ਸਰਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫ਼ਸਰਾਂ ਅਤੇ ਟੈਕਨੀਕਲ ਅਸਿਸਟੈਂਟਾਂ ਨੂੰ ਹਦਾਇਤ ਕੀਤੀ ਕਿ ਜਨਗਣਨਾ 2027 ਦੇ ਕੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੀਆਂ ਡਿਊਟੀਆਂ ਪੂਰੀ ਨਿਸ਼ਠਾ, ਜ਼ਿੰਮੇਵਾਰੀ ਅਤੇ ਸਮੇਂ-ਸਿਰ ਨਿਭਾਈਆਂ ਜਾਣ।

ਇਸ ਮੌਕੇ ਲਖਵਿੰਦਰ ਸਿੰਘ ਡਿਪਟੀ ਈ.ਐਸ.ਏ-ਕਮ-ਵਧੀਕ ਜ਼ਿਲ੍ਹਾ ਸੈਂਸਜ਼ ਅਫਸਰ ,ਅਮਨ ਗਿਰਧਰ, ਸੁਰਿੰਦਰ ਕੰਬੋਜ,ਰਾਕੇਸ਼, ਜ਼ਿਲ੍ਹਾ ਸੈਂਸਜ਼ ਸੈਲ ਤੋਂ ਵਿਵੇਕ ਕਟਾਰੀਆ, ਅਸ਼ੀਸ਼ ਗੁੰਬਰ, ਵਰਿੰਦਰ ਨਾਰੰਗ ਹਾਜ਼ਰ ਸਨ।

## ਖੇਤੀਬਾੜੀ ਵਿਭਾਗ ਵਲੋਂ ਪਿੰਡ ਅੱਲੜ੍ਹ ਪਿੰਡੀ ਵਿਖੇ ਲਗਾਇਆ ਕੈਂਪ, ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕੀਤਾ

**ਗੁਰਦਾਸਪੁਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਡਾ. ਸ਼ਹਿਬਾਜ ਸਿੰਘ ਚੀਮਾ ਦੀ ਹਦਾਇਤਾਂ ,ਬਲਾਕ ਖੇਤੀਬਾੜੀ ਅਫ਼ਸਰ ਕਲਾਨੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਅੰਮ੍ਰਿਤਪਾਲ ਕੌਰ ਏਈਓ ਦੀ ਅਗਵਾਈ ਹੇਠ ਸੀ ਆਰ ਐੱਮ ਅਤੇ ਆਈ ਈ ਸੀ ਗਤੀਵਿਧੀਆਂ ਅਧੀਨ ਪਿੰਡ ਪੱਧਰੀ ਕੈਂਪ ਅੱਲੜ੍ਹ ਪਿੰਡੀ, ਬਲਾਕ ਕਲਾਨੌਰ ਵਿਖੇ ਲਗਾਇਆ ਗਿਆ।

ਅੰਮ੍ਰਿਤਪਾਲ ਕੌਰ ਏ.ਈ.ਓ ਨੇ ਦੱਸਿਆ ਕਿ ਜਾਗਰੂਕਤਾ ਕੈਂਪ ਦੌਰਾਨ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਵਾਤਾਵਰਨ ਤੇ ਮਨੁੱਖੀ ਜੀਵਨ ਤੇ ਪੈਂਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕੀਤਾ ਗਿਆ , ਵਿਭਾਗੀ ਗਤੀਵਿਧੀਆਂ ਕਿਸਾਨ ਰਜਿਸਟਰੀ , ਪਰਾਲੀ ਪ੍ਰਬੰਧਨ ਲਈ ਮਸੀਨਰੀ ਦੀ ਸਬਸਿਡੀ ਸਬੰਧੀ ਜਾਣਕਾਰੀ ਦਿੱਤੀ ਗਈ।

ਇਸ ਦੇ ਨਾਲ ਹੀ ਕਿਸਾਨਾਂ ਤੋਂ ਪ੍ਰਣ ਲਿਆ ਗਿਆ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਜ਼ੀਰੋ ਬਰਨਿੰਗ ਦੀ ਮੁਹਿੰਮ ਵਿੱਚ ਅਪਣਾ ਯੋਗਦਾਨ ਪਾਉਣਗੇ ।ਇਸ ਮੌਕੇ ਸੁਖਦੀਪ ਕੌਰ ਬੇਲਦਾਰ ਅਤੇ ਸਰਪੰਚ ਹਰਜੀਤ ਕੁਮਾਰ , ਨੰਬਰਦਾਰ ਦਿਲਬਾਗ ਸਿੰਘ , ਮੈਂਬਰ ਪੰਚਾਇਤ ਜਨਕ ਰਾਜ , ਸ਼ੀਲਾ ਦੇਵੀ , ਬਲਵੰਤ ਸਿੰਘ ਅਤੇ ਅਗਾਂਹਵਧੂ ਕਿਸਾਨ ਰਵਿੰਦਰ ਸਿੰਘ , ਕਿਸਾਨ ਯੂਨੀਅਨ ਦੇ ਪ੍ਰੈਸ ਸਕੱਤਰ ਸੁਖਦੇਵ ਸਿੰਘ ਤੇ ਵੱਡੀ ਗਿਣਤੀ ਚ ਕਿਸਾਨ ਹਾਜ਼ਿਰ ਸਨ।

## ਵਿਧਾਇਕ ਸ਼ੈਰੀ ਕਲਸੀ ਨੇ ਵਿਦਿਆਰਥੀਆਂ ਵਲੋਂ ਪੁੱਛੇ ਵੱਖ ਵੱਖ ਸਵਾਲਾਂ ਦੇ ਜਵਾਬ ਦਿੱਤੇ

**ਬਟਾਲਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਥਾਨਕ ਬੇਰਿੰਗ ਯੂਨੀਅਨ ਕ੍ਰਿਸਚੀਅਨ ਕਾਲਜ ਬਟਾਲਾ ਵਿਖੇ ਵਿਦਿਆਰਥੀਆਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਵਲੋਂ ਵਿਦਿਆਰਥੀਆਂ ਵਲੋਂ ਪੁੱਛੇ ਵੱਖ ਵੱਖ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ,ਕਾਲਜ ਦੇ ਸੈਕਟਰੀ ਡਾ. ਡੈਰਿਕ ਏਂਗਲਜ, ਕਾਰਜਕਾਰੀ ਪ੍ਰਿੰਸੀਪਲ ਡਾ. ਜੇ. ਪੀ ? ਸਿੰਘ, ਨਿਸ਼ਾਨ ਸਿੰਘ ਰੰਧਾਵਾ ਚੇਅਰਮੈਨ, ਬਲਾਕ ਸਮਿਤੀ ਬਟਾਲਾ, ਗਗਨਦੀਪ ਸਿੰਘ ਪੀ. ਏ, ਨਵਦੀਪ ਸਿੰਘ ਐਜੂਕੇਸ਼ਨ ਇੰਚਾਰਜ, ਐਮ ਐਲ ਏ ਆਫ਼ਿਸ, ਸਾਹਿਲ ਪੀ. ਏ. ਡਾ ਅਮਿਤਾ ਕਮੇਟੀ ਮੈਂਬਰ, ਪ੍ਰੋ ਨੀਰਜ ਕੁਮਾਰ ਸ਼ਰਮਾ (ਸਟਾਫ਼ ਸੈਕ੍ਰੇਟਰੀ), ਡਾ ਰਾਜਨ ਚੌਧਰੀ (ਨੋਡਲ ਅਫਸਰ, ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ), ਪ੍ਰੋ ਰਾਜੀਵ ਮੈਕਮੂਲਨ, ਪ੍ਰੋ ਹਰਪ੍ਰਭਦੀਪ ਸਿੰਘ, ਡਾ ਈਸ਼ਾ , ਪ੍ਰੋ. ਅਸ਼ਵਨੀ ਕੁਮਾਰ (ਪ੍ਰੋਗਰਾਮ ਅਫ਼ਸਰ ਐਨ ਐਸ ਐਸ), ਮਿ. ਸੈਮਸਨ,ਮਿ. ਰੋਬਿਨ ਕੁਮਾਰ, ਪ੍ਰੋ ਨਰਿੰਦਰ ਸਿੰਘ, ਡਾ ਲਲਿਤ ਕੁਮਾਰ (ਵਿੱਤ ਸੈਕਰ, ਪ੍ਰੋ ਪਰਮਿੰਦਰਜੀਤ ਕੌਰ, ਪ੍ਰੋ ਅਨੂ, ਡਾ ਅੰਜੂ ਪੁਰੀ, ਪ੍ਰੋ ਰਮਨਦੀਪ ਕੌਰ,ਪ੍ਰੋ ਆਕਾਸ਼ ਗਿੱਲ, ਪ੍ਰੋ ਜਗਦੀਪ ਸਿੰਘ, ਪ੍ਰੋ ਸ਼ਵੇਤਾ, ਪ੍ਰੋ ਸ਼ਰਨਜੀਤ ਸਿੰਘ, ਪ੍ਰੋ ਕੋਮਲਦੀਪ ਕੌਰ, ਪ੍ਰੋ ਅਲਕਾ,ਡਾ ਰਿਤੂ ਪਾਂਧੀ, ਪ੍ਰੋ ਸਤਿੰਦਰ ਕੌਰ , ਪ੍ਰੋ ਜਗਪ੍ਰੀਤ ਸਿੰਘ, ਪ੍ਰੋ ਤੁਸ਼ਾਰ ਬਤਰਾ ਮਿ ਪ੍ਰਦੀਪ ਕੁਮਾਰ ਮੌਜੂਦ ਸਨ।

ਵਿਧਾਇਕ ਸ਼ੈਰੀ ਕਲਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹੁੰਦੇ ਹਨ। ਜੇਕਰ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਸਿੱਖਿਆ, ਖੇਡਾਂ ਅਤੇ ਸਮਾਜ ਸੇਵਾ ਵੱਲ ਧਿਆਨ ਦੇਣ ਤਾਂ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਥਾਪਨਾ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਨਾ ਸਿਰਫ਼ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੇ ਹਨ, ਸਗੋਂ ਪਰਿਵਾਰਾਂ ਅਤੇ ਸਮਾਜ ਨੂੰ ਵੀ ਪ੍ਰਭਾਵਿਤ ਕਰਦੇ ਹਨ।

ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦੋਸਤਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕ ਕਰਨ ਅਤੇ ਜੇਕਰ ਕਿਸੇ ਨੂੰ ਨਸ਼ੇ ਦੀ ਲਤ ਹੋਵੇ ਤਾਂ ਉਸ ਨੂੰ ਇਲਾਜ ਅਤੇ ਸਹਾਇਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ।

ਵਿਧਾਇਕ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਰਾਜ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਵਚਨਬੱਧ ਹੈ ਅਤੇ ਇਸ ਮਕਸਦ ਲਈ ਵੱਖ-ਵੱਖ ਪੱਧਰਾਂ 'ਤੇ ਜਾਗਰੂਕਤਾ ਅਤੇ ਰੋਕਥਾਮ ਸਬੰਧੀ ਕਾਰਜ ਕੀਤੇ ਜਾ ਰਹੇ ਹਨ।

ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੀ ਨਸ਼ਾ-ਮੁਕਤ ਪੰਜਾਬ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣ ਦਾ ਸੰਕਲਪ ਲਿਆ ਅਤੇ ਸਮੂਹ ਹਾਜ਼ਰੀਨ ਨੂੰ ਨਸ਼ਿਆਂ ਖਿਲਾਫ਼ ਲੱੜਣ ਦੀ ਸਹੁੰ ਚੁਕਾਈ ਗਈ।

ਕਾਲਜ ਪ੍ਰਬੰਧਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਕਾਲਜ ਵਿਖੇ ਪਹੁੰਚਣ'ਤੇ ਭਰਵਾਂ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਕਾਲਜ ਸਟਾਫ, ਸਮਾਜ ਸੇਵੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਹਡਾਣਾ ਨੇ ਸਰਕਾਰ ਦੀਆਂ ਲੋਕ-ਪੱਖੀ ਪ੍ਰਾਪਤੀਆਂ ਘਰ-ਘਰ ਪਹੁੰਚਾਉਣ ਦੀ ਉਲੀਕੀ ਰੂਪ-ਰੇਖਾ

**ਸਨੌਰ,26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸਨੌਰ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਸਮੂਹ ਬਲਾਕ ਪ੍ਰਧਾਨਾਂ ਅਤੇ ਸੀਨੀਅਰ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮਾਨ ਸਰਕਾਰ ਦੀਆਂ ਲੋਕ-ਪੱਖੀ ਪ੍ਰਾਪਤੀਆਂ ਅਤੇ ਇਤਿਹਾਸਕ ਮੁਨਾਫ਼ਿਆਂ ਦੀ ਜਾਣਕਾਰੀ ਹਲਕੇ ਦੇ ਘਰ-ਘਰ ਤੱਕ ਪਹੁੰਚਾਉਣ ਦੀ ਰੂਪ-ਰੇਖਾ ਉਲੀਕੀ ਗਈ। ਹਡਾਣਾ ਨੇ ਬਲਾਕ ਪ੍ਰਧਾਨਾਂ ਨੂੰ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਸਰਕਾਰੀ ਸਕੀਮਾਂ ਤੋਂ ਵਾਂਝੇ ਰਹਿ ਗਏ ਪਰਿਵਾਰਾਂ ਨੂੰ ਮੌਕੇ 'ਤੇ ਲਾਭ ਦਿਵਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਅੰਦਰ ਇਨ੍ਹਾਂ ਸਕੀਮਾਂ ਦਾ ਲਾਭ ਹਰੇਕ ਯੋਗ ਪਰਿਵਾਰ ਤੱਕ ਬਿਨਾਂ ਕਿਸੇ ਪੱਖਪਾਤ ਦੇ ਪਹੁੰਚਾਉਣਾ ਹੀ ਸਾਡੀ ਮੁੱਖ ਤਰਜੀਹ ਹੈ। ਇਸ ਮੌਕੇ ਹਲਕੇ ਸਨੌਰ ਦੇ ਸਾਰੇ ਬਲਾਕ ਇੰਚਾਰਜ ਅਤੇ ਕਈ ਆਪ ਅਹੁਦੇਦਾਰ ਮੌਜੂਦ ਸਨ.

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਦਿਆਂ ਸੂਬੇ ਦੇ ਲੋਕਾਂ ਨੂੰ ਇਤਿਹਾਸਕ ਰਾਹਤ ਦਿੱਤੀ ਗਈ ਹੈ। ਰਣਜੋਧ ਸਿੰਘ ਹਡਾਣਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਾਨ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਸਦਕਾ ਅੱਜ ਪੰਜਾਬ ਦੇ ਹਰੇਕ ਆਮ ਪਰਿਵਾਰ ਨੂੰ ਸਾਲਾਨਾ ਲਗਭਗ ?1,82,000 ਦਾ ਸਿੱਧਾ ਆਰਥਿਕ ਮੁਨਾਫ਼ਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਜੋ ਕਿਹਾ ਸੀ, ਉਹ ਕਰ ਵਿਖਾਇਆ ਹੈ। ਹਡਾਣਾ ਨੇ ਪਿਛਲੀਆਂ ਸਰਕਾਰਾਂ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਆਮ ਲੋਕਾਂ ਦੀ ਖ਼ੂਨ-ਪਸੀਨੇ ਦੀ ਕਮਾਈ ਭਾਰੀ ਬਿਜਲੀ ਬਿੱਲਾਂ, ਸਕੂਲਾਂ ਦੀਆਂ ਮੋਟੀਆਂ ਫ਼ੀਸਾਂ, ਬੱਸਾਂ ਦੇ ਕਿਰਾਏ ਅਤੇ ਹਸਪਤਾਲਾਂ ਦੀਆਂ ਦਵਾਈਆਂ-ਪਰਚੀਆਂ ਵਿੱਚ ਬਰਬਾਦ ਹੋ ਜਾਂਦੀ ਸੀ। ਪ੍ਰੰਤੂ ਭਗਵੰਤ ਮਾਨ ਨੇ ਇਹ ਸਾਰਾ ਪੈਸਾ ਆਮ ਲੋਕਾਂ ਦੀਆਂ ਜੇਬਾਂ ਵਿੱਚੋਂ ਨਿਕਲਣੋਂ ਬੰਦ ਕਰਵਾ ਦਿੱਤਾ ਹੈ, ਜੋ ਕਿ ਅੱਜ ਪਰਿਵਾਰਾਂ ਦਾ ਅਸਲ ਮੁਨਾਫ਼ਾ ਸਾਬਤ ਹੋ ਰਿਹਾ ਹੈ।

ਉਨ੍ਹਾਂ ਵਿਸਥਾਰ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਦਾ ਬਿਜਲੀ ਬਿੱਲ ਜ਼ੀਰੋ ਕੀਤਾ ਗਿਆ ਹੈ ਅਤੇ ਕਿਸਾਨਾਂ ਲਈ ਖੇਤਾਂ ਦੀਆਂ ਮੋਟਰਾਂ ਵਾਸਤੇ ਦਿਨ ਵੇਲੇ ਲਗਾਤਾਰ 8 ਘੰਟੇ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਮਹਿਲਾ ਸਸ਼ਕਤੀਕਰਨ ਤਹਿਤ ਔਰਤਾਂ ਨੂੰ ?1,000 ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ?1,500 ਪ੍ਰਤੀ ਮਹੀਨਾ ਸ਼ੁਰੂ ਕਰਨ ਦੇ ਨਾਲ ਨਾਲ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ, ਵਰਦੀਆਂ ਤੇ ਕਿਤਾਬਾਂ ਮੁਫ਼ਤ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਟੈਸਟ ਤੇ ਦਵਾਈਆਂ ਲੋਕਾਂ ਦੇ ਘਰਾਂ ਤੱਕ ਪਹੁੰਚ ਰਹੀਆਂ ਹਨ।

ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਦਿਆਂ ਬੁਢਾਪਾ ਪੈਨਸ਼ਨ ਵਿੱਚ ਵਾਧਾ, ਆਸਾਨ ਰਾਸ਼ਨ ਸੁਵਿਧਾ, ਬਜ਼ੁਰਗਾਂ ਲਈ ਮੁਫ਼ਤ ਤੀਰਥ ਯਾਤਰਾ ਅਤੇ ਐਸ.ਸੀ./ਬੀ.ਸੀ. ਪਰਿਵਾਰਾਂ ਵਿੱਚ ਧੀਆਂ ਦੇ ਵਿਆਹ ਲਈ 'ਆਸ਼ੀਰਵਾਦ ਸਕੀਮ' ਦਾ ਲਾਭ ਦਿੱਤਾ ਜਾ ਰਿਹਾ ਹੈ।

## ਪੀ.ਏ.ਯੂ. ਖੇਤਰੀ ਖੋਜ ਕੇਂਦਰ ਡੱਬਵਾਲੀ ਰੋਡ ਵਿਖੇ ਕਿਸਾਨ ਮੇਲਾ ਆਯੋਜਿਤ

**ਬਠਿੰਡਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਖੇਤਰੀ ਖੋਜ ਕੇਂਦਰ, ਡੱਬਵਾਲੀ ਰੋਡ ਬਠਿੰਡਾ ਵਿਖੇ ਕਿਸਾਨ ਮੇਲਾ ਕਰਵਾਇਆ ਗਿਆ ਹੈ।

ਇਸ ਸਮਾਗਮ ਦੇ ਮੁੱਖ ਮਹਿਮਾਨ ਸ਼੍ਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ ਤੇ ਡੇਅਰੀ ਵਿਕਾਸ, ਮੱਛੀ ਪਾਲਣ ਅਤੇ ਫੂਡ ਪ੍ਰੋਸੈਸਿੰਗ ਅਤੇ ਮੇਲੇ ਦੀ ਪ੍ਰਧਾਨਗੀ ਵਾਈਸ ਚਾਂਸਲਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਕਰਨਗੇ।

ਕਿਸਾਨ ਮੇਲੇ ਦੀਆਂ ਤਿਆਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਡਾ. ਕਰਮਜੀਤ ਸਿੰਘ ਸੇਖੋਂ ਨਿਰਦੇਸ਼ਕ, ਖੇਤਰੀ ਖੋਜ ਕੇਂਦਰ, ਬਠਿੰਡਾ ਦੀ ਪ੍ਰਧਾਨਗੀ ਹੇਠ ਕਨਵੀਨਰਾਂ ਅਤੇ ਕੋ-ਕਨਵੀਨਰਾਂ ਦੀ ਬੈਠਕ ਕੀਤੀ ਗਈ। ਮੇਲੇ ਦੌਰਾਨ ਕਿਸਾਨਾਂ ਨੂੰ ਵਿਗਿਆਨਕ ਢੰਗ ਅਪਣਾਓ, ਖੇਤੀ ਆਮਦਨ ਵਧਾਓ ਬਾਰੇ ਦੱਸਿਆ ਜਾਵੇਗਾ। ਇਸ ਮੇਲੇ ਦੌਰਾਨ ਕਿਸਾਨ ਵੀਰਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀਆਂ ਸੁਧਰੀਆਂ ਕਿਸਮਾਂ ਦੇ ਬੀਜ, ਸਬਜ਼ੀਆਂ ਦੀਆਂ ਕਿੱਟਾਂ, ਸਬਜ਼ੀਆਂ ਦੀ ਪਨੀਰੀ ਅਤੇ ਫ਼ਲਦਾਰ ਬੂਟੇ ਮੁਹੱਈਆ ਕਰਵਾਏ ਜਾਣਗੇ। ਇਸ ਮੇਲੇ 'ਚ ਖਾਸ ਤੌਰ 'ਤੇ ਕਣਕ ਦੀ ਨਵੀਂ ਕਿਸਮ ਪੀ.ਬੀ.ਡਬਲਯੂ-887 ਕਿਸਾਨਾਂ ਦੀ ਖਿੱਚ ਦਾ ਕੇਂਦਰ ਰਹੇਗੀ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਖੇਤੀਬਾੜੀ ਨਾਲ ਸਬੰਧਿਤ ਅਦਾਰਿਆਂ ਵੱਲੋਂ ਵੱਖ-ਵੱਖ ਪ੍ਰਦਰਸ਼ਨੀਆਂ ਲਾਈਆਂ ਜਾਣਗੀਆਂ ਅਤੇ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਖੇਤੀ ਅਤੇ ਹੋਰ ਸਹਾਇਕ ਧੰਦਿਆਂ ਸਬੰਧੀ ਤਕਨੀਕੀ ਜਾਣਕਾਰੀ ਮੌਕੇ ਤੇ ਹੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਮੇਲੇ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਫ਼ਸਲਾਂ, ਸਬਜ਼ੀਆਂ ਅਤੇ ਫ਼ਲਾਂ ਸੰਬੰਧੀ ਨੁਮਾਇਸ਼ ਲਗਾਈ ਜਾਵੇਗੀ,

## ਵਿਧਾਇਕ ਫਾਜ਼ਿਲਕਾ ਨੇ ਪਿੰਡ ਕਰਨੀਖੇੜਾ ਵਿਖੇ ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਖਿਡਾਰੀਆ ਦੀ ਕੀਤੀ ਹੌਸਲਾ ਅਫ਼ਜਾਈ

**ਫਾਜ਼ਿਲਕਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਸਮਾਈਲ ਸਪੋਰਟ ਕਲੱਬ ਵੱਲੋਂ ਪਿੰਡ ਕਰਨੀਖੇੜਾ ਵਿਖੇ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਖਿਡਾਰੀਆ ਦੀ ਹੌਸਲਾ ਅਫ਼ਜਾਈ ਕੀਤੀ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਦੇ ਸਰਪੰਚ, ਮੈਂਬਰ ਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਕ੍ਰਿਕਟ ਟੂਰਨਾਮੈਂਟ ਵਿੱਚ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀ ਮੰਗ ਤੇ ਬਣ ਰਹੇ ਇਸ ਗ੍ਰਾਊਂਡ ਦਾ ਕੰਮ ਚੱਲ ਰਿਹਾ ਹੈ ਤੇ ਇਹ ਗ੍ਰਾਊਂਡ 44 ਲੱਖ ਦੀ ਲਾਗਤ ਨਾਲ ਬਣ ਕੇ ਤਿਆਰ ਹੋਵੇਗਾ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਬਹੁਤ ਵਧੀਆ ਉਪਰਾਲੇ ਕੀਤੇ ਜਾ ਰਹੇ ਹਨ ਤੇ ਇਸ ਪਿੰਡ ਦੇ ਨੌਜਵਾਨਾਂ ਪੰਜਾਬ ਸਰਕਾਰ ਦੇ ਉਪਰਾਲੇ ਨੂੰ ਅੱਗੇ ਵਧਾ ਰਹੇ ਹਨ।

ਉਨ੍ਹਾਂ ਕਿਹਾ ਕਿ ਸਾਡੀ ਆਮ ਆਦਮੀ ਪਾਰਟੀ ਦਾ ਇੱਕੋ ਇੱਕ ਟੀਚਾ ਹੈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰਾ ਰੱਖਣਾ ਹੈ ਜਿਸ ਤਹਿਤ ਪਿੰਡਾਂ ਵਿੱਚ ਕਲੱਬ ਬਣਾਏ ਜਾ ਰਹੇ ਹਨ ਤੇ ਖੇਡ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ ਤੇ ਅਗਲੇ ਹਫ਼ਤੇ ਉਹ ਫਿਰ ਖੇਡ ਕਿੱਟਾਂ ਵੰਡਣਗੇ। ਉਨ੍ਹਾਂ ਕਿਹਾ ਕਿ ਕੋਈ ਵੀ ਪਿੰਡ ਦੇ ਨੌਜਵਾਨ ਖੇਡਾਂ ਵਿੱਚ ਲੱਗੇ ਹਨ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ ਤਾਂ ਜੋ ਉਨ੍ਹਾਂ ਦੇ ਕਲੱਬ ਬਣਾ ਕੇ ਖੇਡਾਂ ਦਾ ਸਮਾਨ ਮੁਹੱਈਆ ਕਰਵਾਇਆ ਜਾ ਸਕੇ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਵੀ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਖੇਡ ਗ੍ਰਾਊਂਡ ਤੇ ਸਟੇਡੀਅਮ ਬਣਾਉਣ ਦੀ ਮੰਗ ਕੀਤੀ ਗਈ ਉਹ ਸਰਕਾਰ ਨੇ ਪੂਰੀ ਕੀਤੀ ਹੈ ਤੇ ਵੱਡੀ ਗਿਣਤੀ ਵਿੱਚ ਫੰਡ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੀ ਲੋਕਾਂ ਵੱਲੋਂ ਹੁਲਾਰਾ ਮਿਲ ਰਿਹਾ ਹੈ ਤੇ ਪਿੰਡਾਂ ਦੇ ਲੋਕ ਇਸ ਮੁਹਿੰਮ ਤਹਿਤ ਅੱਗੇ ਆ ਰਹੇ ਤੇ ਨਸ਼ਿਆਂ ਦਾ ਖਾਤਮਾ ਕਰਨ ਤੇ ਪੰਜਾਬ ਸਰਕਾਰ ਤੇ ਉਨ੍ਹਾਂ ਦੀ ਮਦਦ ਕਰ ਰਹੇ ਹਨ।

ਇਸ ਮੌਕੇ ਪਿੰਡ ਦੇ ਸਰਪੰਚ ਸ਼ਿੰਦਰ, ਮੈਂਬਰ ਅਤੇ ਪਿੰਡ ਦੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਕਿਹਾ ਕਿ ਸਾਡੀ ਆਮ ਆਦਮੀ ਪਾਰਟੀ ਦਾ ਇੱਕੋ ਇੱਕ ਟੀਚਾ ਹੈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰਾ ਰੱਖਣਾ ਹੈ ਜਿਸ ਤਹਿਤ ਪਿੰਡਾਂ ਵਿੱਚ ਕਲੱਬ ਬਣਾਏ ਜਾ ਰਹੇ ਹਨ ਤੇ ਖੇਡ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ ਤੇ ਅਗਲੇ ਹਫ਼ਤੇ ਉਹ ਫਿਰ ਖੇਡ ਕਿੱਟਾਂ ਵੰਡਣਗੇ। ਉਨ੍ਹਾਂ ਕਿਹਾ ਕਿ ਕੋਈ ਵੀ ਪਿੰਡ ਦੇ ਨੌਜਵਾਨ ਖੇਡਾਂ ਵਿੱਚ ਲੱਗੇ ਹਨ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ ਤਾਂ ਜੋ ਉਨ੍ਹਾਂ ਦੇ ਕਲੱਬ ਬਣਾ ਕੇ ਖੇਡਾਂ ਦਾ ਸਮਾਨ ਮੁਹੱਈਆ ਕਰਵਾਇਆ ਜਾ ਸਕੇ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਵੀ ਉਨ੍ਹਾਂ ਵੱਲੋਂ ਪਿੰਡਾਂ ਵਿੱਚ ਖੇਡ ਗ੍ਰਾਊਂਡ ਤੇ ਸਟੇਡੀਅਮ ਬਣਾਉਣ ਦੀ ਮੰਗ ਕੀਤੀ ਗਈ ਉਹ ਸਰਕਾਰ ਨੇ ਪੂਰੀ ਕੀਤੀ ਹੈ ਤੇ ਵੱਡੀ ਗਿਣਤੀ ਵਿੱਚ ਫੰਡ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੀ ਲੋਕਾਂ ਵੱਲੋਂ ਹੁਲਾਰਾ ਮਿਲ ਰਿਹਾ ਹੈ ਤੇ ਪਿੰਡਾਂ ਦੇ ਲੋਕ ਇਸ ਮੁਹਿੰਮ ਤਹਿਤ ਅੱਗੇ ਆ ਰਹੇ ਤੇ ਨਸ਼ਿਆਂ ਦਾ ਖਾਤਮਾ ਕਰਨ ਤੇ ਪੰਜਾਬ ਸਰਕਾਰ ਤੇ ਉਨ੍ਹਾਂ ਦੀ ਮਦਦ ਕਰ ਰਹੇ ਹਨ।ਇਸ ਮੌਕੇ ਪਿੰਡ ਦੇ ਸਰਪੰਚ ਸ਼ਿੰਦਰ, ਮੈਂਬਰ ਅਤੇ ਪਿੰਡ ਦੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਨੌਜਵਾਨ ਬੱਚੇ ਹਾਜ਼ਰ ਸਨ।ਪਿੰਡ ਵਾਸੀ ਤੇ ਨੌਜਵਾਨ ਬੱਚੇ ਹਾਜ਼ਰ ਸਨ।

## ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਵਿਸਤ੍ਰਿਤ ਮੀਟਿੰਗਾਂ, ਮਿਡ-ਡੇ-ਮੀਲ ਅਤੇ ਮਾਣ-ਭੱਤਾ ਵਰਕਰਾਂ ਨੂੰ ਦਿੱਤਾ ਭਰੋਸਾ



**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਮਿਡ-ਡੇ-ਮੀਲ ਸਕੀਮ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੀਆਂ ਵੱਖ-ਵੱਖ ਯੂਨੀਅਨਾਂ ਅਤੇ ਮਾਣ-ਭੱਤਾ ਵਰਕਰਾਂ ਦੇ ਸਾਂਝੇ ਮੋਰਚੇ ਨਾਲ ਵਿਸਤ੍ਰਿਤ ਮੀਟਿੰਗਾਂ ਕੀਤੀਆਂ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਰਕਰਾਂ ਦੀਆਂ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਮਸਲਿਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ, ਮੈਂ ਸਬੰਧਤ ਵਿਭਾਗਾਂ ਨੂੰ ਵਿਭਾਗੀ ਪੱਧਰ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਰੁਜ਼ਗਾਰ ਦੇ ਮਾਮਲਿਆਂ ਨਾਲ ਸਬੰਧਤ ਸਾਰੀਆਂ ਜਾਇਜ਼ ਤਜਵੀਜ਼ਾਂ ਪਰਸੋਨਲ ਵਿਭਾਗ ਨੂੰ ਭੇਜੀਆਂ ਜਾਣ, ਜਦੋਂ ਕਿ ਵਿੱਤੀ ਪਹਿਲੂਆਂ ਵਾਲੇ ਮਾਮਲੇ ਵਿੱਤ ਵਿਭਾਗ ਨੂੰ ਭੇਜੇ ਜਾਣ ਦੇ ਨਿਰਦੇਸ਼ ਦਿੱਤੇ। ਮੀਟਿੰਗਾਂ ਦੌਰਾਨ ਵਿੱਤ ਮੰਤਰੀ ਨੇ ਯੂਨੀਅਨ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ, ਭਗਵੰਤ ਸਿੰਘ ਮਾਨ ਸਰਕਾਰ ਵਰਕਰਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਅਤੇ ਇਸ ਸਬੰਧੀ ਲੋੜੀਂਦੀ ਕਾਗਜ਼ੀ ਪ੍ਰਕਿਰਿਆ ਪਹਿਲਾਂ ਹੀ ਜਾਰੀ ਹੈ।

ਕਾਮਿਆਂ ਲਈ ਤੁਰੰਤ ਰਾਹਤ ਯਕੀਨੀ ਬਣਾਉਣ ਵਾਸਤੇ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ, ਜ਼ਿਲ੍ਹਾ ਪੱਧਰੀ ਅਧਿਕਾਰੀ ਮਿਡ-ਡੇ-ਮੀਲ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਆ ਰਹੀਆਂ ਵਿਵਹਾਰਕ ਮੁਸ਼ਕਲਾਂ ਦੀ ਸਰਗਰਮੀ ਨਾਲ ਨਿਗਰਾਨੀ ਕਰਨ ਅਤੇ ਉਨ੍ਹਾਂ ਦਾ ਤੁਰੰਤ ਹੱਲ ਕੱਢਣ।

ਮੀਟਿੰਗ ਦੀ ਕਾਰਵਾਈ ਦੌਰਾਨ ਵੱਖ-ਵੱਖ ਨੁਮਾਇੰਦਿਆਂ ਨੇ ਕਮੇਟੀ ਅੱਗੇ ਆਪੋ-ਆਪਣੀਆਂ ਮੰਗਾਂ ਅਤੇ ਸ਼ਿਕਾਇਤਾਂ ਰੱਖੀਆਂ। ਵਫ਼ਦਾਂ ਵਿੱਚ ਮਿਡ-ਡੇ-ਮੀਲ ਕੁੱਕ ਯੂਨੀਅਨ (ਬੀ.ਐਮ.ਐਸ.) ਵੱਲੋਂ ਕਰਮ ਚੰਦ ਚਿੰਡਾਲੀਆ, ਕਮਲਜੀਤ ਕੌਰ, ਪਰਮਜੀਤ ਕੌਰ ਅਤੇ ਮੁਮਤਾਜ਼ ਘੁੰਗਰਾਣਾ, ਇਸੇ ਤਰ੍ਹਾਂ ਲਾਲ ਝੰਡਾ ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਜਸਮੇਲ ਕੌਰ ਬੀੜਕਲਾਂ, ਕੁਲਵਿੰਦਰ ਕੌਰ ਆਦਮਪੁਰ, ਦੇਵਰਾਜ ਵਰਮਾ, ਮੱਖਣ ਸਿੰਘ ਜਖੇਪਲ ਅਤੇ ਹਰਪਾਲ ਕੌਰ ਸ਼ਾਮਲ ਸਨ। ਡੈਮੋਕ੍ਰੇਟਿਕ ਮਿਡ-ਡੇ-ਮੀਲ ਕੁੱਕ ਫਰੰਟ ਦੀ ਨੁਮਾਇੰਦਗੀ ਹਰਜਿੰਦਰ ਕੌਰ ਲੋਪੇ, ਜੰਗਬਹਾਦਰ ਕੌਰ ਅਤੇ ਸਿਮਰਜੀਤ ਕੌਰ ਨੇ ਕੀਤੀ। ਇਸ ਤੋਂ ਇਲਾਵਾ ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਬਿਮਲਾ ਦੇਵੀ, ਪ੍ਰਵੀਨ ਬਾਲਾ, ਕਮਲੇਸ਼ ਕੌਰ ਅਤੇ ਕਮਲਜੀਤ ਕੌਰ ਹਾਜ਼ਰ ਸਨ। ਮਿਡ-ਡੇ-ਮੀਲ ਦਫ਼ਤਰੀ ਕਰਮਚਾਰੀ ਯੂਨੀਅਨ ਵੱਲੋਂ ਦੀਪਕ ਨਾਗਪਾਲ, ਪ੍ਰਵੀਨ ਸ਼ਰਮਾ, ਵਿਜੇ ਕੁਮਾਰ ਅਤੇ ਦਵਿੰਦਰ ਸਿੰਘ ਤੇਜਾ ਨੇ ਆਪਣੇ ਮਸਲੇ ਰੱਖੇ, ਜਿਨ੍ਹਾਂ ਦੇ ਨਾਲ ਮਾਣ-ਭੱਤਾ ਵਰਕਰਜ਼ ਸਾਂਝਾ ਮੋਰਚਾ ਵੱਲੋਂ ਪਰਮਜੀਤ ਕੌਰ, ਲਖਵਿੰਦਰ ਕੌਰ, ਮਮਤਾ ਸ਼ਰਮਾ, ਸਰਬਜੀਤ ਕੌਰ, ਸ਼ਕੁੰਤਲਾ ਅਤੇ ਰਮਨਜੀਤ ਨੇ ਵੀ ਸ਼ਿਰਕਤ ਕੀਤੀ

## ਗੁਰਮੀਤ ਸਿੰਘ ਖੁੱਡੀਆਂ ਨੇ ਗੁਰਦਾਸਪੁਰ ਦੇ ਖੇਤਾਂ ਵਿੱਚ ਪਰਾਲੀ ਦੀਆਂ ਗੱਠਾਂ ਬਣਾ ਕੇ ਪੰਜਾਬ ਦੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ



**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਾਲੀ ਸਾੜਨ ਵਿਰੁੱਧ ਲੜਾਈ ਵਿੱਚ ਮੋਹਰੀ ਭੂਮਿਕਾ ਨਿਭਾਉਂਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਗੁਰਦਾਸਪੁਰ ਜ਼ਿਲ੍ਹੇ ਦੇ ਬਟਾਲਾ ਵਿੱਚ ਪੈਂਦੇ ਪਿੰਡ ਪੁਰੀਆਂ ਖੁਰਦ ਵਿਖੇ ਇੱਕ ਕਿਸਾਨ ਦੇ ਖੇਤ ਵਿੱਚ ਬੇਲਰ ਟਰੈਕਟਰ ਨਾਲ ਝੋਨੇ ਦੀ ਪਰਾਲੀ ਦੀਆਂ ਗੰਢਾਂ (ਬੇਲਜ਼) ਬਣਾਈਆਂ। ਇਸ ਨਾਲ ਉਨ੍ਹਾਂ ਨੇ ਇਹ ਸਪੱਸ਼ਟ ਸੰਦੇਸ਼ ਦਿੱਤਾ ਕਿ 'ਪਰਾਲੀ ਇੱਕ ਸਾਧਨ ਹੈ, ਕੂੜਾ-ਕਰਕਟ ਨਹੀਂ।'

ਇਸ ਨਿਵੇਕਲੀ ਪੇਸ਼ਕਦਮੀ ਨਾਲ ਸੂਬੇ ਵਿੱਚ ਝੋਨੇ ਦੀ ਕਟਾਈ ਅਤੇ ਪਰਾਲੀ ਪ੍ਰਬੰਧਨ ਦੀ ਰਸਮੀ ਸ਼ੁਰੂਆਤ ਹੋ ਗਈ ਹੈ। ਖੇਤੀਬਾੜੀ ਮੰਤਰੀ ਨੇ ਇਹ ਸੰਦੇਸ਼ ਦਿੱਤਾ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਵਿਗਿਆਨਕ ਤਰੀਕੇ ਨਾਲ ਸੰਭਾਲਿਆ ਜਾ ਸਕਦਾ ਹੈ ਅਤੇ ਇਸਨੂੰ ਇੱਕ ਕੀਮਤੀ ਸਾਧਨ ਵਜੋਂ ਵਰਤਿਆ ਜਾਣਾ ਸਮੇਂ ਦੀ ਪੁਰਜ਼ੋਰ ਮੰਗ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮਸ਼ੀਨਰੀ ਰਾਹੀਂ ਪਰਾਲੀ ਪ੍ਰਬੰਧਨ ਨੂੰ ਦਿੱਤੇ ਜਾ ਰਹੇ ਹੁਲਾਰੇ ਦਾ ਜ਼ਿਕਰ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲਈ ਕਿਸਾਨਾਂ ਨੂੰ 50 ਫ਼ੀਸਦੀ ਅਤੇ ਕਸਟਮ ਹਾਇਰਿੰਗ ਸੈਂਟਰਾਂ, ਐਫ.ਪੀ.ਓਜ਼ , ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ 80 ਫ਼ੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ।

## ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ 'ਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਵੀ.ਓਜ਼ ਦਾ ਸਨਮਾਨ



**ਹੁਸ਼ਿਆਰਪੁਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਨਵੇਂ ਰਾਸ਼ਨ ਕਾਰਡ ਬਣਾਉਣ ਤਹਿਤ ਚੱਲ ਰਹੀ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਬਹੁਤ ਵਧੀਆ ਢੰਗ ਨਾਲ ਕਰਨ ਲਈ ਅੱਜ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹੁਸ਼ਿਆਰਪੁਰ ਸਬ-ਡਵੀਜਨ ਦੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਅਤੇ ਸਨਮਾਨ ਚਿੰਨ੍ਹ ਦਿੱਤਾ ਗਿਆ।

ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ ਨੇ ਸਥਾਨਕ ਐਸ.ਡੀ.ਐਮ. ਦਫ਼ਤਰ ਵਿਖੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਦਿੰਦਿਆਂ ਅਪੀਲ ਕੀਤੀ ਕਿ ਜ਼ਿਲ੍ਹੇ ਵਿਚ ਵੱਖ-ਵੱਖ ਸਬ-ਡਵੀਜ਼ਨਾਂ ਅੰਦਰ ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਵਿਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਨਿਰਧਾਰਤ ਸਮੇਂ ਸਿਰ ਇਹ ਪ੍ਰਕਿਰਿਆ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਵੈਰੀਫਿਕੇਸ਼ਨ ਅਧਿਕਾਰੀਆਂ, ਜਿਨ੍ਹਾਂ ਵਿਚ ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ ਅਤੇ ਸਖੀਆ ਸ਼ਾਮਲ ਹਨ, ਵਲੋਂ ਘਰ-ਘਰ ਜਾ ਕੇ ਇਹ ਪ੍ਰਕਿਰਿਆ ਸੁਚੱਜੇ ਢੰਗ ਨਾਲ ਮੁਕੰਮਲ ਕੀਤੀ ਜਾ ਰਹੀ ਹੈ ਤਾਂ ਜੋ ਯੋਗ ਬਿਨੈਕਾਰਾਂ ਦੇ ਕਾਰਡ ਬਣ ਸਕਣ। ਉਨ੍ਹਾਂ ਨੇ ਸਾਰੇ ਵੈਰੀਫਿਕੇਸ਼ਨ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਉਹ ਆਪੋ-ਆਪਣੇ ਦਿੱਤੇ ਗਏ ਖੇਤਰ ਵਿਚ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾਂ ਨਾਲ ਇਸ ਕਾਰਜ ਨੂੰ ਮਿਥੇ ਸਮੇਂ ਅੰਦਰ ਨੇਪਰੇ ਚਾੜ੍ਹਨ।

ਇਸ ਮੌਕੇ ਜ਼ਿਲ੍ਹਾ ਖ਼ੁਰਾਕ ਅਤੇ ਸਪਲਾਈਜ਼ ਕੰਟਰੋਲਰ ਨਰਿੰਦਰ ਸਿੰਘ ਨੇ ਦੱਸਿਆ ਕਿ ਗੜ੍ਹਸ਼ੰਕਰ, ਹੁਸ਼ਿਆਰਪੁਰ, ਟਾਂਡਾ, ਦਸੂਹਾ ਅਤੇ ਮੁਕੇਰੀਆਂ ਵਿਖੇ ਵੈਰੀਫਿਕੇਸ਼ਨ ਲਗਾਤਾਰ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ 1.20 ਲੱਖ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ ਹਨ ਜਿਨ੍ਹਾਂ ਵਿਚ 17443 ਗੜ੍ਹਸ਼ੰਕਰ, 48971 ਹੁਸ਼ਿਆਰਪੁਰ, 8353 ਟਾਂਡਾ, 19294 ਦਸੂਹਾ ਅਤੇ 26317 ਮੁਕੇਰੀਆਂ ਵਿਖੇ ਪਾਪਤ ਹੋਈਆਂ। ਉਨ੍ਹਾਂ ਦੱਸਿਆ ਕਿ ਵੈਰੀਫਿਕੇਸ਼ਨ ਦਾ ਕਾਰਜ ਵਧੀਆ ਢੰਗ ਨਾਲ ਨਿਰਧਾਰਤ ਸਮੇਂ ਵਿਚ ਨੇਪਰੇ ਚਾੜ੍ਹਨ ਨੂੰ ਪੂਰੀ ਤਰਜੀਹ ਦਿੱਤੀ ਜਾ ਰਹੀ ਹੈ।

## ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਭੋਲਾ ਨੇ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਦਾ ਸੰਭਾਲਿਆ ਅਹੁਦਾ

**ਗੁਰਦਾਸਪੁਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਮੌਜੂਦਗੀ ਵਿੱਚ ਮਾਰਕਿਟ ਕਮੇਟੀ ਗੁਰਦਾਸਪੁਰ ਦੇ ਨਵ-ਨਿਯੁਕਤ ਚੇਅਰਮੈਨ ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਭੋਲਾ ਨੇ ਅਹੁਦਾ ਸੰਭਾਲਿਆ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ, ਲੋਕ ਸਭਾ ਹਲਕਾ ਇੰਚਾਰਜ ਅਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਰਾਜੀਵ ਸ਼ਰਮਾ ,ਜ਼ਿਲਾ ਪ੍ਰਧਾਨ ਮਨਦੀਪ ਸਿੰਘ ਗਿੱਲ, ਰਣਜੀਤ ਸਿੰਘ ਰਾਣਾ ਚੇਅਰਮੈਨ ਬਲਾਕ ਸੰਮਤੀ ਗੁਰਦਾਸਪੁਰ ਬਲਵਿੰਦਰ ਸਿੰਘ ਭੋਲਾ (ਪਿਤਾ ਚੇਅਰਮੈਨ ਗਗਨਦੀਪ ਸਿੰਘ ), ਭਾਰਤ ਭੂਸ਼ਣ ਸ਼ਰਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਮੁੱਖਦੇਵ ਸਿੰਘ ਆਲੋਵਾਲ ਚੇਅਰਮੈਨ ਮਾਰਕੀਟ ਕਮੇਟੀ ਧਾਰੀਵਾਲ, ਜਸਬੀਰ ਸਿੰਘ ਕਠਿਆਲੀ ਚੇਅਰਮੈਨ ਦੀਨਾਨਗਰ, ਰਜੀਵ ਸੈਣੀ ਚੇਅਰਮੈਨ ਟਰੇਡਵਿੰਗ ਦੀਨਾਨਗਰ, ਸ਼ਬਜੀ ਮੰਡੀ ਪ੍ਰਧਾਨ ਦੀਨਾਨਗਰ ਧਰਮਿੰਦਰ ਸਿੰਘ ਮੰਡੀ ਆਰੜੀ ਐਸੋਸੀਏਸ਼ਨ ਦੇ ਪ੍ਰਧਾਨ, ਸੈਲਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਸਾਰੇ ਅਹੁਦੇਦਾਰ



ਅਤੇ ਗੁਰਦਾਸਪੁਰ ਸ਼ਹਿਰ ਦੀਆਂ ਵੱਖ ਵੱਖ ਸਖਸ਼ੀਅਤਾਂ ਮੌਜੂਦ ਸਨ।

ਇਸ ਮੌਕੇ ਕਰਵਾਏ ਸਮਾਗਮ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਨਵ ਨਿਯੁਕਤ ਚੇਅਰਮੈਨ ਗਗਨਦੀਪ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਪਾਰਟੀ ਵਿੱਚ ਇਮਾਨਦਾਰੀ, ਮਿਹਨਤ ਅਤੇ ਵਫਾਦਾਰੀ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਣ ਸਤਿਕਾਰ ਦੇ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਅਤੇ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਿਹਤ, ਸਿੱਖਿਆ,ਉਦਯੋਗ, ਖੇਤੀਬਾੜੀ ਅਤੇ ਬਿਜਲੀ ਆਦਿ ਖੇਤਰਾਂ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਕਦਮ ਉਠਾਏ ਗਏ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਖ-ਵੱਖ ਖੇਤਰਾਂ ਵਿੱਚ ਲੋਕਹਿੱਤ ਵਿੱਚ ਕਾਰਜ ਕੀਤੇ ਹਨ ਅਤੇ ਜੇਕਰ ਇਕੱਲੇ ਬਿਜਲੀ ਦੀ ਗੱਲ ਕਰੀਏ ਤਾਂ ਸਰਕਾਰ ਵਲੋਂ 600 ਯੂਨਿਟ ਬਿਜਲੀ ਮਾਫ ਕੀਤੀ ਗਈ ਹੈ ਅਤੇ 90 ਫੀਸਦ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਦੇ ਮੰਤਵ ਤਹਿਤ 'ਸਕੂਲ ਆਫ ਐਮੀਨਸ' ਖੋਲ੍ਹੇ ਗਏ ਹਨ ਅਤੇ ਸੂਬੇ ਭਰ ਅੰਦਰ ਮਾਪੇ-ਵਿਦਿਆਰਥੀਆਂ ਮਿਲਣੀਆਂ ਕਰਵਾਈਆਂ ਗਈਆਂ ਹਨ।

ਇਸ ਮੌਕੇ ਨਵ ਨਿਯੁਕਤ ਚੇਅਰਮੈਨ ਗਗਨਦੀਪ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਜੋ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ, ਉਸਨੂੰ ਪੂਰੀ ਲਗਨ ਤੇ ਮਿਹਨਤ ਨਾਲ ਨਿਭਾਵਾਂਗਾ ਤੇ ਲੋਕ ਹਿੱਤੀ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਕੀਤਾ ਜਾਵੇਗਾ।

ਇਸ ਤੋਂ ਪਹਿਲਾਂ ਬੱਬਰੀ ਬਾਈਪਾਸ ਚੌਂਕ ਤੋਂ ਮਾਰਕੀਟ ਕਮੇਟੀ ਗੁਰਦਾਸਪੁਰ ਤੱਕ ਠਾਠਾ ਮਾਰਦਿਆਂ ਰੋਡ ਸ਼ੋਅ ਕੱਢਿਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਾਲੰਟੀਅਰ ਅਤੇ ਨੌਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਸ਼ਿਰਕਤ ਕੀਤੀ।

## ਸੀਟੀ ਯੂਨੀਵਰਸਿਟੀ ਵਿੱਚ ਦੂਜੀ ਰਾਸ਼ਟਰੀ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਚੈਂਪੀਅਨਸ਼ਿਪ




**ਲੁਧਿਆਣਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਟੀ ਯੂਨੀਵਰਸਿਟੀ ਵਿਖੇ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਦੂਜੀ ਰਾਸ਼ਟਰੀ ਸਬ-ਜੂਨੀਅਰ, ਜੂਨੀਅਰ ਅਤੇ ਸੀਨੀਅਰ ਪੁਰਸ਼ ਤੇ ਮਹਿਲਾ ਅਰਾਸ਼ੀ ਮਿਕਸਡ ਮਾਰਸ਼ਲ ਆਰਟਸ ਚੈਂਪੀਅਨਸ਼ਿਪ-2026 ਕਰਵਾਈ ਗਈ। ਦੋ ਦਿਨ ਚੱਲੀ ਇਸ ਚੈਂਪੀਅਨਸ਼ਿਪ ਵਿੱਚ 15 ਤੋਂ ਵੱਧ ਰਾਜਾਂ ਦੇ 400 ਤੋਂ ਵੱਧ ਖਿਡਾਰੀਆਂ, ਕੋਚਾਂ ਅਤੇ ਅਧਿਕਾਰੀਆਂ ਨੇ ਭਾਗ ਲਿਆ।

ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਵੱਖ-ਵੱਖ ਉਮਰ ਅਤੇ ਭਾਰ ਵਰਗਾਂ ਵਿੱਚ ਸ਼ਾਨਦਾਰ ਹੁਨਰ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਮੁੱਖ ਮਹਿਮਾਨ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਸਮੇਤ ਹੋਰ ਵਿਸ਼ੇਸ਼ ਮਹਿਮਾਨਾਂ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।

ਸੀਟੀ ਯੂਨੀਵਰਸਿਟੀ ਦੇ ਉਪ-ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਉੱਤਮਤਾ ਦੀ ਭਾਵਨਾ ਪੈਦਾ ਕਰਦੀਆਂ ਹਨ। ਵਿਦਿਆਰਥੀ ਭਲਾਈ ਨਿਰਦੇਸ਼ਕ ਇੰਜੀ. ਦਵਿੰਦਰ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਨੌਜਵਾਨ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਚੈਂਪੀਅਨਸ਼ਿਪ ਵਿੱਚ ਸੀਟੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਵੀ ਤਮਗੇ ਜਿੱਤ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਐਸੋਸੀਏਸ਼ਨ ਦੇ ਸੰਸਥਾਪਕ ਤੇ ਜਨਰਲ ਸਕੱਤਰ ਪ੍ਰਦੀਪ ਕੁਮਾਰ ਯੋਗੀ ਨੇ ਸਫਲ ਆਯੋਜਨ ਲਈ ਸੀਟੀ ਯੂਨੀਵਰਸਿਟੀ ਪ੍ਰਬੰਧਨ ਦਾ ਧੰਨਵਾਦ ਕੀਤਾ।

## ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ 'ਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਵੀ.ਓਜ਼ ਦਾ ਸਨਮਾਨ

**ਹੁਸ਼ਿਆਰਪੁਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਨਵੇਂ ਰਾਸ਼ਨ ਕਾਰਡ ਬਣਾਉਣ ਤਹਿਤ ਚੱਲ ਰਹੀ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਬਹੁਤ ਵਧੀਆ ਢੰਗ ਨਾਲ ਕਰਨ ਲਈ ਅੱਜ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹੁਸ਼ਿਆਰਪੁਰ ਸਬ-ਡਵੀਜਨ ਦੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਅਤੇ ਸਨਮਾਨ ਚਿੰਨ੍ਹ ਦਿੱਤਾ ਗਿਆ।

ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ ਨੇ ਸਥਾਨਕ ਐਸ.ਡੀ.ਐਮ. ਦਫ਼ਤਰ ਵਿਖੇ ਪੰਜ ਵੈਰੀਫਿਕੇਸ਼ਨ ਅਧਿਕਾਰੀਆਂ ਨੂੰ ਸ਼ਲਾਘਾ ਪੱਤਰ ਦਿੰਦਿਆਂ ਅਪੀਲ ਕੀਤੀ ਕਿ ਜ਼ਿਲ੍ਹੇ ਵਿਚ ਵੱਖ-ਵੱਖ ਸਬ-ਡਵੀਜ਼ਨਾਂ ਅੰਦਰ ਨਵੇਂ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਵਿਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਨਿਰਧਾਰਤ ਸਮੇਂ ਸਿਰ ਇਹ ਪ੍ਰਕਿਰਿਆ ਮੁਕੰਮਲ ਕੀਤੀ ਜਾ ਸਕੇ।

## ਸਰਕਾਰ ਸਿੱਧੀ ਗੱਲਬਾਤ ਅਤੇ ਮੌਕੇ 'ਤੇ ਹੀ ਹੱਲ ਰਾਹੀਂ ਪਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਵਚਨਬੱਧ



**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਵਾਸੀ ਪੰਜਾਬੀਆਂ ਨੂੰ ਦਰਪੇਸ਼ ਮਸਲਿਆਂ ਅਤੇ ਸ਼ਿਕਾਇਤਾਂ ਦਾ ਤੁਰੰਤ ਤੇ ਪ੍ਰਭਾਵਸ਼ਾਲੀ ਨਿਪਟਾਰਾ ਯਕੀਨੀ ਬਣਾਉਣ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਦਿਆਂ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੱਜ ਅੰਮ੍ਰਿਤਸਰ ਵਿਖੇ 'ਐਨ.ਆਰ.ਆਈ. ਮਿਲਣੀ' ਕਰਵਾਈ ਜਾਵੇਗੀ।

ਇਸ ਸਬੰਧੀ ਵਿਸਥਾਰਤ ਜਾਣਕਾਰੀ ਦਿੰਦਿਆਂ ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਐਨ.ਆਰ.ਆਈ. ਮਿਲਣੀ ਪਰਵਾਸੀ ਪੰਜਾਬੀਆਂ ਨੂੰ ਸੂਬਾ ਸਰਕਾਰ ਦੇ ਉੱਚ ਸਿਵਲ ਅਤੇ ਪੁਲਿਸ ਅਧਿਕਾਰੀਆਂ ਸਾਹਮਣੇ ਆਪਣੀਆਂ ਸ਼ਿਕਾਇਤਾਂ, ਮਸਲੇ ਅਤੇ ਸੁਝਾਅ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਪ੍ਰਦਾਨ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਪਹਿਲ ਦਾ ਮਕਸਦ ਪਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਿਆ ਜਾਣਾ ਅਤੇ ਸਬੰਧਤ ਵਿਭਾਗਾਂ ਦੇ ਆਪਸੀ ਤਾਲਮੇਲ ਰਾਹੀਂ ਉਨ੍ਹਾਂ ਦੇ ਸਮੇਂ ਸਿਰ ਨਿਪਟਾਰੇ ਲਈ ਹਰ ਸੰਭਵ ਯਤਨ ਯਕੀਨੀ ਬਣਾਉਣਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਐਨ.ਆਰ.ਆਈ. ਮਿਲਣੀ ਸਵੇਰੇ 11:00 ਵਜੇ ਹੋਟਲ ਲੀ ਮੈਰੀਡੀਅਨ, ਨੇੜੇ ਰਾਜਾਸਾਂਸੀ ਹਵਾਈ ਅੱਡਾ, ਅੰਮ੍ਰਿਤਸਰ ਵਿਖੇ ਕਰਵਾਈ ਜਾਵੇਗੀ। ਇਸ ਸਮਾਗਮ ਵਿੱਚ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਨਾਲ ਸਬੰਧਤ ਪਰਵਾਸੀ ਪੰਜਾਬੀ ਹਿੱਸਾ ਲੈ ਸਕਣਗੇ ਅਤੇ ਸਬੰਧਤ ਅਧਿਕਾਰੀਆਂ ਸਾਹਮਣੇ ਆਪਣੇ ਮੁੱਦੇ ਪੇਸ਼ ਕਰ ਸਕਣਗੇ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਰਵਾਸੀ ਪੰਜਾਬੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਸੂਬੇ ਭਰ ਵਿੱਚ ਲਗਾਤਾਰ ਐਨ.ਆਰ.ਆਈ. ਮਿਲਣੀਆਂ ਕਰਵਾਈਆਂ ਜਾ ਰਹੀਆਂ ਹਨ।

## ਮਹਾਂ-ਸਫਾਈ ਅਭਿਆਨ' ਤਹਿਤ ਮਾਲੇਰਕੋਟਲਾ ਦੀਆਂ ਸੜਕਾਂ ਨੂੰ ਮਿਲੀ ਸਵੱਛਤਾ ਦੀ ਨਵੀਂ ਛੋਹ



**ਮਲੇਰਕੋਟਲਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰੀ ਖੇਤਰਾਂ ਵਿੱਚ ਸਵੱਛਤਾ ਨੂੰ ਜਨ-ਅੰਦੋਲਨ ਦਾ ਰੂਪ ਦੇਣ ਲਈ ਚਲਾਏ ਜਾ ਰਹੇ 'ਮਹਾਂ-ਸਫਾਈ ਅਭਿਆਨ' ਅਤੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਕਾਰਜ ਸਾਧਕ ਅਫ਼ਸਰ ਚੰਦਰ ਪ੍ਰਕਾਸ਼ ਵਧਵਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਸ਼ਹਿਰ ਦੇ ਅਹਿਮ ਮਾਰਗ 'ਤੇ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ।

ਇਸ ਮੁਹਿੰਮ ਦੌਰਾਨ ਗੁਰਦੁਆਰਾ ਹਾਅ-ਦਾ-ਨਾਹਰਾ ਤੋਂ ਕੋਰਟ ਕੰਪਲੈਕਸ ਰੋਡ ਅਤੇ ਰੈਸਟ ਹਾਊਸ ਤੱਕ ਸੜਕਾਂ ਦੇ ਕਿਨਾਰਿਆਂ, ਜਨਤਕ ਥਾਵਾਂ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫਾਈ ਕਰਦਿਆਂ ਇਕੱਠੀ ਹੋਈ ਰਹਿੰਦ-ਖੂੰਹਦ ਨੂੰ ਹਟਾਇਆ ਗਿਆ। ਇਸ ਉਪਰਾਲੇ ਦਾ ਮਕਸਦ ਸਿਰਫ਼ ਸਫਾਈ ਕਰਨਾ ਹੀ ਨਹੀਂ, ਸਗੋਂ ਸ਼ਹਿਰ ਵਾਸੀਆਂ ਵਿੱਚ 'ਸਾਫ਼ ਥਾਂ—ਸਾਂਝੀ ਜ਼ਿੰਮੇਵਾਰੀ' ਦੀ ਸੋਚ ਨੂੰ ਮਜ਼ਬੂਤ ਕਰਨਾ ਵੀ ਹੈ।

ਇਸ ਮੁਹਿੰਮ ਦੌਰਾਨ ਇਲਾਕਾ ਨਿਵਾਸੀਆਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਸਾਲਿਡ ਵੇਸਟ ਮੈਨੇਜਮੈਂਟ ਰੂਲਜ਼-2026 ਬਾਰੇ ਜਾਣਕਾਰੀ ਦਿੱਤੀ ਗਈ ਅਤੇ ਘਰਾਂ ਤੇ ਵਪਾਰਕ ਅਦਾਰਿਆਂ ਵਿੱਚ ਚਾਰ ਪ੍ਰਕਾਰ ਦੇ ਡਸਟਬਿਨ ਰੱਖਣ ਅਤੇ ਕੂੜੇ ਦੀ ਸਰੋਤ ਪੱਧਰ 'ਤੇ ਹੀ ਸਹੀ ਛਾਂਟੀ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਤੋਂ ਇਲਾਵਾ ਨਗਰ ਕੌਂਸਲ ਵੱਲੋਂ ਸ਼ਹਿਰ ਵਿੱਚ ਡੋਰ-ਟੂ-ਡੋਰ ਕੂੜਾ ਇਕੱਠਾ ਕਰਨ ਦੌਰਾਨ ਵੱਖ-ਵੱਖ ਕੀਤਾ ਗਿਆ ਪਲਾਸਟਿਕ ਇਕੱਠਾ ਕਰਕੇ ਉਸ ਦੀਆਂ ਬੇਲਾਂ ਤਿਆਰ ਕੀਤੀਆਂ ਗਈਆਂ, ਇਸ ਤਹਿਤ ਕਰੀਬ 66 ਕੁਇੰਟਲ ਪਲਾਸਟਿਕ ਦੀਆਂ ਬੇਲਾਂ ਦੀ ਵਿਕਰੀ ਕੀਤੀ ਗਈ।

ਇਸ ਸਬੰਧੀ ਸੈਨੀਟੇਰੀ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਇਹ ਪਲਾਸਟਿਕ ਦੀਆਂ ਬੇਲਾਂ ਸਫਾਈ ਸੇਵਕਾਂ ਵੱਲੋਂ ਘਰ-ਘਰ ਤੋਂ ਕੂੜਾ ਇਕੱਠਾ ਕਰਨ ਸਮੇਂ ਵੱਖ-ਵੱਖ ਕਿਸਮ ਦੇ ਪਲਾਸਟਿਕ ਨੂੰ ਅਲੱਗ ਕਰਕੇ ਤਿਆਰ ਕੀਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਪਲਾਸਟਿਕ ਨੂੰ ਇਕੱਠਾ ਕਰਕੇ ਬੇਲਾਂ ਦੇ ਰੂਪ ਵਿੱਚ ਤਿਆਰ ਕਰਨ ਨਾਲ ਇਸ ਨੂੰ ਮੁੜ ਵਰਤੋਂ ਲਈ ਭੇਜਣ ਵਿੱਚ ਸਹਾਇਤਾ ਮਿਲਦੀ ਹੈ। ਇਸ ਦੇ ਨਾਲ ਹੀ ਪਲਾਸਟਿਕ ਦੇ ਡੰਪ ਸਾਈਟ 'ਤੇ ਇਕੱਠਾ ਹੋਣ ਕਾਰਨ ਪੈਦਾ ਹੋਣ ਵਾਲੇ ਵਾਤਾਵਰਨ ਪ੍ਰਦੂਸ਼ਣ ਅਤੇ ਸੀਵਰੇਜ ਲਾਈਨਾਂ ਦੇ ਬਲਾਕ ਹੋਣ ਦੀ ਸਮੱਸਿਆ ਨੂੰ ਵੀ ਘਟਾਇਆ ਜਾ ਸਕਦਾ ਹੈ।

ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਫਾਈ ਨੂੰ ਸਿਰਫ਼ ਇੱਕ ਦਿਨ ਦੀ ਗਤੀਵਿਧੀ ਤੱਕ ਸੀਮਤ ਨਾ ਰੱਖਦਿਆਂ ਇਸ ਨੂੰ ਰੋਜ਼ਾਨਾ ਦੀ ਨਾਗਰਿਕ ਆਦਤ ਬਣਾਇਆ ਜਾਵੇ।

ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ, ਨਿਰਧਾਰਤ ਥਾਵਾਂ ਦੀ ਵਰਤੋਂ ਕਰਨ ਅਤੇ ਸਫਾਈ ਕਰਮਚਾਰੀਆਂ ਨਾਲ ਸਹਿਯੋਗ ਕਰਨ ਨਾਲ ਮਾਲੇਰਕੋਟਲਾ ਨੂੰ ਹੋਰ ਸੁਚੱਜਾ ਅਤੇ ਸਵੱਛ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਜਾ ਸਕਦਾ ਹੈ।

## ਅਮਰੀਕਾ ਅਤੇ ਯੂਕੇ ਵਿੱਚ ਸਿੱਖ ਡਰਾਈਵਰਾਂ 'ਤੇ ਹੋਏ ਨਸਲੀ ਹਮਲਿਆਂ ਨੂੰ ਲੈ ਕੇ ਵੜਿੰਗ ਨੇ ਜੈਸ਼ੰਕਰ ਨੂੰ ਲਿਖਿਆ ਪੱਤਰ

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੋਮਵਾਰ ਨੂੰ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੂੰ ਅਪੀਲ ਕੀਤੀ ਹੈ ਕਿ ਉਹ ਅਮਰੀਕਾ ਅਤੇ ਯੂਨਾਈਟਿਡ ਕਿੰਗਡਮ ਵਿੱਚ ਸਿੱਖ ਡਰਾਈਵਰਾਂ 'ਤੇ ਹੋਏ ਨਸਲੀ ਹਮਲਿਆਂ ਦਾ ਮੁੱਦਾ ਉੱਥੋਂ ਦੀਆਂ ਸਰਕਾਰਾਂ ਅੱਗੇ ਉਠਾਉਣ। ਇਹਨਾਂ ਘਟਨਾਵਾਂ ਵਿੱਚ ਹਾਲ ਹੀ ਵਿੱਚ ਵਾਇਓਮਿੰਗ ਵਿੱਚ ਵਾਪਰੀ ਚਾਕੂ ਮਾਰਨ ਦੀ ਉਹ ਘਟਨਾ ਵੀ ਸ਼ਾਮਲ ਹੈ, ਜਿਸ ਵਿੱਚ ਇੱਕ ਸਿੱਖ ਡਰਾਈਵਰ 'ਤੇ 17 ਵਾਰ ਹਮਲਾ ਕੀਤਾ ਗਿਆ ਸੀ।

ਜੈਸ਼ੰਕਰ ਨੂੰ ਲਿਖੇ ਪੱਤਰ ਵਿੱਚ ਵੜਿੰਗ ਨੇ ਕਿਹਾ ਕਿ ਇਹਨਾਂ ਘਟਨਾਵਾਂ ਨੇ ਦੋਵਾਂ ਦੇਸ਼ਾਂ ਵਿੱਚ ਸਿੱਖ ਡਰਾਈਵਰਾਂ ਅੰਦਰ ਡਰ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਦਿੱਤੀ ਹੈ ਅਤੇ ਸਿੱਖਾਂ ਨੂੰ ਡੂੰਘੀ ਸੱਟ ਅਤੇ ਪੀੜਾ ਪਹੁੰਚਾਈ ਹੈ।

ਬੀਤੇ ਦਿਨੀਂ ਅਮਰੀਕੀ ਹੋਮਲੈਂਡ ਸੁਰੱਖਿਆ ਵਿਭਾਗ ਦੇ ਉਸ ਇਸ਼ਤਿਹਾਰ ਦਾ ਹਵਾਲਾ ਦਿੰਦੇ ਹੋਏ, ਜਿਸ ਵਿੱਚ ਸਾਡੀਆਂ ਸੜਕਾਂ ਤੋਂ ਦੂਰ ਰਹੋ, ਤੁਹਾਨੂੰ ਗੱਡੀ ਚਲਾਉਣੀ ਨਹੀਂ ਆਉਂਦੀ, ਮਿਸਟਰ ਸਿੰਘ (Get off our roads, you donÓt know how to drive, Mr. Singh) ਸੁਨੇਹਾ ਦਿੱਤਾ ਗਿਆ ਸੀ, ਵੜਿੰਗ ਨੇ ਇਸਨੂੰ ਨਸਲੀ ਤੌਰ 'ਤੇ ਪੱਖਪਾਤੀ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਨਾਲ ਅਮਰੀਕਾ ਵਿੱਚ ਸਿੱਖ ਅਤੇ ਦਸਤਾਰਧਾਰੀ ਡਰਾਈਵਰਾਂ ਦੀ ਨਸਲੀ ਪਹਿਚਾਣ ਨੂੰ ਲੈ ਕੇ ਚਿੰਤਾਵਾਂ ਪੈਦਾ ਹੋਈਆਂ ਹਨ।

ਉਹਨਾਂ ਦੱਸਿਆ ਕਿ ਕੈਲੀਫੋਰਨੀਆ ਦੇ ਗਵਰਨਰ ਗੇਵਿਨ ਨਿਊਸਮ ਅਤੇ ਭਾਰਤੀ ਮੂਲ ਦੇ ਕਾਂਗਰਸਮੈਨ ਰਾਜਾ ਕ੍ਰਿਸ਼ਨਾਮੂਰਤੀ ਸਮੇਤ ਕਈ ਅਮਰੀਕੀ ਸਿਆਸੀ ਆਗੂਆਂ ਨੇ ਇਸ ਇਸ਼ਤਿਹਾਰ 'ਤੇ ਇਤਰਾਜ਼ ਜਤਾਇਆ ਸੀ। ਹਾਲਾਂਕਿ ਬਾਅਦ ਵਿੱਚ ਇਹ ਇਸ਼ਤਿਹਾਰ ਵਾਪਸ ਲੈ ਲਿਆ ਗਿਆ ਸੀ, ਪਰ ਵੜਿੰਗ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਇਸ 'ਤੇ ਕੋਈ ਜਨਤਕ ਇਤਰਾਜ਼ ਦਰਜ ਨਹੀਂ ਕਰਵਾਇਆ ਗਿਆ।

ਵੜਿੰਗ ਨੇ ਵਾਇਓਮਿੰਗ ਵਿੱਚ 13 ਸਤੰਬਰ ਨੂੰ ਇੱਕ ਸਿੱਖ ਡਰਾਈਵਰ 'ਤੇ ਹੋਏ ਹਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੀੜਤ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ ਅਤੇ 17 ਵਾਰ ਹਮਲਾ ਕੀਤਾ ਗਿਆ, ਜੋ ਹਸਪਤਾਲ ਵਿੱਚ ਜ਼ਿੰਦਗੀ ਅਤੇ ਮੌਤ ਦੀ ਲੜਾਈ ਲੜ ਰਿਹਾ ਹੈ।

## ਨੰਗਲ ਨੂੰ ਮਿਲੇਗਾ 500 ਸੀਟਾਂ ਵਾਲਾ ਅਤਿ-ਆਧੁਨਿਕ ਆਡੀਟੋਰੀਅਮ: ਹਰਜੋਤ ਬੈਂਸ ਨੇ ਸਕੂਲ ਆਫ਼ ਐਮੀਨੈਂਸ ਵਿਖੇ 19-ਕਰੋੜ ਦੇ ਇਨਫਰਾ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ

**ਚੰਡੀਗੜ੍ਹ/ਨੰਗਲ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੰਗਲ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦੇ ਹੋਏ, ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸੋਮਵਾਰ ਨੂੰ ਡਾ. ਭੀਮ ਰਾਓ ਅੰਬੇਡਕਰ ਸਕੂਲ ਆਫ਼ ਐਮੀਨੈਂਸ, ਨੰਗਲ ਵਿਖੇ 11 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਅਤਿ-ਆਧੁਨਿਕ 500 ਸੀਟਾਂ ਵਾਲੇ ਆਡੀਟੋਰੀਅਮ ਦੀ ਉਸਾਰੀ ਦੀ ਸ਼ੁਰੂਆਤ ਕਰਨ ਲਈ ਭੂਮੀ ਪੂਜਨ ਕੀਤਾ।

ਇਸ ਦੇ ਨਾਲ ਹੀ, ਐਸ. ਬੈਂਸ ਨੇ ਸਕੂਲ ਵਿੱਚ 8 ਕਰੋੜ ਦੀ ਲਾਗਤ ਨਾਲ ਇੱਕ ਨਵੇਂ ਬਲਾਕ ਦੀ ਉਸਾਰੀ ਦੀ ਸ਼ੁਰੂਆਤ ਵੀ ਕੀਤੀ। ਇਸ ਬਲਾਕ ਵਿੱਚ ਸੱਤ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਸੱਤ ਨਵੇਂ ਕਮਰੇ ਹੋਣਗੇ।

ਇਸ ਮੌਕੇ ਬੋਲਦਿਆਂ, ਸਿੱਖਿਆ ਮੰਤਰੀ ਨੇ ਕਿਹਾ ਕਿ ਨੰਗਲ ਵਿੱਚ ਹੁਣ ਤੱਕ ਇੱਕ ਆਧੁਨਿਕ ਆਡੀਟੋਰੀਅਮ ਦੀ ਘਾਟ ਸੀ ਜਿੱਥੇ ਵਸਨੀਕ, ਵਿਦਿਅਕ ਸੰਸਥਾਵਾਂ ਅਤੇ ਹੋਰ ਸੰਸਥਾਵਾਂ ਆਪਣੇ ਸਮਾਗਮ ਅਤੇ ਪ੍ਰੋਗਰਾਮ ਆਯੋਜਿਤ ਕਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੇ ਨਾਮ 'ਤੇ ਰੱਖਿਆ ਗਿਆ



ਇਹ ਅਤਿ-ਆਧੁਨਿਕ ਆਡੀਟੋਰੀਅਮ ਨਾ ਸਿਰਫ ਸਕੂਲ ਲਈ ਇੱਕ ਵੱਡਾ ਤੋਹਫ਼ਾ ਹੋਵੇਗਾ ਬਲਕਿ ਨੰਗਲ ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਵੀ ਪੂਰਾ ਕਰੇਗਾ।

500 ਸੀਟਾਂ ਵਾਲਾ ਇਹ ਆਡੀਟੋਰੀਅਮ, ਜਿਸ ਵਿੱਚ ਕਈ ਤਰ੍ਹਾਂ ਦੇ ਸੱਭਿਆਚਾਰਕ ਪ੍ਰੋਗਰਾਮ, ਸੈਮੀਨਾਰ ਅਤੇ ਹੋਰ ਪ੍ਰੋਗਰਾਮ ਆਯੋਜਿਤ ਕੀਤੇ ਜਾ ਸਕਦੇ ਹਨ, ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਬਹੁਤ ਵੱਡਾ ਪਲੇਟਫਾਰਮ ਪ੍ਰਦਾਨ ਕਰੇਗਾ, ਐਸ. ਬੈਂਸ ਨੇ ਕਿਹਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਨਵਾਂ ਬਲਾਕ ਆਧੁਨਿਕ ਸਿੱਖਿਆ ਲਈ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਹੋਰ ਵੱਡਾ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਸੱਤ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਸੱਤ ਨਵੇਂ ਕਮਰਿਆਂ ਦੇ ਨਾਲ, ਇਹ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ? ?ਕਰੇਗਾ ਅਤੇ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਵਿਹਾਰਕ ਸਿੱਖਿਆ ਲਈ ਇੱਕ ਬਿਹਤਰ ਵਾਤਾਵਰਣ ਪੈਦਾ ਕਰੇਗਾ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਅਤੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਸਕੂਲ ਆਫ਼ ਐਮੀਨੈਂਸ ਇਸ ਵਿਜ਼ਨ ਦਾ ਹਿੱਸਾ ਹਨ, ਜਿੱਥੇ ਵਿਦਿਆਰਥੀਆਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਪ੍ਰਯੋਗਸ਼ਾਲਾਵਾਂ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ-ਨਾਲ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਹਾਲ ਹੀ ਦੇ ਸਮੇਂ ਵਿੱਚ ਨੰਗਲ ਦੇ ਵਿਕਾਸ ਲਈ ਕਈ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ ਅਤੇ ਸ਼ਹਿਰ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਹੋਰ ਤੇਜ਼ ਕੀਤੀ ਜਾਵੇਗੀ। ਨੰਗਲ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਇੱਕ ਬਿਹਤਰ ਅਤੇ ਸੁੰਦਰ ਸ਼ਹਿਰ ਬਣਾਉਣਾ ਮੇਰੀ ਪਹਿਲੀ ਤਰਜੀਹ ਹੈ, ਸ. ਬੈਂਸ ਨੇ ਕਿਹਾ।

ਕੌਮੀ ਪਤ੍ਰਿਕਾ

# ਰਾਗ ਨਾਦ ਸਬਦਿ ਸੋਹਲੇ 30

ਇਕਵਾਕ ਸਿੰਘ ਪੱਟੀ

ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫ਼ੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ 30ਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਪ੍ਰਭਾਤੀ' ਬਾਰੇ...



## ਰਾਗ ਪ੍ਰਭਾਤੀ

ਰਾਗ ਪ੍ਰਭਾਤੀ ਗੁਰੂ ਗ੍ਰੰਥ ਸਾਹਿਬ ਦੀ ਰਾਗ ਤਰਤੀਬ 'ਚ 30ਵੇਂ ਸਥਾਨ ਦਾ ਮਹੱਤਵਪੂਰਨ ਰਾਗ ਹੈ। ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਵੱਲੋਂ 'ਆਦਿ ਗ੍ਰੰਥ' ਦੀ ਸੰਪਾਦਨਾ ਵੇਲੇ ਇਹ ਰਾਗ ਸਭ ਤੋਂ ਅੰਤਮ ਤੀਹਵੇਂ ਸਥਾਨ 'ਤੇ ਦਰਜ ਕੀਤਾ ਗਿਆ ਮੁੱਖ ਰਾਗ ਹੈ। ਕਿਉਂਕਿ ਇਕੱਤੀਵਾਂ ਰਾਗ ਜੈਜਾਵੰਤੀ ਗੁਰੂ ਗਬਿੰਦ ਸਿੰਘ ਜੀ ਵੱਲੋਂ ਗੁਰੂ ਗ੍ਰੰਥ ਸਾਹਿਬ 'ਚ ਸ਼ਾਮਲ ਕੀਤਾ ਗਿਆ ਸੀ, ਜੋ ਪੰਨਾ ਨੰਬਰ 1327 ਤੋਂ ਲੈ ਕੇ 1351 ਤਕ ਦਰਜ ਹੈ। ਭਗਤੀ ਭਾਵ ਨਾਲ ਇਸ ਰਾਗ ਦਾ ਗਾਇਨ ਕਰਨ ਨਾਲ ਸਕੂਨ ਤੇ ਆਨੰਦ ਮਿਲਦਾ ਹੈ। ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਨੇ ਬਾਣੀ ਉਚਾਰਣ ਕੀਤੀ ਹੈ। ਭਗਤ ਸਾਹਿਬਾਨਾਂ ਵਿੱਚੋਂ ਭਗਤ ਕਬੀਰ ਜੀ, ਭਗਤ ਨਾਮਦੇਵ ਜੀ, ਭਗਤ ਬੇਣੀ ਜੀ ਦੀ ਬਾਣੀ ਉਕਤ ਰਾਗ ਦੇ ਅੰਤਰਗਤ ਸ਼ਾਮਲ ਹੈ। ਗੁਰੂ ਗ੍ਰੰਥ ਸਾਹਿਬ 'ਚ ਰਾਗ ਪ੍ਰਭਾਤੀ ਦੇ ਤਿੰਨ ਹੋਰ ਰੂਪ 'ਪ੍ਰਭਾਤੀ ਬਿਭਾਸ', 'ਪ੍ਰਭਾਤੀ ਦਖਣੀ', 'ਬਿਭਾਸ ਪ੍ਰਭਾਤੀ' ਵੀ ਸ਼ਾਮਲ ਹਨ। 'ਪ੍ਰਭਾਤੀ ਬਿਭਾਸ ਪੜਤਾਲ ਮਹਲਾ 4 ਪੜਤਾਲ'ਅਤੇ 'ਪ੍ਰਭਾਤੀ ਮਹਲਾ 5 ਬਿਭਾਸ ਪੜਤਾਲ' ਸਿਰਲੇਖਾਂ ਹੇਠ ਬਾਣੀ ਦਰਜ ਹੈ। ਜਿਵੇਂ ਕਿ ਨਾਂ ਤੋਂ ਹੀ ਸਪਸ਼ਟ ਹੈ ਕਿ ਇਹ ਰਾਗ ਪ੍ਰਭਾਤ ਵੇਲੇ ਗਾਉਣ ਦਾ ਵਿਧਾਨ ਹੈ।

ਇਤਿਹਾਸਕ ਅਤੇ ਸੰਗੀਤਕ ਪੱਖ ਤੋਂ ਰਾਗ ਪ੍ਰਭਾਤੀ ਦਾ ਭਾਰਤੀ ਸੰਗੀਤ ਗ੍ਰੰਥਾਂ ਵਿਚ ਜ਼ਿਕਰ ਨਹੀਂ ਮਿਲਦਾ ਹੈ। ਇਹ ਗੁਰਮਤਿ ਸੰਗੀਤ ਰਾਹੀਂ ਉਜਾਗਰ ਹੋਏ ਰਾਗਾਂ ਦੀ ਲੜੀ ਦਾ ਇਕ ਅਹਿਮ ਰਾਗ ਹੈ। ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ, 'ਇਹ ਭੈਰਵ ਥਾਟ ਦੀ ਸੰਪੂਰਣ ਜਾਤੀ ਹੈ। ਇਸ 'ਚ ਸੜਜ ਗੰਧਾਰ, ਮੱਧਮ ਪੰਚਮ ਤੇ ਨਿਸ਼ਾਧ ਸ਼ੁੱਧ। ਰਿਸ਼ਭ ਅਤੇ ਧੈਵਤ ਕੋਮਲ ਹਨ। ਮੱਧਮ ਵਾਦੀ ਅਤੇ ਸੜਜ਼ ਸੰਵਾਦੀ ਹੈ। ਗ੍ਰਹ ਸੁਰ ਮੱਧਮ ਹੈ ਅਤੇ ਗਾਉਣ ਦਾ ਵੇਲਾ ਅੰਮ੍ਰਿਤ ਵੇਲਾ ਹੈ।' • 98150-24920

# ਬਾਣੀ ਗੁਰੂ ਗੁਰੂ ਹੈ ਬਾਣੀ



ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਗੁਰੂ ਸਹਿਬਾਨ, ਭਗਤਾਂ, ਮਹਾਂਪੁਰਸ਼ਾਂ, ਭੱਟਾਂ ਤੇ ਮਹਾਨ ਗੁਰਸਿੱਖਾਂ ਦੁਆਰਾ ਰਚੀ ਗਈ ਸਰਬ ਕਲਾ ਸਮਰੱਥ, ਜਗਦੀ ਜੋਤ, ਧੁਰ ਕੀ ਬਾਣੀ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਦਾ ਮਹਾਨ ਕਾਰਜ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹਾਨ ਗੁਰਸਿੱਖ ਭਾਈ ਗੁਰਦਾਸ ਜੀ ਪਾਸੋਂ ਲਿਖਣ ਦੀ ਸੇਵਾ ਲੈ ਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸੰਪੂਰਨ ਕੀਤਾ। ਇਹ ਮਹਾਨ ਕਾਰਜ ਦੇ ਸੰਪੂਰਨ ਹੋਣ 'ਤੇ ਆਦਿ ਗ੍ਰੰਥ ਪੋਥੀ ਸਾਹਿਬ ਦੀ ਪਾਵਨ ਬੀੜ ਨੂੰ ਭਾਦੋਂ ਸੁਦੀ ਪਹਿਲੀ, ਸੰਮਤ 1661 (1604 ਈ:) ਨੂੰ ਨਗਰ ਕੀਰਤਨ ਦੇ ਰੂਪ 'ਚ ਲਿਆ ਕਰ ਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲਾ ਪ੍ਰਕਾਸ਼ ਕੀਤਾ ਗਿਆ। ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਜੀ ਨੂੰ ਥਾਪਿਆ ਗਿਆ ਤੇ ਜੋ ਪਹਿਲਾ ਮੁਖਵਾਕ ਆਇਆ ਉਹ ਸੀ, '*ਸੰਤਾ ਕੇ ਕਾਰਜ ਆਪ ਖਲੋਇਆ ਹਰਿ ਕੰਮ ਕਰਾਵਣ ਆਇਆ ਰਾਮ॥*'

ਗੁਰੂ ਗ੍ਰੰਥ ਸਾਹਿਬ ਵਿਚ ਛੇ ਗੁਰੂ ਸਾਹਿਬਾਨ, ਸ੍ਰੀ ਗੁਰੂ ਨਾਨਕ ਦੇਵ ਜੀ (1469-1539 ਈਸਵੀ) ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕੁੱਲ 974 ਛੰਦ ਹਨ ਤੇ 19 ਰਾਗਾਂ ਸਿਰੀ ਰਾਗ, ਮਾਝ, ਗਉੜੀ, ਆਸਾ, ਗੂਜਰੀ, ਵਡਹੰਸ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਤੁਖਾਰੀ, ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ ਵਿਚ ਉਚਾਰੇ ਗਏ ਹਨ। ਸ੍ਰੀ ਗੁਰੂ ਅੰਗਦ ਦੇਵ ਜੀ (1504-1552 ਈਸਵੀ) ਦੇ ਕੁੱਲ 62 ਸਲੋਕ ਵਾਰਾਂ ਵਿਚ (ਕੋਈ ਰਾਗ ਨਹੀ) ਉਚਾਰੇ ਗਏ ਹਨ। ਸ੍ਰੀ ਗੁਰੂ ਅਮਰਦਾਸ ਜੀ (1479-1574 ਈਸਵੀ) ਦੇ ਕੁੱਲ ਛੰਦ 907 ਹਨ। ਉਨ੍ਹਾਂ ਨੇ 17 ਰਾਗ ਗੁਰੂ ਨਾਨਕ ਦੇਵ ਜੀ ਵਾਲੇ-ਤਿਲੰਗ ਤੇ ਤੁਖਾਰੀ ਨੂੰ ਛੱਡ ਕੇ ਵਰਤੇ ਹਨ। ਸ੍ਰੀ ਗੁਰੂ ਰਾਮਦਾਸ ਜੀ (1534-1581 ਈਸਵੀ) ਕੁੱਲ ਛੰਦ 679 ਹਨ। ਉਨ੍ਹਾਂ ਜੈਜਾਵੰਤੀ ਤੇ ਕੇਦਾਰਾ ਨੂੰ ਛੱਡ ਕੇ 29 ਰਾਗ ਵਰਤੇ। ਸ੍ਰੀ ਗੁਰੂ ਅਰਜਨ ਦੇਵ ਜੀ (1563-1606 ਈਸਵੀ) ਦੇ ਕੁੱਲ ਛੰਦ 2218 ਹਨ ਤੇ ਆਪ ਨੇ ਰਾਗ ਜੈਜਾਵੰਤੀ ਨੂੰ ਛੱਡ ਕੇ 30 ਰਾਗ ਵਰਤੇ ਹਨ। ਸ੍ਰੀ ਗੁਰੂ ਤੇਗ਼ ਬਹਾਦਰ ਜੀ (1621-1675 ਈਸਵੀ) ਦੇ ਕੁੱਲ ਛੰਦ 115 ਹਨ ਤੇ ਆਪ ਨੇ 15 ਰਾਗਾਂ ਗਉੜੀ, ਆਸਾ, ਗੂਜਰੀ, ਬਿਹਾਗੜਾ, ਸੋਰਿਠ, ਜੈਤਸਰੀ, ਧਨਾਸਰੀ, ਟੋਡੀ, ਤਿਲੰਗ, ਬਿਲਾਵਲ, ਰਾਮਕਲੀ, ਮਾਰੂ, ਬਸੰਤ, ਸਾਰੰਗ ਤੇ ਜੈਜਾਵੰਤੀ, ਜੋ ਕੇਵਲ ਆਪ ਜੀ ਨੇ ਹੀ ਵਰਤਿਆ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ (1661-1708 ਈਸਵੀ) ਦਾ ਇੱਕੋ-ਇਕ ਦੋਹਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ ਹੈ, ਜੋ ਆਪ ਨੇ ਪਿਤਾ ਗੁਰੂ ਵੱਲੋਂ ਲਿਖੇ ਸਲੋਕ ਦੇ ਜਵਾਬ ਵਿਚ ਰਚਿਆ ਸੀ। ਇਹ ਦੋਹਰਾ ਨੌਂਵੇਂ ਪਾਤਸ਼ਾਹ ਦੇ ਸਲੋਕਾਂ ਵਿਚ ਦਰਜ ਹੈ, ਉੱਥੇ ਇਸ ਦੇ ਵੱਖਰਾ ਹੋਣ ਦਾ ਕੋਈ ਸੰਕੇਤ ਨਹੀ ਪਰ ਹੱਥ ਲਿਖਤ ਬੀੜਾਂ ਵਿਚ 'ਮਹਲਾ 10 ਜਾਂ ਪਾਤਸ਼ਾਹੀ 10' ਲਿਖ ਕੇ ਇਸ ਦੀ ਪੁਸ਼ਟੀ ਕੀਤੀ ਗਈ ਹੈ।

'ਸ੍ਰੀ ਗੁਰੂ ਗ੍ਰੰਥ ਪ੍ਰਕਾਸ਼' (ਲੇਖਕ 'ਪਿਆਰਾ ਸਿੰਘ ਪਦਮ') ਵਿਚ ਦਰਜ ਹੈ ਕਿ 15 ਭਗਤ, ਭਗਤ ਜੈ ਦੇਵ ਜੀ (1171-1204 ਈਸਵੀ) ਕੁੱਲ ਛੰਦ 2, ਜੋ ਗੂਜਰੀ ਤੇ ਮਾਰੂ ਰਾਗਾਂ ਵਿਚ ਉਚਾਰੇ ਗਏ ਹਨ, ਭਗਤ ਸ਼ੇਖ਼ ਫ਼ਰੀਦ ਜੀ (1175-1265 ਈਸਵੀ), 18 ਗੁਰੂਆਂ ਦੇ ਪਾ ਕੇ ਕੁੱਲ 134 ਛੰਦ



ਧਰਮਿੰਦਰ ਸਿੰਘ ਚੱਬਾ

**ਸ੍ਰੀ ਗੁਰੂ ਗ੍ਰੰਥ ਸਾਹਿਬ ਕਲਯੁਗ ਵਿਚ ਚਾਨਣ-ਮੁਨਾਰਾ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਬਚਲ ਨਗਰ, ਸ੍ਰੀ ਹਜ਼ੂਰ ਸਾਹਿਬ, ਨੰਦੇੜ ਵਿਖੇ ਅਕਤੂਬਰ 1708 ਈਸਵੀ ਨੂੰ ਜੋਤੀ ਜੋਤ ਸਮਾਉਣ ਤੋਂ ਇਕ ਦਿਨ ਪਹਿਲਾਂ 'ਗ੍ਰੰਥ ਸਾਹਿਬ' ਨੂੰ 'ਗੁਰੂ' ਪਦਵੀ ਦਿੱਤੀ ਤੇ ਪੰਥ ਨੂੰ ਉਨ੍ਹਾਂ ਦੇ ਲੜ ਲਾਇਆ...**

ਆਸਾ ਤੇ ਸੂਹੀ ਰਾਗ ਵਿਚ ਉਚਾਰੇ ਗਏ ਹਨ। ਭਗਤ ਨਾਮਦੇਵ ਜੀ (1270-1350 ਈਸਵੀ) ਕੁੱਲ ਛੰਦ 60 ਜੋ 18 ਰਾਗਾਂ ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਟੋਡੀ, ਤਿਲੰਗ, ਬਿਲਾਵਲ, ਗੌਂਡ, ਰਾਮਕਲੀ, ਮਾਲੀ ਗਉੜਾ, ਮਾਰੂ, ਭੈਰਉ, ਬਸੰਤ, ਸਾਰੰਗ, ਮਲਾਰ, ਕਾਨੜਾ ਤੇ ਪ੍ਰਭਾਤੀ ਵਿਚ ਉਚਾਰੀ ਗਈ ਹੈ। ਭਗਤ ਤ੍ਰਿਲੋਚਨ ਜੀ (1267-1335 ਈਸਵੀ) ਕੁੱਲ ਛੰਦ 4, ਜੋ ਸਿਰੀ, ਗੂਜਰੀ ਤੇ ਪ੍ਰਭਾਤੀ ਰਾਗਾਂ ਵਿਚ ਉਚਾਰੇ ਗਏ ਹਨ। ਭਗਤ ਬੇਣੀ ਜੀ (14ਵੀਂ ਸਦੀ) ਕੁੱਲ 3 ਛੰਦ, ਜੋ ਸਿਰੀ, ਰਾਮਕਲੀ ਤੇ ਪ੍ਰਭਾਤੀ ਰਾਗ 'ਚ ਉਚਾਰੇ ਗਏ ਹਨ। ਭਗਤ ਸੈਣ ਜੀ (1390-1440 ਈਸਵੀ) 1 ਛੰਦ, ਧਨਾਸਰੀ ਰਾਗ ਵਿਚ, ਭਗਤ ਧੰਨਾ ਜੀ (15ਵੀਂ ਸਦੀ) 4 ਛੰਦ, ਆਸਾ ਤੇ ਧਨਾਸਰੀ ਰਾਗ ਵਿਚ, ਭਗਤ ਭੀਖਨ ਜੀ (1480-1573 ਈਸਵੀ) 2 ਛੰਦ ਸੋਰਿਠ ਰਾਗ ਵਿਚ, ਭਗਤ ਪੀਪਾ ਜੀ (1408-1468 ਈਸਵੀ) 1 ਛੰਦ ਧਨਾਸਰੀ ਰਾਗ ਵਿਚ ਹਨ। ਭਗਤ ਸਧਨਾ ਜੀ (15ਵੀਂ ਸਦੀ) 1 ਛੰਦ ਬਿਲਾਵਲ ਰਾਗ ਵਿਚ, ਭਗਤ ਰਾਮਾਨੰਦ ਜੀ (1366-1467 ਈਸਵੀ) 1 ਛੰਦ ਬਸੰਤ ਰਾਗ 'ਚ, ਭਗਤ ਕਬੀਰ ਜੀ (1389-1495 ਈਸਵੀ) ਕੁੱਲ ਛੰਦ 541, ਜੋ 17 ਰਾਗਾਂ ਸਿਰੀ, ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਗੌਂਡ, ਰਾਮਕਲੀ, ਮਾਰੂ, ਕੇਦਾਰਾ, ਭੈਰਉ, ਬਸੰਤ, ਸਾਰੰਗ ਤੇ ਪ੍ਰਭਾਤੀ 'ਚ ਉਚਾਰੇ ਗਏ ਹਨ। ਭਗਤ ਰਵਿਦਾਸ ਜੀ (15ਵੀਂ ਸਦੀ) ਦੇ ਕੁੱਲ ਛੰਦ 41, ਜੋ 16 ਰਾਗਾਂ ਸਿਰੀ, ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਜੈਤਸਰੀ, ਸੂਹੀ, ਬਿਲਾਵਲ, ਗੌਂਡ, ਰਾਮਕਲੀ, ਮਾਰੂ, ਕੇਦਾਰਾ, ਭੈਰਉ, ਬਸੰਤ ਤੇ ਮਲਾਰ 'ਚ ਉਚਾਰੇ ਗਏ ਹਨ। ਭਗਤ ਪਰਮਾਨੰਦ ਜੀ (15ਵੀਂ ਸਦੀ) 1 ਛੰਦ ਸਾਰੰਗ ਰਾਗ ਵਿਚ, ਭਗਤ ਸੂਰਦਾਸ ਜੀ 1 ਛੰਦ ਸਾਰੰਗ ਰਾਗ ਵਿਚ ਹੈ।



30 ਅਗਸਤ, ਸੰਪੂਰਨਤਾ ਦਿਵਸ 'ਤੇ

ਗਿਆਰਾਂ ਭੱਟਾਂ, ਭੱਟ ਭਿੱਖਾ ਜੀ (16ਵੀਂ ਸਦੀ) ਦੇ 2 ਛੰਦ ਹਨ, ਭੱਟ ਕਲਸਹਾਰ ਜੀ (16ਵੀਂ ਸਦੀ) 54 ਛੰਦ ਹਨ, ਭੱਟ ਜਾਲਪ ਜੀ (16ਵੀਂ ਸਦੀ) 5 ਛੰਦ, ਭੱਟ ਕੀਰਤ ਜੀ (16ਵੀਂ ਸਦੀ) 8 ਛੰਦ, ਭੱਟ ਸਲ ਜੀ (16ਵੀਂ ਸਦੀ) 3 ਛੰਦ ਹਨ, ਭੱਟ ਭੱਲ ਜੀ (16ਵੀਂ ਸਦੀ) 1 ਛੰਦ ਹੈ, ਭੱਟ ਨੱਲ ਜੀ (16ਵੀਂ ਸਦੀ) 16 ਛੰਦ, ਭੱਟ ਬੱਲ ਜੀ (16ਵੀਂ ਸਦੀ) 5 ਛੰਦ, ਭੱਟ ਪਰਮਾਨੰਦ ਜੀ 13 ਛੰਦ, ਭੱਟ ਹਰਿਬੰਸ ਜੀ (16ਵੀਂ ਸਦੀ) 2 ਛੰਦ, ਭੱਟ ਮਥਰਾ ਜੀ ਦੇ 14 ਛੰਦ ਗੁਰੂ ਗ੍ਰੰਥ ਸਾਹਿਬ 'ਚ ਦਰਜ ਹਨ।

ਚਾਰ ਗੁਰਸਿੱਖਾਂ ਭਾਈ ਸੁੰਦਰ ਜੀ (1560-1610 ਈਸਵੀ) ਦੇ ਕੁੱਲ 6 ਛੰਦ ਰਾਮਕਲੀ ਰਾਗ ਵਿਚ ਦਰਜ ਹਨ। ਭਾਈ ਮਰਦਾਨਾ ਜੀ (1460-1530 ਈਸਵੀ) ਦੇ ਕੁੱਲ 3 ਛੰਦ ਹਨ। ਭਾਈ ਸੱਤਾ ਜੀ (16ਵੀਂ ਸਦੀ) 3 ਛੰਦ ਰਾਮਕਲੀ ਰਾਗ ਵਿਚ ਅਤੇ ਭਾਈ ਰਾਇ ਬਲਵੰਡ ਜੀ (16ਵੀਂ ਸਦੀ) ਦੇ 5 ਛੰਦ ਰਾਮਕਲੀ ਰਾਗ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ।

ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕੁੱਲ 5894 ਛੰਦ ਹਨ। ਇਹ ਵੇਰਵਾ ਡਾ. ਚਰਨ ਸਿੰਘ ਜੀ ਦੀ ਗਿਣਤੀ ਅਨੁਸਾਰ ਹੈ। ਭਾਈ ਕਾਨ੍ਹ ਸਿੰਘ ਨਾਭਾ ਨੇ ਛੰਦਾਂ ਦੀ ਕੁੱਲ ਗਿਣਤੀ 5867 ਦਿੱਤੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਕੁੱਲ 1430 ਅੰਗ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ 31 ਰਾਗਾਂ ਸ੍ਰੀ ਰਾਗ, ਰਾਗ ਮਾਝ, ਰਾਗ ਗਉੜੀ, ਰਾਗ ਆਸਾ, ਰਾਗ ਗੂਜਰੀ, ਰਾਗ ਦੇਵਗੰਧਾਰੀ, ਰਾਗ ਬਿਹਾਗੜਾ, ਰਾਗ ਵਡਹੰਸ, ਰਾਗ ਸੋਰਠਿ, ਰਾਗ ਧਨਾਸਰੀ, ਰਾਗ ਜੈਤਸਰੀ, ਰਾਗ ਟੋਡੀ, ਰਾਗ ਬੈਰਾੜੀ, ਰਾਗ ਤਿਲੰਗ, ਰਾਗ ਸੂਹੀ, ਰਾਗ ਬਿਲਾਵਲ, ਰਾਗ ਗੌਂਡ, ਰਾਗ ਰਾਮਕਲੀ, ਰਾਗ ਨਟ, ਰਾਗ ਮਾਲੀ ਗਉੜਾ, ਰਾਗ ਮਾਰੂ, ਰਾਗ ਤੁਖਾਰੀ, ਰਾਗ ਕੇਦਾਰਾ, ਰਾਗ ਭੈਰਉ, ਰਾਗ ਬਸੰਤੁ, ਰਾਗ ਸਾਰੰਗ, ਰਾਗ ਕਾਨੜਾ, ਰਾਗ ਮਲਾਰ, ਰਾਗ ਕਲਿਆਨ, ਰਾਗ ਪ੍ਰਭਾਤੀ ਤੇ ਰਾਗ ਜੈਜਾਵੰਤੀ ਵਿਚ ਉਚਾਰੀ ਗਈ ਹੈ। ਪਹਿਲਾਂ ਬਾਣੀ 30 ਰਾਗਾਂ ਵਿਚ ਰਚੀ ਗਈ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਮਹਾਨ ਬਾਣੀ ਨੂੰ ਰਾਗ 'ਜੈਜਾਵੰਤੀ' ਵਿਚ ਦਰਜ ਕੀਤਾ ਤਾਂ ਇਹ ਮਹਾਨ ਬਾਣੀ 31 ਰਾਗਾਂ ਵਿਚ ਹੋ ਗਈ। ਇਸ ਮਹਾਨ ਕਾਰਜ ਦੀ ਸੰਪੂਰਨਤਾ 1706 ਈਸਵੀ ਨੂੰ ਹੋਈ।

ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 9 ਧੁਨੀਆਂ, 22 ਵਾਰਾਂ ਹਨ। ਬਾਣੀ ਰਾਗਾਂ ਵਿਚ ਪਹਿਲਾਂ ਪਦੇ, ਦੁਪਦੇ, ਤਿਪਦੇ, ਚੌਪਦੇ, ਸ਼ਬਦ, ਅਸ਼ਟਪਦੀਆਂ, ਛੰਤ, ਵਾਰਾਂ ਤੇ ਸਲੋਕ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀਆਂ ਦੇ ਤਿੰਨ ਭਾਗ ਹਨ-ਪਹਿਲਾ ਨਿੱਤਨੇਮ ਦੀਆਂ ਬਾਣੀਆਂ, ਦੂਜਾ ਰਾਗਬੱਧ ਬਾਣੀਆਂ, ਤੀਜਾ ਰਾਗ ਰਹਿਤ ਬਾਣੀਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸੰਤ ਭਾਸ਼ਾ, ਬ੍ਰਿਜ ਭਾਸ਼ਾ, ਹਿੰਦਵੀ, ਭੱਟ ਭਾਸ਼ਾ, ਰੇਖਤਾ, ਸਹਸਕ੍ਰਿਤ, ਗਾਥਾ, ਅਪਭ੍ਰੰਸ, ਪੰਜਾਬੀ ਤੇ ਲਹਿੰਦੀ ਆਦਿ ਭਾਸ਼ਾਵਾਂ ਵਿਚ ਲਿਖੀ ਗਈ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਇਸ ਕਲਯੁਗ ਵਿਚ ਚਾਨਣ-ਮੁਨਾਰਾ ਹਨ। ਹਰ ਪ੍ਰਾਣੀ ਸੱਚੀ ਸ਼ਰਧਾ ਰੱਖ ਕੇ ਆਪਣਾ ਜੀਵਨ ਸਫਲ ਬਣਾ ਸਕਦਾ ਹੈ। ਬਾਣੀ ਵਿਚ ਉਚਾਰਿਆ ਗਿਆ ਹੈ :

*ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤ ਸਾਰੇ॥*
*ਗੁਰ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਬਚਲ ਨਗਰ, ਸ੍ਰੀ ਹਜ਼ੂਰ ਸਾਹਿਬ, ਨੰਦੇੜ ਵਿਖੇ ਅਕਤੂਬਰ 1708 ਈਸਵੀ ਨੂੰ ਜੋਤੀ ਜੋਤ ਸਮਾਉਣ ਤੋਂ ਇਕ ਦਿਨ ਪਹਿਲਾਂ ਮੱਥਾ ਟੇਕ ਕੇ ਗੁਰੂ ਪਦਵੀ ਦਿੱਤੀ ਅਤੇ ਸਿੱਖ ਪੰਥ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲਾਇਆ :

*ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥*
*ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ॥*
*ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ॥*
*ਜੋ ਪ੍ਰਭ ਕੋ ਮਿਲਬੋ ਚਹੈ ਖੋਜ ਸ਼ਬਦ ਮੈ ਲੇਹ॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੂਹ ਸਿੱਖ ਸੰਗਤਾਂ ਨੂੰ ਹੁਕਮ ਕੀਤਾ ਕਿ ਅੱਜ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹਾਜ਼ਰ-ਨਾਜ਼ਰ ਗੁਰੂ ਜਾਣ ਕੇ ਨਮਸਕਾਰ ਕਰਨੀ ਹੈ। ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨਾ ਹੈ ਤੇ ਦੇਹਧਾਰੀ ਪਾਖੰਡੀਆਂ ਦੇ ਪਿੱਛੇ ਨਹੀ ਲੱਗਣਾ ਅਤੇ ਹਮੇਸ਼ਾ ਬਾਣੀ ਤੇ ਬਾਣੇ ਦੀ ਲਾਜ ਰੱਖਣੀ ਹੈ। •

# ਜਵੱਦੀ ਟਕਸਾਲ ਦੀ ਗੁਰਮਤਿ ਸੰਗੀਤ ਨੂੰ ਦੇਣ



ਤੀਰਥ ਸਿੰਘ ਢਿੱਲੋਂ
98154-61710

ਗੁਰੂ ਨਾਨਕ ਦੇਵ ਜੀ ਮਹਾਰਾਜ ਵੱਲੋਂ ਤੰਤੀ ਸਾਜ਼ਾਂ ਨਾਲ ਸ਼ੁਰੂ ਕੀਤੀ ਗਈ ਕੀਰਤਨ ਦੀ ਮਹਾਨ ਪਰੰਪਰਾ ਦੀ ਬਹਾਲੀ ਲਈ ਲੁਧਿਆਣਾ ਦੇ ਨਾਲ ਲਗਦੇ ਇਤਿਹਾਸਕ ਪਿੰਡ ਜਵੱਦੀ ਕਲਾਂ ਸਥਿਤ ਜਵੱਦੀ ਟਕਸਾਲ ਦੀ ਦੇਣ ਉੱਪਰ ਸਮੁੱਚੇ ਕੀਰਤਨ ਤੇ ਸੰਗੀਤ ਪ੍ਰੇਮੀਆਂ ਨੂੰ ਮਾਣ ਹੈ। ਇਸ ਪਿੰਡ ਨੂੰ ਛੇਵੇਂ ਪਾਤਸ਼ਾਹ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਹੈ। ਇਸ ਪਾਵਨ ਭੂਮੀ ਉੱਤੇ ਗੁਰੂ ਸਾਹਿਬ ਦੀ ਰਹਿਮਤ ਸਦਕਾ ਸਚਖੰਡ ਵਾਸੀ ਸੰਤ ਸੁੱਚਾ ਸਿੰਘ ਨੇ 1991 ਵਿਚ 'ਵਿਸਮਾਦੁ ਨਾਦ' ਸੰਸਥਾ ਬਣਾਈ। ਸੰਸਥਾ ਨੇ ਸਿੱਖ ਵਿਰਸੇ ਦੀ ਖੋਜ ਦੇ ਕਾਰਜ ਨੂੰ ਸੰਭਾਲਣ ਦਾ ਜ਼ਿੰਮਾ ਲਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ 31 ਰਾਗਾਂ ਦੇ ਸ਼ੁੱਧ ਸਰੂਪ ਨਿਸ਼ਚਤ ਕਰਨ ਲਈ 'ਰਾਗ ਨਿਰਣਾਇਕ ਕਮੇਟੀ' ਬਣਾਈ, ਜਿਸ ਵਿਚ ਸੰਤ ਸੁੱਚਾ ਸਿੰਘ ਦੇ ਨਿਰਦੇਸ਼ ਤਹਿਤ ਮਹਾਨ ਸੰਗੀਤ ਅਚਾਰੀਆ ਪੰਡਿਤ ਦਲੀਪ ਚੰਦਰ ਦੀ ਅਗਵਾਈ ਹੇਠ ਵਡਮੁੱਲਾ ਕੰਮ ਹੋਇਆ। ਇਸ ਕਮੇਟੀ ਨੇ ਜਿੱਥੇ ਭਾਰਤੀ ਸੰਗੀਤ ਨਾਲ ਮੇਲ ਖਾਂਦੇ 18 ਰਾਗ ਸਾਹਮਣੇ ਲਿਆਂਦੇ ਉੱਥੇ ਬੈਰਾੜੀ, ਸੂਹੀ ਗਉੜੀ, ਨੱਟ ਨਾਰਾਇਣ, ਤੁਖਾਰੀ, ਪ੍ਰਭਾਤੀ, ਮਾਲੀ ਗਉੜਾ ਵਰਗੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਰਾਗਾਂ ਬਾਰੇ ਵੀ ਰਾਏ ਸੰਗਤਾਂ ਨਾਲ ਸਾਂਝੀ ਕੀਤੀ। ਇਹ ਤੱਥ ਵੀ ਸਾਹਮਣੇ ਆਇਆ ਕਿ ਮਾਝ ਰਾਗ ਕੇਵਲ ਗੁਰਮਤਿ ਸੰਗੀਤ ਦੀ ਹੀ ਦੇਣ ਹੈ।

## ਸੰਗੀਤ ਸੰਮੇਲਨਾਂ ਦਾ ਆਗਾਜ਼

ਸੰਤ ਸੁੱਚਾ ਸਿੰਘ ਦੀ ਸੁਨਹਿਰੀ ਅੱਖਰਾਂ 'ਚ ਲਿਖੀ ਜਾਣ ਵਾਲੀ ਦੇਣ ਹੈ ਉਨ੍ਹਾਂ ਵੱਲੋਂ ਜਵੱਦੀ ਕਲਾਂ ਵਿਖੇ 1991 'ਚ ਆਰੰਭ ਕੀਤੇ ਗਏ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ। ਇਹ ਗੁਰਮਤਿ ਸੰਗੀਤ ਲੜੀ ਉਨ੍ਹਾਂ ਦੇ ਸੱਚਖੰਡ ਜਾ ਬਿਰਾਜਣ ਮਗਰੋਂ ਸੰਤ ਅਮੀਰ ਸਿੰਘ ਦੁਆਰਾ ਜਾਰੀ ਰੱਖੀ ਜਾ ਰਹੀ ਹੈ। ਇਸ ਲੜੀ ਦਾ ਪਲੇਠਾ ਸੰਮੇਲਨ 10 ਤੋਂ 13 ਅਕਤੂਬਰ ਤਕ ਹੋਇਆ। ਇਸ ਸੰਗੀਤ ਸੰਮੇਲਨ ਨੇ ਗੁਰਮਤਿ ਸੰਗੀਤ ਦਾ ਜੋ ਮਿਆਰ ਸਥਾਪਤ ਕੀਤਾ ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ-ਸਰੋਤ ਰਹੇਗਾ। ਪਹਿਲੇ ਸੰਮੇਲਨ ਵਿਚ ਭਾਈ ਬਲਬੀਰ ਸਿੰਘ, ਡਾ. ਗੁਰਨਾਮ ਸਿੰਘ ਪਟਿਆਲਾ, ਪ੍ਰੋ. ਕਰਤਾਰ ਸਿੰਘ, ਪ੍ਰੋ. ਹਰਚੰਦ ਸਿੰਘ, ਸਿੰਘ ਬੰਧੂ ਦਿੱਲੀ, ਗੀਤਾ ਪੇਂਤਲ, ਡਾ. ਜਸਬੀਰ ਕੌਰ ਪਟਿਆਲਾ, ਭਾਈ ਦਿਲਬਾਗ ਸਿੰਘ-ਗੁਲਬਾਗ਼ ਸਿੰਘ, ਪ੍ਰਿੰ. ਚੰਨਣ ਸਿੰਘ ਮਜਬੂਰ, ਡਾ. ਨਿਵੇਦਿਤਾ ਸਿੰਘ ਪਟਿਆਲਾ ਤੇ ਹੋਰ ਮਹਾਨ ਰਾਗੀਆਂ ਨੇ ਸ਼ੁੱਧ ਗੁਰਮਤਿ ਸ਼ੈਲੀ ਰਾਹੀਂ ਸਮਾਂ ਬੰਨ੍ਹਿਆ। ਇਸ ਤੋਂ ਬਾਅਦ ਦੇ ਅਦੁੱਤੀ ਸੰਗੀਤ ਸੰਮੇਲਨਾਂ 'ਚ ਪਦਮਸ਼੍ਰੀ ਭਾਈ ਨਿਰਮਲ ਸਿੰਘ ਖ਼ਾਲਸਾ, ਸਵਰਗੀ ਭਾਈ ਅਮਰੀਕ ਸਿੰਘ ਜ਼ਖ਼ਮੀ, ਭਾਈ ਪ੍ਰਿਥੀਪਾਲ ਸਿੰਘ, ਮੋਹਨ ਪਾਲ ਸਿੰਘ ਪਟਿਆਲਾ, ਭਾਈ ਰਣਧੀਰ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਇਲਾਵਾ ਸੰਤ ਸਤਨਾਮ ਸਿੰਘ ਕਿਸ਼ਨਗੜ੍ਹ, ਉਸਤਾਦ ਕਾਲੇ ਰਾਮ (ਤਬਲਾ), ਅਸ਼ਵਨੀ ਕੁਮਾਰ (ਤਾਨਪੂਰਾ), ਓਮ ਪ੍ਰਕਾਸ਼ ਤੇ ਭਾਈ ਚਤਰ ਸਿੰਘ (ਦਿਲਰੁਬਾ), ਜਸਵੰਤ ਸਿੰਘ ਦਿੱਲੀ ਤੇ ਕਸਤੂਰੀ ਲਾਲ (ਵਾਇਲਨ) ਵੀ ਸੰਗੀਤਕ ਫ਼ਨ ਪੇਸ਼ ਕਰਦੇ ਰਹੇ ਹਨ। ਇਸ ਤੋਂ ਇਲਾਵਾ ਤਾਰ ਸ਼ਹਿਨਾਈ, ਤਾਊਸ ਤੇ ਸਾਰੰਦੇ ਦੀ ਵੀ ਕਲਾਤਮਕ ਵਰਤੋਂ ਗੁਰਬਾਣੀ ਕੀਰਤਨ ਵਿਚ ਕੀਤੀ ਗਈ। ਇਸ ਦੌਰਾਨ, ਤਾਲ ਕਹਿਰਵਾ ਤੇ ਦਾਦਰਾ ਵਜਾਉਣ ਦੀ ਆਗਿਆ ਨਹੀਂ ਸੀ, ਸਿਰਫ਼ ਪ੍ਰਵਾਨਤ ਬਿਖਰੇ ਤਾਲਾਂ ਵਿਚ ਹੀ ਗੁਰਬਾਣੀ ਗਾਇਨ ਪੇਸ਼ ਕੀਤਾ ਗਿਆ।





ਸੰਤ ਸੁੱਚਾ ਸਿੰਘ ਨੇ ਪੰਜਾਬ ਤੋਂ ਬਾਹਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਤੋਂ ਇਲਾਵਾ ਮੁੰਬਈ, ਪੂਨਾ, ਇੰਦੌਰ, ਗਵਾਲੀਅਰ, ਆਗਰਾ ਸਮੇਤ ਵੱਖ-ਵੱਖ ਥਾਵਾਂ 'ਤੇ ਵੀ ਮਹਾਨ ਗੁਰਮਤਿ ਸੰਗੀਤ ਸੰਮੇਲਨ ਕਰਵਾਏ। ਇਹ ਸੰਮੇਲਨ ਸੰਤ ਸੁੱਚਾ ਸਿੰਘ ਨੇ 27 ਅਗਸਤ 2002 ਨੂੰ ਆਪਣੇ ਸਚਖੰਡ ਪਿਆਨੇ ਤਕ ਨਿਰੰਤਰਤਾ ਨਾਲ ਜਾਰੀ ਰੱਖੇ। ਉਨ੍ਹਾਂ ਤੋਂ ਉਪਰੰਤ ਸੰਤ ਅਮੀਰ ਸਿੰਘ ਨੂੰ ਇਸ ਟਕਸਾਲ ਦੇ ਮੁਖੀ ਦੀ ਸੇਵਾ ਪੰਥ ਵੱਲੋਂ ਸੌਂਪੀ ਗਈ। ਸੰਤ ਅਮੀਰ ਸਿੰਘ ਨੇ 2016 ਵਿਚ ਅਦੁੱਤੀ ਗੁਰਮਤਿ ਸੰਗੀਤ ਸੰਮੇਲਨਾਂ ਦੀ ਸਿਲਵਰ ਜੁਬਲੀ ਮਨਾਈ, ਜਿਸ ਵਿਚ 25 ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ 'ਚ 25 ਰਾਗ ਦਰਬਾਰ ਸੰਤ ਅਮੀਰ ਸਿੰਘ ਜੀ ਵੱਲੋਂ ਕਰਵਾਏ ਗਏ ਤੇ ਇਕ ਯੂਨੀਵਰਸਿਟੀ ਵਿਚ ਗੁਰਮਤਿ ਸੰਗੀਤ ਬਾਰੇ ਵਿਚਾਰ-ਗੋਸ਼ਟੀ ਕਰਵਾਈ ਗਈ। ਸੰਤ ਅਮੀਰ ਸਿੰਘ ਦੀ ਅਗਵਾਈ ਵਿਚ ਵਿਦਿਆਰਥੀਆਂ ਨੂੰ ਤੰਤੀ ਸਾਜ਼ਾਂ ਨਾਲ ਗੁਰਮਤਿ ਸੰਗੀਤ ਦੀ ਸਿੱਖਿਆ ਪ੍ਰੋ. ਜਤਿੰਦਰ ਪਾਲ ਸਿੰਘ, ਪੰਡਿਤ ਰਮਾਕਾਂਤ, ਪ੍ਰੋ. ਰਮਨਦੀਪ ਕੌਰ, ਪ੍ਰੋ. ਚਰਨਜੀਤ ਕੌਰ, ਪ੍ਰੋ. ਤਜਿੰਦਰ ਸਿੰਘ, ਪ੍ਰੋ. ਇੰਦਰਜੀਤ ਸਿੰਘ ਬਿੰਦੂ ਤੇ ਪ੍ਰੋ. ਮਨਿੰਦਰ ਸਿੰਘ ਤਬਲਾ ਵਾਦਕ, ਉਸਤਾਦ ਸਵਰਨ ਸਿੰਘ ਦੁਆਰਾ ਦਿੱਤੀ ਜਾ ਰਹੀ ਹੈ। ਟਕਸਾਲ ਵੱਲੋਂ ਗੁਰਮਤਿ ਸੰਗੀਤ ਦੇ ਘੋੜੀਆਂ, ਅਲਾਹੁਣੀਆਂ, ਵਾਰਾਂ, ਅੰਜਲੀ ਤੇ ਛੰਤ ਆਦਿ ਲੋਕ ਅੰਗਾਂ ਬਾਰੇ ਵੀ ਵਿਸ਼ੇਸ਼ ਕੀਰਤਨ ਦਰਬਾਰ ਕਰਵਾਏ ਗਏ।

ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰਾਗੀ ਸਿੰਘਾਂ ਨਾਲ ਜਿੰਨੇ ਵੀ ਉਚ ਕੋਟੀ ਦੇ ਤੰਤੀ ਸਾਜ਼ ਵਜਾਉਣ ਵਾਲੇ ਫ਼ਨਕਾਰ ਸੰਗਤ ਕਰਦੇ ਹਨ ਉਹ ਜਵੱਦੀ ਟਕਸਾਲ ਤੋਂ ਹੀ ਸਿੱਖਿਆ ਪ੍ਰਾਪਤ ਕਰ ਕੇ ਸੇਵਾ ਨਿਭਾ ਰਹੇ ਹਨ। ਸੰਤ ਸੁੱਚਾ ਸਿੰਘ ਤੋਂ ਲੈ ਕੇ ਸੰਤ ਅਮੀਰ ਸਿੰਘ ਤਕ ਲਗਪਗ 30 ਹਜ਼ਾਰ ਤੋਂ ਵਧੇਰੇ ਵਿਦਿਆਰਥੀ ਗੁਰਮਤਿ ਸੰਗੀਤ, ਗੁਰਬਾਣੀ ਸੰਥਿਆ ਤੇ ਵਾਦਨ ਦੀ ਸਿੱਖਿਆ ਪ੍ਰਾਪਤ ਕਰ ਚੁੱਕੇ ਹਨ। ਜਵੱਦੀ ਕਲਾਂ ਵਿਖੇ ਵਿਦਿਆਰਥੀਆਂ ਦੀ ਰਿਹਾਇਸ਼ ਤੇ ਲੰਗਰ ਦਾ ਪ੍ਰਬੰਧ ਟਕਸਾਲ ਵੱਲੋਂ ਕੀਤਾ ਜਾਂਦਾ ਹੈ ਤੇ ਉਨ੍ਹਾਂ ਨੂੰ ਵਜ਼ੀਫ਼ੇ ਵੀ ਦਿੱਤੇ ਜਾਂਦੇ ਹਨ।

## ਪ੍ਰਕਾਸ਼ਨਾਵਾਂ

ਰਾਗ ਨਾਦੁ ਸਬਦਿ ਸਬੰਧੀ ਗੁਰੂ ਗ੍ਰੰਥ ਸਾਹਿਬ ਦੀ ਮਨੁੱਖਤਾ ਨੂੰ ਦੇਣ, ਮਨ ਦਾ ਸੰਕਲਪ, ਦੇਹੀ ਦਾ ਸੰਕਲਪ, ਮੌਤ ਦਾ ਸੰਕਲਪ, ਰਾਗ ਨਾਦੁ ਸਬਦਿ ਸੋਹਣੇ, ਮਿਲਬੇ ਕੀ ਮਹਿਮਾ, ਗੁਰੂ ਨਾਲ ਸੰਗੀਤ ਪੱਧਤੀ-ਭਾਗ 1 ਤੇ 2 ਸਮੇਤ ਅਨੇਕ ਪ੍ਰਕਾਸ਼ਨਾਵਾਂ ਦੁਨੀਆ ਭਰ ਦੇ ਸੰਗੀਤ ਪ੍ਰੇਮੀਆਂ ਦਾ ਮਾਰਗਦਰਸ਼ਨ ਕਰ ਰਹੀਆਂ ਹਨ।

## ਆਡੀਓ-ਵੀਡੀਓ

1991 ਤੋਂ ਹੁਣ ਤਕ ਹੋਏ ਸੰਗੀਤ ਸੰਮੇਲਨਾਂ ਦੀਆਂ ਆਡੀਓ-ਵੀਡੀਓ ਕੈਸੇਟਾਂ ਟਕਸਾਲ ਕੋਲ ਉਪਲਬਧ ਹਨ ਤੇ ਇਨ੍ਹਾਂ ਨੂੰ ਯੂ-ਟਿਊਬ 'ਤੇ ਵੀ ਪਾਇਆ ਗਿਆ ਹੈ। 'ਗਉੜੀ ਰਾਗੁ ਸੁਲਖਣੀ' ਨਾਂ ਦਾ ਤਿੰਨ ਸੀਡੀਜ਼ ਦਾ ਸੈੱਟ ਬਹੁਤ ਸਲਾਹਿਆ ਗਿਆ। ਟਕਸਾਲ ਦੇ ਜਥਿਆਂ ਦੀ 'ਵੱਡਾ ਤੇਰਾ ਦਰਬਾਰ' ਨਾਂ ਦੀ ਆਡੀਓ ਵੀ ਉਪਲਬਧ ਹੈ।

## ਗੁਰਮਤਿ ਸੰਗੀਤ ਐਵਾਰਡ

ਗੁਰਮਤਿ ਸੰਗੀਤ ਦੇ ਖੇਤਰ 'ਚ ਵਡਮੁੱਲਾ ਯੋਗਦਾਨ ਪਾਉਣ ਵਾਲੇ 14 ਜਥਿਆਂ ਨੂੰ ਹੁਣ ਤਕ ਟਕਸਾਲ ਵੱਲੋਂ ਗੁਰਮਤਿ ਸੰਗੀਤ ਐਵਾਰਡ ਨਾਲ ਸਨਮਾਨਤ ਕੀਤਾ ਜਾ ਚੁੱਕਾ ਹੈ। ਟਕਸਾਲ ਵੱਲੋਂ ਗੁਰਦੁਆਰਾ ਹਰਗੋਬਿੰਦਗੜ੍ਹ (ਜੈਤੋ ਮੰਡੀ) ਤੇ ਗੁਰਦੁਆਰਾ ਸਾਹਿਬਜ਼ਾਦਾ ਫ਼ਤਹਿ ਸਿੰਘ ਹੈਬੋਵਾਲ ਵਿਖੇ ਵੀ ਤਬਲਾ ਵਾਦਨ ਤੇ ਤੰਤੀ ਸਾਜ਼ਾਂ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਮੌਜੂਦਾ ਮੁਖੀ ਸੰਤ ਅਮੀਰ ਸਿੰਘ ਜਿੱਥੇ ਪੰਥ ਦੇ ਮਹਾਨ ਕਥਾ ਵਾਚਕ ਹਨ ਉੱਥੇ ਪੁਰਾਤਨ ਗੁਰਮਤਿ ਸ਼ੈਲੀ ਅਨੁਸਾਰ ਖ਼ੁਦ ਵੀ ਕੀਰਤਨ ਕਰ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜ ਰਹੇ ਹਨ।

## ਸੰਤ ਸੁੱਚਾ ਸਿੰਘ ਨੂੰ 'ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ' ਐਵਾਰਡ

ਸੰਤ ਸੁੱਚਾ ਸਿੰਘ ਨੇ ਦੇਸ਼-ਵਿਦੇਸ਼ 'ਚ ਕੀਰਤਨ ਦੀਆਂ ਵਰਕਸ਼ਾਪਾਂ, ਗੋਸ਼ਟੀਆਂ, ਪ੍ਰਕਾਸ਼ਨਾਵਾਂ ਤੇ ਰਾਗਬੱਧ ਕੀਰਤਨ ਦਰਬਾਰਾਂ ਜ਼ਰੀਏ ਜੋ ਸੇਵਾ ਕੀਤੀ ਹੈ, ਉਹ ਸੁਨਹਿਰੀ ਅੱਖ਼ਰਾਂ 'ਚ ਲਿਖਣਯੋਗ ਹੈ। ਉਨਾਂ ਦੀ ਇਸ ਮਹਾਨ ਦੇਣ ਦੇ ਮੱਦੇਨਜ਼ਰ ਸਿੱਖ ਪੰਥ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ 24 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਉਨ੍ਹਾਂ ਨੂੰ 'ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ' ਦਾ ਵੱਕਾਰੀ ਸਨਮਾਨ ਦਿੱਤਾ ਗਿਆ। ਇਹ ਸਨਮਾਨ ਮੌਜੂਦਾ ਜਾਨਸ਼ੀਨ ਸੰਤ ਬਾਬਾ ਅਮੀਰ ਸਿੰਘ ਨੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਪਾਸੋਂ ਪ੍ਰਾਪਤ ਕੀਤਾ। ਇਹ ਐਵਾਰਡ ਪਹਿਲੀ ਵਾਰੀ ਕਿਸੇ ਪੰਥਕ ਸ਼ਖ਼ਸੀਅਤ ਨੂੰ ਦਿੱਤਾ ਗਿਆ ਹੈ। ਇਸ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਨਾ ਮਿਲੇਗੀ। ਨਿਰਸੰਦੇਹ ਸੰਤ ਸੁੱਚਾ ਸਿੰਘ ਦੀ ਦੇਣ ਨੂੰ ਸਿਜਦਾ ਕਰਨਾ ਬਣਦਾ ਹੈ। •

# ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਦਾ ਅਸਥਾਨ

# ਦਮਦਮਾ ਸਾਹਿਬ



ਪ੍ਰੋ. ਨਵ ਸੰਗੀਤ ਸਿੰਘ

ਦਮਦਮਾ ਸਾਹਿਬ, ਜੋ ਕਿ ਇਤਿਹਾਸਕ ਕਸਬੇ ਤਲਵੰਡੀ ਸਾਬੋ ਦਾ ਹੀ ਦੂਜੀ ਨਾਂ ਹੈ, ਅਧਿਆਤਮ, ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਮਹੱਤਤਾ ਦਾ ਧਾਰਨੀ ਹੈ। ਇਸ ਨੂੰ 'ਗੁਰੂ ਕੀ ਕਾਸ਼ੀ' ਵਜੋਂ ਵੀ ਜਾਣਿਆ ਜਾਂਦਾ ਹੈ। ਸਿੱਖ ਪੰਥ ਦੇ ਚੌਥੇ ਤਖ਼ਤ ਵਜੋਂ ਮਾਨਤਾ ਪ੍ਰਾਪਤ ਇਸ ਧਰਮੱਗ ਧਰਤੀ 'ਤੇ ਗੁਰੂ ਨਾਨਕ ਦੇਵ ਜੀ, ਗੁਰੂ ਤੇਗ਼ ਬਹਾਦਰ ਜੀ ਅਤੇ ਗੁਰੂ ਗੋਬਿੰਦ ਸਿੰਘ ਦੀ ਨੇ ਆਪਣੇ ਚਰਨ ਪਾਏ।

'ਗੁਰ ਬਿਲਾਸ ਪਾਤਿਸ਼ਾਹੀ ਛੇਵੀਂ' ਵਿਚ ਅੰਕਿਤ ਹੈ ਕਿ ਇਕ ਵਾਰ ਸੰਗਤਾਂ ਨੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਬੇਨਤੀ ਕੀਤੀ, "ਹਜ਼ੂਰ ਆਪਨੇ ਪਹਿਲੇ ਸਤਿਗੁਰਾਂ ਵਾਂਗ ਗੁਰਬਾਣੀ ਦਾ ਉਚਾਰਨ ਕਿਉਂ ਨਹੀਂ ਕੀਤਾ" ਤਾਂ ਗੁਰੂਦੇਵ ਨੇ ਅੰਤਰਧਿਆਨ ਹੋ ਕੇ ਫਰਮਾਇਆ, "ਅਸੀਂ ਦਸਵੇਂ ਜਾਮੇ ਵਿਚ ਤਲਵੰਡੀ ਸਾਬੋ ਵਿਖੇ ਸ੍ਰੀ ਦਮਦਮਾ ਸਾਹਿਬ ਪ੍ਰਗਟ ਕਰ ਕੇ 'ਗੁਰੂ ਕੀ ਕਾਸ਼ੀ' ਦੀ ਸਥਾਪਨਾ ਕਰਾਂਗੇ ਅਤੇ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਬੀੜ ਲਿਖਾਂਗੇ" :

**ਸੁਣ ਕੇ ਹਮ ਤਾਹਿ ਕੇ ਬੈਨਨ ਕੋ,**
**ਦਮਦਮਾ ਸੁ ਮਾਲਵੇ ਬੀਚ ਸੁਧਾਰੋ।**
**ਢਿਗ ਤਾਹਿ ਤਲਵੰਡੀ ਕੇ ਕਾਸ਼ੀ ਰਚੋ,**
**ਜਹਿ ਬੈਲ ਪਢੇ ਹੋਏ ਬੁਧ ਉਦਾਰੋ।**
**ਗ੍ਰੰਥ ਉਚਾਰ ਕਰੋਂ ਤਹਾਂ ਬੈਠ ਕੇ, ਬੀੜ**
**ਸੋਊ ਜਗ ਮਾਹਿ ਬਿਥਾਰੋ।**
**ਅਖਰ ਏਕ ਕਾ ਭੇਦ ਧਰੋ ਨਹਿ, ਮਮ**
**ਦਾਸ ਗੁਰੂ ਸਮਰਥ ਬਿਚਾਰੋ।**

ਜਗਤ-ਗੁਰੂ ਬਾਬਾ ਨਾਨਕ ਪਹਿਲੀ ਉਦਾਸੀ ਸਮੇਂ 1515 ਈਸਵੀ ਵਿਚ ਸਰਸੇ ਤੋਂ ਸੁਲਤਾਨਪੁਰ ਜਾਂਦੇ ਹੋਏ ਇਥੇ ਬਿਰਾਜੇ ਸਨ, 159 ਸਾਲ ਪਿੱਛੋਂ 1674 ਈਸਵੀ ਵਿਚ ਗੁਰੂ ਤੇਗ਼ ਬਹਾਦਰ ਜੀ ਨੇ ਇਥੇ ਗੁਰੂਸਰ ਸਰੋਵਰ ਦਾ ਟੱਕ ਲਾਇਆ ਅਤੇ 5 ਦੁਸ਼ਾਲੇ ਮਿੱਟੀ ਦੇ ਭਰ ਕੇ ਕੱਢੇ; 31 ਸਾਲ ਬਾਅਦ ਗੁਰੂ ਗੋਬਿੰਦ ਸਿੰਘ ਜੀ ਨੇ 1705 ਈਸਵੀ ਵਿਚ ਜੰਗਾਂ-ਯੁੱਧਾਂ ਪਿੱਛੋਂ ਇਸ ਅਸਥਾਨ 'ਤੇ ਇਕ ਉੱਚੀ ਥੇੜ੍ਹੀ 'ਤੇ ਆ ਕੇ ਦਮ ਲਿਆ ਅਤੇ ਕਮਰਕੱਸਾ ਖੋਲ੍ਹਿਆ। ਇਸ ਅਸਥਾਨ ਤੋਂ ਸਿੱਖ ਸੰਗਤਾਂ ਦੇ ਨਾਂ ਹੁਕਮਨਾਮੇ ਜਾਰੀ ਕੀਤੇ ਅਤੇ 1706 ਈਸਵੀ ਦੀ ਵਿਸਾਖੀ 'ਤੇ ਕਰੀਬ ਸਵਾ ਲੱਖ ਲੋਕਾਂ ਨੂੰ ਅੰਮ੍ਰਿਤ ਦੀ ਦਾਤ ਬਖ਼ਸ਼ਿਸ਼ ਕੀਤੀ।

ਇਸ ਇਲਾਕੇ ਦਾ ਚੌਧਰੀ ਉਨ੍ਹੀਂ ਦਿਨੀਂ ਭਾਈ ਡੱਲਾ ਹੁੰਦਾ ਸੀ, ਜੋ ਦਸ਼ਮੇਸ਼ ਪਿਤਾ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਪਿੱਛੋਂ ਡਲ ਸਿੰਘ ਵਜੋਂ ਜਾਣਿਆ ਗਿਆ। ਇਹ ਨਗਰ ਫਿਲਹਾਲ ਰੇਲਵੇ ਨਾਲ ਨਹੀਂ ਜੁੜਿਆ ਅਤੇ ਬਠਿੰਡਾ-ਰਾਮਾ ਸੜਕ ਉੱਤੇ ਬਠਿੰਡਾ ਤੋਂ 28 ਕਿੱਲੋਮੀਟਰ, ਰਾਮਾ ਤੋਂ 13 ਕਿੱਲੋਮੀਟਰ ਦੀ ਦੂਰੀ 'ਤੇ ਸਥਿਤ ਹੈ।

ਇਸ ਪਵਿੱਤਰ ਸਰਜ਼ਮੀ ਉੱਤੇ ਗੁਰੂ ਗੋਬਿੰਦ ਸਿੰਘ ਜੀ ਨੇ ਕਰੀਬ ਸਵਾ ਸਾਲ ਬਿਸ਼ਰਾਮ ਕੀਤਾ ਅਤੇ 1706 ਈਸਵੀ 'ਚ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਤੇ ਸੰਪੂਰਨ ਬੀੜ ਤਿਆਰ ਕਰਵਾਈ। ਇਸ ਬੀੜ ਨੂੰ ਗੁਰੂ ਜੀ ਨੇ ਆਪਣੀ ਅਧਿਆਤਮਿਕ ਸ਼ਕਤੀ ਦੁਆਰਾ ਭਾਈ ਮਨੀ ਸਿੰਘ ਦੇ ਹੱਥੋਂ ਲਿਖਵਾਇਆ, ਜਿਸ ਵਿਚ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਤੇ ਰਾਗ ਜੈਜਾਵੰਤੀ ਸ਼ਾਮਲ ਕਰ ਕੇ ਇਸ ਨੂੰ ਸੰਪੂਰਨਤਾ ਪ੍ਰਦਾਨ ਕੀਤੀ। ਇਸੇ ਬੀੜ ਨੂੰ 'ਦਮਦਮੀ ਬੀੜ' ਵਜੋਂ ਜਾਣਿਆ ਜਾਂਦਾ ਹੈ। 'ਪੰਥ ਪ੍ਰਕਾਸ਼' ਦੇ ਕਰਤਾ ਗਿਆਨੀ ਗਿਆਨ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਬਾਰੇ ਅੰਕਿਤ ਕੀਤਾ ਹੈ :

**ਅਬ ਦਰਬਾਰ ਦਮਦਮਾ ਜਹਾਂ।**
**ਤੰਬੂ ਲਗਵਾ ਕੈ ਗੁਰ ਤਹਾਂ।**
**ਮਨੀ ਸਿੰਘ ਕੋ ਲਿਖਨ ਬਠੈ ਕੈ।**
**ਗੁਰ ਨਾਨਕ ਦਾ ਧਿਆਨ ਧਰੈ ਕੈ।**
**ਨਿਤਪ੍ਰਤਿ ਗੁਰੂ ਉਚਾਰੀ ਜੈਸੇ।**
**ਬਾਣੀ ਲਿਖੀ ਮਨੀ ਸਿੰਘ ਤੈਸੇ।**
**ਬੀੜ ਆਦਿ ਗੁਰ ਗ੍ਰੰਥੈ ਜੇਹੀ।**
**ਕਰੀ ਦਸਮ ਗੁਰ ਤਿਆਰ ਉਜੇਹੀ।**

'ਸਾਹਿਤਯ-ਸ਼ਾਸਤਰੀ' ਗਿਆਨੀ ਬਲਵੰਤ ਸਿੰਘ ਕੋਠਾਗੁਰੂ ਮੁਤਾਬਕ ਇਹ ਬੀੜ ਵੈਸਾਖੀ ਵਾਲੇ ਦਿਨ (1763 ਬਿਕਰਮੀ) ਵਿਖਣੀ ਆਰੰਭ ਕੀਤੀ ਅਤੇ ਭਾਦਰੋਂ ਵਦੀ ਤੀਜ ਨੂੰ ਪੂਰਨ ਹੋਈ। ਦਮਦਮੀ ਬੀੜ ਦੀ ਲਿਖਾਈ ਬਾਰੇ ਉਨ੍ਹਾਂ ਨੇ 1736 ਈਸਵੀ ਵਿਚ ਲਿਖੀ 'ਦੌਰਾ ਸਾਖੀ' ਵਿੱਚੋਂ ਵੀ ਮਹੱਤਵਪੂਰਨ ਹਵਾਲੇ ਦਿੱਤੇ ਹਨ। ਇਸ ਦੀ ਪੁਸ਼ਟੀ ਗਿਆਨੀ ਗਿਆਨੀ ਗਿਆਨ ਸਿੰਘ ਨੇ ਇਨ੍ਹਾਂ ਪੰਕਤੀਆਂ ਵਿਚ ਕੀਤੀ ਹੈ :

**ਅਉਹ ਚਾਰ ਤਿਸ ਪ੍ਰਤੇ ਭਾਏ।**
**ਦੀਪ ਸਿੰਘ ਸ਼ਹੀਦ ਲਿਖਾਏ।**
**ਇਕ ਅਕਾਲ ਬੁੰਗੇ ਇਕ ਪਟਨੇ।**
**ਤਿਰਤੀ ਹਜ਼ੂਰ ਦਿਯੋ ਹਿਤ ਪਢਨੇ।**
**ਚਤਰਥ ਰਾਖਯੋ ਦਮਦਮੇ ਮਾਹਿ।**
**ਬਢ ਬਾਬੇ ਯਾਹਿ ਚਾਰ ਕਹਾਏ।**

ਅਰਥਾਤ, ਕਲਗੀਧਰ ਪਿਤਾ ਦੇ ਹੁਕਮ 'ਤੇ ਬਾਬਾ ਦੀਪ ਸਿੰਘ ਨੇ ਇਸ ਬੀੜ ਦੇ ਚਾਰ ਉਤਾਰੇ ਕੀਤੇ, ਜੋ ਕ੍ਰਮਵਾਰ ਸ੍ਰੀ ਅਕਾਲ ਤਖ਼ਤ ਅੰਮ੍ਰਿਤਸਰ, ਪਟਨਾ ਸਾਹਿਬ, ਹਜ਼ੂਰ ਸਾਹਿਬ ਅਤੇ ਦਮਦਮਾ ਸਾਹਿਬ ਵਿਚ ਰੱਖੇ ਗਏ। ਪਿੱਛੋਂ ਬਾਬਾ ਦੀਪ ਸਿੰਘ ਨੇ ਹਿੰਦੀ, ਮਰਾਠੀ, ਉਰਦੂ, ਫ਼ਾਰਸੀ ਤੇ ਅਰਬੀ ਵਿਚ ਵੀ ਇਸ ਦਾ ਅਨੁਵਾਦ ਕੀਤਾ।

ਦਮਦਮਾ ਸਾਹਿਬ ਵਿਖੇ ਗੁਰੂ ਗ੍ਰੰਥ ਸਾਹਿਬ ਦੇ ਲੇਖਨ ਬਾਰੇ ਇਤਿਹਾਸ ਵਿਚ ਜ਼ਿਕਰ ਆਉਂਦਾ ਹੈ ਕਿ ਅੰਮ੍ਰਿਤ ਵੇਲੇ ਇਸ ਦੀ ਲਿਖਾਈ ਹੁੰਦੀ ਸੀ ਅਤੇ ਸ਼ਾਮ ਨੂੰ ਲਿਖੀ ਬਾਣੀ ਦੀ ਕਥਾ ਕੀਤੀ ਜਾਂਦੀ ਸੀ। ਦਸਮੇਸ਼ ਪਿਤਾ ਖ਼ੁਦ ਕਥਾ ਕਰਿਆ ਕਰਦੇ ਸਨ। ਜਿਨ੍ਹਾਂ ਗੁਰਮੁਖਾਂ ਨੇ ਆਦਿ ਤੋਂ ਅੰਤ ਤਕ ਕਥਾ ਸ੍ਰਵਣ ਕੀਤੀ, ਉਨ੍ਹਾਂ ਨੂੰ 'ਬ੍ਰਹਮ ਗਿਆਨੀ' ਦੀ ਪਦਵੀ ਦਿੱਤੀ ਗਈ। ਇਨ੍ਹਾਂ ਬ੍ਰਹਮ ਗਿਆਨੀਆਂ ਵਿਚ 48 ਗੁਰਮੁਖ ਸਨ- ਭਾਈ ਮਨੀ ਸਿੰਘ ਸ਼ਹੀਦ, ਬਾਬਾ ਦੀਪ ਸਿੰਘ ਸ਼ਹੀਦ, ਬਾਬਾ ਰਾਮ ਸਿੰਘ ਕੁਇਰ, ਬਾਬਾ ਕਾਨ੍ਹ ਸਿੰਘ, ਬਾਬਾ ਬਿਨੋਦ ਸਿੰਘ, ਬਾਬਾ ਗੁਰਮੁਖ ਸਿੰਘ ਸ਼ਹੀਦ, ਭਾਈ ਦਾਨ ਸਿੰਘ, ਭਾਈ ਧਰਮ ਸਿੰਘ, ਭਾਈ ਪਰਮ ਸਿੰਘ, ਭਾਈ ਸ਼ਮੀਰ ਸਿੰਘ, ਭਾਈ ਨੰਦ ਲਾਲ, ਭਾਈ ਧੰਨਾ ਸਿੰਘ, ਭਾਈ ਦਇਆ ਸਿੰਘ, ਭਾਈ ਜੀਵਾ ਸਿੰਘ, ਭਾਈ ਪਿਆਰਾ ਸਿੰਘ, ਭਾਈ ਬੀਰ ਸਿੰਘ, ਭਾਈ ਧੀਰ ਸਿੰਘ, ਭਾਈ ਸੁੰਦਰ ਸਿੰਘ, ਭਾਈ ਅਮਰ ਸਿੰਘ, ਭਾਈ ਤਾਰਾ ਸਿੰਘ, ਭਾਈ ਜਗਜੀਵਨ ਸਿੰਘ, ਭਾਈ ਗੋਪਾਲ ਸਿੰਘ, ਭਾਈ ਗਿਆਨ ਸਿੰਘ, ਭਾਈ ਬਿਸੰਭਰ ਸਿੰਘ, ਭਾਈ ਹਰਗੋਪਾਲ ਸਿੰਘ, ਭਾਈ ਮਾਨ ਸਿੰਘ, ਭਾਈ ਰਾਏ ਸਿੰਘ, ਭਾਈ ਮੱਖਣ ਸਿੰਘ, ਭਾਈ ਮਦਨ ਸਿੰਘ, ਭਾਈ ਧਰਨ ਸਿੰਘ, ਭਾਈ ਸੁਜਾਨ ਸਿੰਘ, ਭਾਈ ਜੀਵਨ ਸਿੰਘ, ਭਾਈ ਅਕਾਲ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਦਿਆਲ ਸਿੰਘ, ਭਾਈ ਬਖ਼ਤਾਵਰ ਸਿੰਘ, ਭਾਈ ਦੇਵਾ ਸਿੰਘ, ਭਾਈ ਮੇਵਾ ਸਿੰਘ, ਭਾਈ ਗਿਆਨ ਸਿੰਘ, ਭਾਈ ਅਚਲ ਸਿੰਘ, ਰਾਜਾ ਜੈ ਸਿੰਘ, ਰਾਜਾ ਬਿਸ਼ਨ ਸਿੰਘ, ਭਾਈ ਭਾਗ ਸਿੰਘ, ਭਾਈ ਵਸਾਵਾ ਸਿੰਘ, ਭਾਈ ਘਣੀਆ ਸਿੰਘ, ਭਾਈ ਰਾਮ ਸਿੰਘ, ਭਾਈ ਤਿਰਲੋਕ ਸਿੰਘ ਅਤੇ ਭਾਈ ਮਲਿਅਗਰ ਸਿੰਘ ਸ਼ਾਮਲ ਸਨ। ਇਨ੍ਹਾਂ ਗੁਰਸਿੱਖਾਂ ਬਾਰੇ ਗਿਆਨੀ ਗੁਰਬਚਨ ਸਿੰਘ ਭਿੰਡਰਾਂ ਨੇ 'ਗੁਰਮੁਖ ਪ੍ਰਕਾਸ਼' 'ਚ ਅੰਕਿਤ ਕੀਤਾ ਹੈ :

**ਤਖ਼ਤ ਦਮਦਮੇ ਸੋਂ ਪੜੇ**
**ਅਠਤਾਲੀ ਸਿੰਘ ਰਾਸ।**
**ਅਰਕ ਸੰਪਦਾ ਪਾਠ ਕੀ**
**ਚਲੀ ਤਬੀ ਤੇ ਖਾਸ।**

ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਪਿੱਛੋਂ ਗੁਰੂ ਜੀ ਨੇ ਬਚੀਆਂ ਹੋਈਆਂ ਕਲਮਾਂ ਤੇ ਸਿਆਹੀ ਆਦਿ ਸਮੱਗਰੀ ਲਿਖਣਸਰ ਦੇ ਟੋਭੇ 'ਚ ਪ੍ਰਵਾਹਿਤ ਕਰ ਕੇ ਇਸ ਧਰਤੀ ਨੂੰ 'ਗੁਰੂ ਕੀ ਕਾਸ਼ੀ' ਹੋਣ ਦਾ ਵਰਦਾਨ ਦਿੰਦਿਆਂ ਫਰਮਾਇਆ ਸੀ :

**ਇਹ ਹੈ ਪ੍ਰਗਟ ਹਮਾਰੀ ਕਾਸ਼ੀ॥**
**ਪੜ੍ਹ ਹੈਂ ਈਹਾਂ ਢੋਰ ਮਤ ਰਾਸੀ॥**
**ਲੇਖਨ ਗੁਨੀ ਕਵਿੰਦ ਗਿਆਨੀ॥**
**ਬੁਧਿਸਿੰਧੂ ਹ੍ਵੈ ਹੈਂ ਇਤਿ ਆਨੀ॥**
**ਤਿਨ ਕੇ ਕਾਰਨ ਕਲਮ ਗਢ,**
**ਦੇਤ ਪ੍ਰਗਟ ਹਮ ਡਾਰ॥**
**ਸਿਖ ਸਖਾ ਸਭ ਪੜ੍ਹੈਂਗੇ,**
**ਹਮਰੇ ਕਈ ਹਜ਼ਾਰ॥**

ਚੌਧਰੀ ਡੱਲੇ ਦਾ ਮਾਣ ਤੋੜਨ ਲਈ ਗੁਰੂ ਜੀ ਨੇ ਲਾਹੌਰ ਵਾਸੀ ਭਾਈ ਉਦੇ ਸਿੰਘ ਵੱਲੋਂ ਭੇਟ ਕੀਤੀ ਬੰਦੂਕ ਦੀ ਪਰਖ ਲਈ ਉਸ ਨੂੰ ਆਪਣੇ ਯੋਧੇ ਭੇਜਣ ਲਈ ਕਿਹਾ ਪਰ ਡੱਲੇ ਦੇ ਸੈਨਿਕ ਅਣਿਆਈ ਮੌਤ ਮਰਨ ਤੋਂ ਕੋਰਾ ਜਵਾਬ ਦੇ ਗਏ। ਗੁਰੂ ਜੀ ਦਾ ਹੁਕਮ ਮੰਨ ਕੇ ਪਿਉ-ਪੁੱਤਰ ਬਾਬਾ ਬੀਰ ਸਿੰਘ ਤੇ ਬਾਬਾ ਧੀਰ ਸਿੰਘ ਨੇ ਖ਼ੁਦ ਨੂੰ ਗੁਰੂ ਜੀ ਦੇ ਸਨਮੁੱਖ ਪੇਸ਼ ਕੀਤਾ। ਉਨ੍ਹਾਂ ਮਰਜੀਵੜਿਆਂ ਦੀ ਯਾਦ 'ਚ ਇਥੇ ਇਕ ਗੁਰਦੁਆਰਾ ਮੌਜੂਦ ਹੈ।

ਗੁਰੂ ਜੀ ਜੇ ਦਰਬਾਰ ਵਿਚ ਇਥੇ ਦਿੱਲੀ ਤੋਂ ਮਾਤਾਵਾਂ (ਮਾਤਾ ਸੁੰਦਰੀ ਜੀ ਤੇ ਮਾਤਾ ਸਾਹਿਬ ਕੌਰ) ਭਾਈ ਮਨੀ ਸਿੰਘ ਸਮੇਤ ਪਹੁੰਚੀਆਂ ਤਾਂ ਉਨ੍ਹਾਂ ਨੂੰ ਆਪਣੇ ਸਾਹਿਬਜ਼ਾਦੇ ਨਜ਼ਰ ਨਾ ਆਏ। ਗੁਰੂ ਜੀ ਤੋਂ ਪੁੱਛਣ 'ਤੇ ਦਸਮੇਸ਼ ਪਿਤਾ ਨੇ ਭਰੇ ਦਰਬਾਰ ਵੱਲ ਸੰਕੇਤ ਕਰ ਕੇ ਫਰਮਾਇਆ :

**ਇਨ ਪੁਤਰਨ ਕੇ ਸੀਸ ਪਰ**
**ਵਾਰ ਦੀਏ ਸੁਤ ਚਾਰ॥**
**ਚਾਰ ਮੂਏ ਤੋਂ ਕਿਆ ਹੂਆ**
**ਜੀਵਤ ਕਈ ਹਜ਼ਾਰ॥**

ਉਸ ਯਾਦਗਾਰ ਦਾ ਪ੍ਰਤੀਕ ਇਕ ਗੁਰਦੁਆਰਾ (ਜੋ ਮਾਤਾਵਾਂ ਦੇ ਨਾਂ 'ਤੇ ਹੈ) ਇਥੇ ਸੁਸ਼ੋਭਿਤ ਹੈ।

ਗੁਰਦੁਆਰਾ ਜੰਡਸਰ ਸਾਹਿਬ ਉਹ ਸਥਾਨ ਹੈ, ਜਿੱਥੇ ਗੁਰੂ ਜੀ ਨੇ ਜੰਡ ਨਾਲ ਘੋੜਾ ਬੰਨ੍ਹ ਕੇ ਆਪਣੇ ਸੈਨਿਕਾਂ ਨੂੰ ਗੁਪਤ ਖ਼ਜ਼ਾਨਾ ਕੱਢ ਕੇ ਤਨਖ਼ਾਹਾਂ ਵੰਡੀਆਂ। ਗੁਰਦੁਆਰਾ ਮਹੱਲਸਰ ਵਿਖੇ ਗੁਰੂ ਜੀ ਨੇ ਬੀਰ ਰਸ ਦਾ ਪ੍ਰਤੀਕ ਮਹੱਲਾ ਖੇਡਿਆ ਸੀ। ਬਾਬਾ ਦੀਪ ਸਿੰਘ ਨਾਲ ਸਬੰਧਤ ਤਿੰਨ ਸਥਾਨ ਇਥੇ ਮੌਜੂਦ ਹਨ, ਜਿਨ੍ਹਾਂ ਵਿਚ ਭੋਰਾ ਸਾਹਿਬ, ਬੁਰਜ ਅਤੇ ਖ਼ੂਹ ਸ਼ਾਮਲ ਹਨ।

ਤਖ਼ਤ ਸਾਹਿਬ ਵਿਖੇ ਜੋ ਇਤਿਹਾਸਕ ਨਿਸ਼ਾਨੀਆਂ ਮੌਜੂਦ ਹਨ, ਉਨ੍ਹਾਂ ਵਿਚ ਇਤਿਹਾਸਕ ਬੰਦੂਕ, ਅਬਰੇ ਰਹਿਮਤ ਬਾਰ ਸ਼ੀਸ਼ਾ, ਤੇਗਾ ਬਾਬਾ ਦੀਪ ਸਿੰਘ, ਮੋਹਰ ਤਖ਼ਤ ਸਾਹਿਬ ਅਤੇ ਕ੍ਰਿਪਾਨ ਗੁਰੂ ਸਾਹਿਬ ਸ਼ਾਮਲ ਹਨ। ਇਸ ਤੋਂ ਇਲਾਵਾ ਭਾਈ ਡੱਲੇ ਦੇ ਖ਼ਾਨਦਾਨ ਕੋਲ ਵੀ ਗੁਰੂ-ਬਖ਼ਸ਼ਿਸ਼ ਦੁਆਰਾ ਰੱਖੀਆਂ ਕੁਝ ਦੁਰਲੱਭ ਤੇ ਪਵਿੱਤਰ ਵਸਤਾਂ ਪਈਆਂ ਹਨ, ਜਿਨ੍ਹਾਂ ਵਿਚ ਤੇਗਾ, ਸ੍ਰੀ ਸਾਹਿਬ, ਵੱਡੀ ਦਸਤਾਰ, ਛੋਟੀ ਦਸਤਾਰ, ਵੱਡਾ ਚੋਲਾ, ਛੋਟਾ ਚੋਲਾ, ਬਾਜ਼ ਦੀ ਡੋਰ, ਰੇਬ ਪਜਾਮਾ, ਮਾਤਾ ਸਾਹਿਬ ਕੌਰ ਦਾ ਰੇਬ ਪਜਾਮਾ ਅਤੇ ਛੋਟੇ ਆਕਾਰ ਦੀ ਬੀੜ ਸ਼ਾਮਲ ਹੈ। ਇਨ੍ਹਾਂ ਚੀਜ਼ਾਂ ਦੇ ਦਰਸ਼ਨ ਭਾਈ ਡਲ ਸਿੰਘ ਦੇ ਗ੍ਰਹਿ ਵਿਖੇ ਸਵੇਰ ਤੋਂ ਸ਼ਾਮ ਤਕ ਸੰਗਤਾਂ ਨੂੰ ਕਰਵਾਏ ਜਾਂਦੇ ਹਨ ਜਦਕਿ ਕਿਸੇ ਸਮੇਂ ਹਰੇਕ ਚਾਨਣੀ ਦਸਮੀਂ ਨੂੰ ਇਹ ਵਸਤਾਂ ਵਿਖਾਈਆਂ ਜਾਂਦੀਆਂ ਹਨ।

ਵੀਹ ਕੁ ਸਾਲ ਪਹਿਲਾਂ ਤਕ ਤਖ਼ਤ ਸਾਹਿਬ ਵਿਖੇ ਸੰਗਤਾਂ ਦੀ ਆਮਦ ਬਹੁਤ ਘੱਟ ਸੀ ਪਰ ਹੁਣ ਵਿਸਾਖੀ ਤੋਂ ਇਲਾਵਾ ਆਮ ਦਿਨ੍ਹਾਂ ਵਿਚ ਵੀ ਸੰਗਤਾਂ ਦਾ ਇਕੱਠ ਬਹੁਤ ਹੁੰਦਾ ਹੈ। ਮੱਸਿਆ ਅਤੇ ਐਤਵਾਰ ਦੇ ਦਿਨਾਂ ਵਿਚ ਵਿਸ਼ੇਸ਼ ਦੀਵਾਨ ਲਗਦੇ ਹਨ, ਜਿਸ ਵਿਚ ਢਾਡੀ ਤੇ ਕਵੀਸ਼ਰ ਗੁਰੂ-ਜੱਸ ਦਾ ਗਾਇਨ ਕਰ ਕੇ ਸੰਗਤਾਂ ਨੂੰ ਨਿਹਾਲ ਕਰਦੇ ਹਨ।

ਕਰੀਬ ਤਿੰਨ ਸੌ ਸਾਲ ਪਹਿਲਾਂ ਦਸਮੇਸ਼ ਪਿਤਾ ਨੇ ਜੋ ਵਰਦਾਨ ਇਸ ਬੰਜਰ ਭੂਮੀ ਤੇ ਪਛੜੇ ਇਲਾਕੇ ਨੂੰ ਦਿੱਤੇ ਸਨ, ਉਹ ਸਾਰੇ ਹੀ ਸਹਿਜਤਾ ਤੇ ਨਿਰੰਤਰਤਾ ਨਾਲ ਫਲੀਭੂਤ ਹੁੰਦੇ ਨਜ਼ਰ ਆ ਰਹੇ ਹਨ। ਉੱਚ ਵਿੱਦਿਆ ਦੀ ਸਭ ਤੋਂ ਵੱਡੀ ਸੰਸਥਾ, ਗੁਰੂ ਕਾਸ਼ੀ ਕਾਲਜ ਇਥੇ 1962 ਵਿਚ ਸਥਾਪਤ ਹੋਇਆ, 1988 ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਆਪਣਾ ਕੈਂਪਸ ਸਥਾਪਤ ਕੀਤਾ, 1997 ਵਿਚ ਸ਼੍ਰੋਮਣੀ ਕਮੇਟੀ ਵੱਲੋਂ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੀ ਸਥਾਪਨਾ ਕੀਤੀ ਗਈ, ਦੋ ਯੂਨੀਵਰਸਿਟੀਆਂ 'ਗੁਰੂ ਕਾਸ਼ੀ ਯੂਨੀਵਰਸਿਟੀ' ਅਤੇ 'ਅਕਾਲ ਯੂਨੀਵਰਸਿਟੀ' ਤੋਂ ਇਲਾਵਾ ਇਥੇ ਸਕੂਲੀ ਪੜ੍ਹਾਈ ਲਈ ਬਹੁਤ ਸਾਰੇ ਸਰਕਾਰੀ ਅਤੇ ਨਿੱਜੀ ਵਿੱਦਿਅਕ ਅਦਾਰੇ 'ਗੁਰੂ ਕੀ ਕਾਸ਼ੀ' ਦੇ ਸੰਕਲਪ ਨੂੰ ਮੂਰਤੀਮਾਨ ਕਰ ਰਹੇ ਹਨ। •

94176-92015

# ਸ਼ਰਾਬ ਪੀ ਕੇ ਜਹਾਜ਼ ਉਡਾਉਣ ਦੀ ਕੋਸ਼ਿਸ਼ ’ਚ ਏਅਰ ਇੰਡੀਆ ਦਾ ਪਾਇਲਟ ਕਾਬੂ

**ਨਵੀਂ ਦਿੱਲੀ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਏਅਰ ਇੰਡੀਆ ਨੇ ਇਸੇ ਮਹੀਨੇ ਦੇ ਸ਼ੁਰੂ ਵਿੱਚ ਜ਼ਿਊਰਿਖ ਹਵਾਈ ਅੱਡੇ ’ਤੇ ਰਾਜਧਾਨੀ ਦਿੱਲੀ ਲਈ ਉਡਾਣ ਭਰਨ ਤੋਂ ਪਹਿਲਾਂ ‘ਬ੍ਰੈਥ ਐਨਾਲਾਈਜ਼ਰ’ (ਅਲਕੋਹਲ) ਟੈਸਟ ਵਿੱਚ ਫ਼ੇਲ੍ਹ ਹੋਣ ਵਾਲੇ ਆਪਣੇ ਇੱਕ ਪਾਇਲਟ ਨੂੰ ਮੁਅੱਤਲ ਕਰ ਦਿੱਤਾ ਹੈ। ਅਧਿਕਾਰੀਆਂ ਅਨੁਸਾਰ ਏਅਰਲਾਈਨ ਵੱਲੋਂ ਨਿਯਮਾਂ ਦੀ ਪਾਲਣਾ ਨੂੰ ਸਖ਼ਤੀ ਨਾਲ ਯਕੀਨੀ ਬਣਾਉਣ ਅਤੇ ਉਲੰਘਣਾਵਾਂ ਨੂੰ ਰੋਕਣ ਲਈ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ। ਇਹ ਘਟਨਾ 6 ਸਤੰਬਰ ਨੂੰ ਵਾਪਰੀ ਸੀ। ਇਸ ਤੋਂ ਕੁਝ ਦਿਨ ਪਹਿਲਾਂ ਹੀ ਏਅਰ ਇੰਡੀਆ ਨੇ ਫੁਕੇਟ-ਦਿੱਲੀ ਉਡਾਣ ਦੇ ਪਾਇਲਟ-ਇਨ-ਕਮਾਂਡ ਦੀਆਂ ਸੇਵਾਵਾਂ ਨਸ਼ੇ ਦੇ ਸੇਵਨ ਦੇ ਟੈਸਟ ’ਚ ਪਾਜ਼ੇਟਿਵ ਆਉਣ ਤੋਂ ਬਾਅਦ ਸਮਾਪਤ ਕਰ ਦਿੱਤੀਆਂ ਸਨ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਉਕਤ ਪਾਇਲਟ ਨੇ 6 ਸਤੰਬਰ ਨੂੰ ਜ਼ਿਊਰਿਖ ਤੋਂ ਦਿੱਲੀ ਲਈ ਏਅਰ ਇੰਡੀਆ ਦੀ ਉਡਾਣ 19151 ਚਲਾਉਣੀ ਸੀ। ਹਵਾਈ ਅੱਡੇ ’ਤੇ ਉਸ ਦੇ ਮੂੰਹੋਂ ਸ਼ਰਾਬ ਦੀ ਬਦਬੂ ਆ ਰਹੀ ਸੀ, ਜਿਸ ਤੋਂ ਬਾਅਦ ਏਅਰਲਾਈਨ ਅਧਿਕਾਰੀਆਂ ਨੇ ਖ਼ੁਦ ਸਥਾਨਕ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਅਤੇ ਬਣਦੀ ਕਾਰਵਾਈ ਕੀਤੀ ਗਈ। ਹਾਲਾਂਕਿ ਇਸ ਮਾਮਲੇ ’ਤੇ ਏਅਰ ਇੰਡੀਆ ਵੱਲੋਂ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਸਥਾਨਕ ਪ੍ਰਸ਼ਾਸਨ ਵੱਲੋਂ ਸ਼ੁਰੂਆਤੀ ਬ੍ਰੈਥ ਐਨਾਲਾਈਜ਼ਰ ਟੈਸਟ ਦੀ ਰਿਪੋਰਟ ਮਿਲਦਿਆਂ ਹੀ ਪਾਇਲਟ ਨੂੰ ਤੁਰੰਤ ਉਡਾਣ ਡਿਊਟੀ ਤੋਂ ਹਟਾ ਦਿੱਤਾ ਗਿਆ ਅਤੇ ਡਾਕਟਰੀ ਜਾਂਚ ਲਈ ਭੇਜਿਆ ਗਿਆ। ਇਸ ਤੋਂ ਬਾਅਦ ਪਾਇਲਟ ਨੂੰ ਇੱਕ ਯਾਤਰੀ ਵਜੋਂ ਭਾਰਤ ਵਾਪਸ ਭੇਜ ਦਿੱਤਾ ਗਿਆ ਹੈ ਅਤੇ ਅੰਤਿਮ ਮੈਡੀਕਲ ਰਿਪੋਰਟ ਆਉਣ ਤੇ ਜਾਂਚ ਪੂਰੀ ਹੋਣ ਤੱਕ ਉਹ ਮੁਅੱਤਲ ਰਹੇਗਾ।

# ਹਾਈ ਕੋਰਟ ਵੱਲੋਂ ਫਾਰਮੇਸੀ 454 ਅਹੁਦਿਆਂ ਦੀ ਚੋਣ ਪ੍ਰਕਿਰਿਆ ’ਤੇ ਰੋਕ, ਜਾਂਚ ਸੀ.ਬੀ.ਆਈ. ਸੌਂਪਣ ਬਾਰੇ ਸਪਸ਼ਟੀਕਰਨ ਮੰਗਿਆ

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫਾਰਮਾਸਿਸਟ/ਫਾਰਮੈਸੀ ਅਫ਼ਸਰਾਂ ਦੇ 454 ਅਹੁਦਿਆਂ ਲਈ ਚੋਣ ਪ੍ਰਕਿਰਿਆ ’ਤੇ ਰੋਕ ਲਾ ਦਿੱਤੀ ਹੈ। ਬੈਂਚ ਨੇ, ਮੁੱਢਲੇ ਤੌਰ ’ਤੇ, ਪਾਇਆ ਕਿ 19 ਜੁਲਾਈ ਨੂੰ ਹੋਈ ਪ੍ਰੀਖਿਆ ਦੌਰਾਨ ਪ੍ਰਸ਼ਨ ਪੱਤਰ ਲਾਈਵ ਲੀਕ ਹੋ ਗਿਆ ਸੀ ਅਤੇ ਡਿਜੀਟਲ ਅਤੇ ਇਲੈਕਟ੍ਰਾਨਿਕ ਸਾਧਨਾਂ ਰਾਹੀਂ ਉਮੀਦਵਾਰਾਂ ਨੂੰ ਜਵਾਬ ਸਪਲਾਈ ਕੀਤੇ ਜਾ ਰਹੇ ਸਨ। ਜਸਟਿਸ ਸੰਦੀਪ ਮੌਦਗਿਲ ਨੇ ਸੂਬਾ ਸਰਕਾਰ ਤੋਂ ਇਹ ਸਪੱਸ਼ਟੀਕਰਨ ਵੀ ਮੰਗਿਆ ਹੈ ਕਿ ਇਸ ਮਾਮਲੇ ਦੀ ਜਾਂਚ ਸੀ.ਬੀ.ਆਈ. ਨੂੰ ਕਿਉਂ ਨਾ ਸੌਂਪੀ ਜਾਵੇ।

ਜਸਟਿਸ ਮੌਦਗਿਲ ਨੇ ਦੇਖਿਆ ਕਿ ਪੰਜਾਬ ਪੁਲੀਸ ਵੱਲੋਂ ਕੀਤੀ ਗਈ ਮੁੱਢਲੇ ਪੜਤਾਲ ਤੋਂ ਪਤਾ ਲੱਗਿਆ ਹੈ ਕਿ ਪਾਸ ਹੋਣ ਦੀ ਗਰੰਟੀ ਲਈ ਪ੍ਰਤੀ ਉਮੀਦਵਾਰ 3.5 ਲੱਖ ਤੋਂ 13 ਲੱਖ ਰੁਪਏ ਤੱਕ ਦੀ ਭਾਰੀ ਰਕਮ ਵਸੂਲੀ ਜਾ ਰਹੀ ਸੀ ਅਤੇ ਕਈ ਉਮੀਦਵਾਰਾਂ ਨੇ ਧੋਖੇਬਾਜ਼ਾਂ ਨੂੰ ਵਿੱਤੀ ਗਰੰਟੀ ਵਜੋਂ ਤਾਰੀਖ਼ ਤੋਂ ਬਾਅਦ ਦੇ ਚੈੱਕ (ਪੋਸਟ-ਡੇਟਿਡ ਚੈੱਕ) ਦਿੱਤੇ ਸਨ।

ਜਸਟਿਸ ਮੌਦਗਿਲ ਨੇ ਟਿੱਪਣੀ ਕੀਤੀ, ਪਟੀਸ਼ਨ ਵਿੱਚ ਕੀਤੇ ਗਏ ਹੈਰਾਨ ਕਰਨ ਵਾਲੇ ਖੁਲਾਸਿਆਂ, ਲੀਕ ਹੋਣ ਦੇ ਢੰਗ ਅਤੇ ਤਰੀਕੇ, ਧੋਖਾਧੜੀ ਅਤੇ ਹੁਣ ਤੱਕ ਹੱਲ ਕੀਤੀ ਜਾ ਰਹੀ ਜਾਂਚ ਦੇ ਤਰੀਕੇ ਦੀ ਰੋਸ਼ਨੀ ਵਿੱਚ, ਜਿਸ ਵਿੱਚ ਕਥਿਤ ਤੌਰ ’ਤੇ ਜਨਤਕ ਰੁਜ਼ਗਾਰ ਨਕਦ ਵਿੱਚ ਵੇਚਿਆ ਜਾ ਰਿਹਾ ਹੈ, ਇਹ ਸਪੱਸ਼ਟ ਕੀਤਾ ਜਾਵੇ ਕਿ ਜਾਂਚ ਸੀ.ਬੀ.ਆਈ. ਨੂੰ ਕਿਉਂ ਨਾ ਸੌਂਪੀ ਜਾਵੇ ਜਿਵੇਂ ਕਿ ਤੱਥਾਂ ਦੇ ਇਸ ਖਾਸ ਪਿਛੋਕੜ ਵਿੱਚ ਪ੍ਰਾਰਥਨਾ ਕੀਤੀ ਗਈ ਹੈ ਜੋ ਲਾਈਵ ਧੋਖਾਧੜੀ ਦੀਆਂ ਵਧਦੀਆਂ ਘਟਨਾਵਾਂ ਨੂੰ ਉਜਾਗਰ ਕਰਦਾ ਹੈ ਜਿਵੇਂ ਕਿ ਮੌਜੂਦਾ ਮਾਮਲੇ ਵਿੱਚ ਪ੍ਰਦਰਸ਼ਿਤ ਕੀਤਾ ਗਿਆ ਹੈ। ਬੈਂਚ ਅੰਮ੍ਰਿਤਪਾਲ ਸਿੰਘ ਅਤੇ ਇੱਕ ਹੋਰ ਪਟੀਸ਼ਨਰ ਵੱਲੋਂ ਵਕੀਲ ਅਨਿਲ ਮਹਿਤਾ ਅਤੇ ਨਾਲ ਹੀ ਕਾਂਉਸਲ ਮਯੰਕ ਸ਼ਰਮਾ, ਨਿਕੁੰਜ ਧਵਨ ਅਤੇ ਵਰੁਣ ਦੱਤਾ ਰਾਹੀਂ ਪੰਜਾਬ ਰਾਜ ਅਤੇ ਹੋਰ ਪ੍ਰਤੀਵਾਦੀਆਂ ਵਿਰੁੱਧ ਦਾਇਰ ਪਟੀਸ਼ਨ ’ਤੇ ਸੁਣਵਾਈ ਕਰ ਰਿਹਾ ਸੀ।

ਪਟੀਸ਼ਨਰਾਂ ਨੇ ਇੱਕ ਪੁਲੀਸ ਪ੍ਰੈਸ ਰਿਲੀਜ਼ ’ਤੇ ਭਰੋਸਾ ਕੀਤਾ ਜਿਸ ਵਿੱਚ ਕਿਹਾ ਗਿਆ ਸੀ ਕਿ ਫ਼ਿਰੋਜ਼ਪੁਰ ਵਿੱਚ ਇੱਕ ਪ੍ਰੀਖਿਆ ਕੇਂਦਰ ਵਿੱਚ ਪ੍ਰੀਖਿਆ ਦੇ ਰਹੇ ਇੱਕ ਉਮੀਦਵਾਰ ਨੇ ਕਥਿਤ ਤੌਰ ’ਤੇ ਪ੍ਰਸ਼ਨ ਪੱਤਰ ਨੂੰ ਸਕੈਨ ਕਰਨ ਅਤੇ ਇਸ ਨੂੰ ਵਟਸਐਪ ਰਾਹੀਂ ਭਿਵਾਨੀ ਵਿੱਚ ਇੱਕ ਸਾਥੀ ਨੂੰ ਭੇਜਣ ਲਈ ਲੁਕਵੇਂ ਪੈੱਨ ਕੈਮਰੇ ਦੀ ਵਰਤੋਂ ਕੀਤੀ। ਪੇਪਰ ਕਥਿਤ ਤੌਰ ’ਤੇ ਉਸ ਤੋਂ ਬਾਅਦ ਫ਼ਰੀਦਕੋਟ ਵਿੱਚ ਇੱਕ ਆਰਜ਼ੀ ਕੰਟਰੋਲ ਰੂਮ ਵਿੱਚ ਕਿਸੇ ਹੋਰ ਆਪਰੇਟਰ ਨੂੰ ਭੇਜਿਆ ਗਿਆ, ਜਿੱਥੋਂ ਉਮੀਦਵਾਰਾਂ ਨੂੰ ਅਸਲ ਸਮੇਂ ਵਿੱਚ ਜਵਾਬ ਕਥਿਤ ਤੌਰ ’ਤੇ ਬੋਲੇ ਗਏ ਸਨ। ਜਸਟਿਸ ਮੌਦਗਿਲ ਦੇ ਬੈਂਚ ਨੂੰ ਦੱਸਿਆ ਗਿਆ ਕਿ ਪੁਲੀਸ ਨੇ - ਸਪੱਸ਼ਟ ਤੌਰ ’ਤੇ ਜਨਤਾ ਅਤੇ ਹਿੱਸੇਦਾਰਾਂ ਵਿੱਚ ਇਹ ਪ੍ਰਭਾਵ ਬਣਾਉਣ ਦੇ ਇਰਾਦੇ ਨਾਲ ਕਿ ਪ੍ਰਸ਼ਨ ਪੱਤਰ ਦਾ ਕੋਈ ਲੀਕ ਨਹੀਂ ਹੋਇਆ ਹੈ - ਕਿਹਾ ਕਿ ਜਾਂਚ ਕੀਤੀ ਗਈ ਸੀ, ਪਰ ਪੇਪਰ ਲੀਕ ਨਹੀਂ ਹੋਇਆ ਸੀ। ਇੱਥੋਂ ਤੱਕ ਕਿ ਕਿਸੇ ਵੀ ਅਧਿਕਾਰਤ ਅਥਾਰਟੀ ਦੀ ਸ਼ਮੂਲੀਅਤ ਵੀ ਨਹੀਂ ਪਾਈ ਗਈ, ਅਤੇ ਇਹ ਕਿ ਉਲੰਘਣਾ ਪੂਰੀ ਤਰ੍ਹਾਂ ਪ੍ਰੀਖਿਆ ਸ਼ੁਰੂ ਹੋਣ ਤੋਂ ਬਾਅਦ ਅਸਲ ਸਮੇਂ ਵਿੱਚ ਹੋਈ ਸੀ।

ਪਟੀਸ਼ਨਰਾਂ ਨੇ ਦਲੀਲ ਦਿੱਤੀ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਪੂਰੇ ਆਪਰੇਸ਼ਨ ਦਾ ਮਾਸਟਰਮਾਈਂਡ ਫਾਜ਼ਿਲਕਾ ਦੇ ਇੱਕ ਪੌਲੀਟੈਕਨਿਕ ਕਾਲਜ ਦਾ ਕਰਮਚਾਰੀ ਸੀ। ਇਹ ਫ਼ਰੀਦਕੋਟ ਰੇਂਜ ਦੇ ਪੁਲੀਸ ਇੰਸਪੈਕਟਰ-ਜਨਰਲ ਦੇ ਦਫ਼ਤਰ ਵੱਲੋਂ ਜਾਰੀ ਪ੍ਰੈਸ ਰਿਲੀਜ਼ ਵਿੱਚ ਦਰਸਾਏ ਗਏ ਸਟੈਂਡ ਦੇ ਉਲਟ ਸੀ।

ਕਿਹਾ ਗਿਆ ਕਿ ਇਹ ਇਸ ਅਦਾਲਤ ਦੇ ਧਿਆਨ ਵਿੱਚ ਆਉਣ ਯੋਗ ਹੈ ਕਿ 9 ਜੁਲਾਈ ਦੀ ਪ੍ਰੈਸ ਰਿਲੀਜ਼ ਵਿੱਚ ਅੱਗੇ ਕਿਹਾ ਗਿਆ ਹੈ ਕਿ ਗੈਰ-ਕਾਨੂੰਨੀ ਡਿਵਾਈਸਾਂ ਦੀ ਵਰਤੋਂ ਕਰਨ ਲਈ ਫ਼ਰੀਦਕੋਟ ਅਤੇ ਫ਼ਿਰੋਜ਼ਪੁਰ ਵਿੱਚ 28 ਉਮੀਦਵਾਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ ਇਹ ਕਿ ਸੱਤ ਮੁੱਖ ਆਪਰੇਟਰ, ਜੋ ਕਥਿਤ ਤੌਰ ’ਤੇ ਰਾਜਸਥਾਨ, ਹਰਿਆਣਾ ਅਤੇ ਪੰਜਾਬ ਤੋਂ ਘੁਟਾਲੇ ਨੂੰ ਚਲਾ ਰਹੇ ਸਨ, ਨੂੰ ਫੜ ਲਿਆ ਗਿਆ ਸੀ। ਇਸ ਮਾਮਲੇ ਵਿੱਚ ਦਰਜ ਐੱਫ.ਆਈ.ਆਰ. ਵਿੱਚ ਇਸ ਦੇ ਪਹਿਲੇ ਹਿੱਸੇ ਵਿੱਚ ਦਰਜ ਕੀਤਾ ਗਿਆ ਹੈ ਕਿ ਇੱਕ ਉਮੀਦਵਾਰ ਬਲੂਟੁੱਥ ਡਿਵਾਈਸ ਨਾਲ ਫੜਿਆ ਗਿਆ ਸੀ। ਦੂਜੇ ਹਿੱਸੇ ਵਿੱਚ ਦਰਜ ਕੀਤਾ ਗਿਆ ਕੁਝ ਉਮੀਦਵਾਰਾਂ ਨੇ ਬਾਹਰੋਂ ਕੰਮ ਕਰ ਰਹੇ ਇੱਕ ਗੈਂਗ ਦੀ ਮਦਦ ਨਾਲ ਸਾਜ਼ਿਸ਼ ਰਚ ਕੇ, ਇਲੈਕਟ੍ਰਾਨਿਕ ਯੰਤਰਾਂ ਦੀ ਮਦਦ ਨਾਲ ਪ੍ਰਸ਼ਨ ਪੱਤਰ ਹੱਲ ਕਰ ਰਹੇ ਹਨ। ਅਦਾਲਤ ਨੇ ਭਾਰਤ ਸਰਕਾਰ ਦੇ ਸੀਨੀਅਰ ਸਥਾਈ ਕੌਂਸਲ ਧੀਰਜ ਜੈਨ ਦੀਆਂ ਦਲੀਲਾਂ ਦਾ ਵੀ ਨੋਟ ਲਿਆ ਕਿ 2022 ਤੋਂ ਪੰਜਾਬ ਵਿੱਚ ਕਰਵਾਈਆਂ ਗਈਆਂ ਪ੍ਰੀਖਿਆਵਾਂ ਦੇ ਸਬੰਧ ਵਿੱਚ ਸ਼ਿਕਾਇਤਾਂ ਅਤੇ ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ, ਜ਼ਿਆਦਾਤਰ ਮਾਮਲਿਆਂ ਵਿੱਚ ਜਾਂਚ ਅਜੇ ਤੱਕ ਤਰਕਪੂਰਨ ਸਿੱਟੇ ’ਤੇ ਨਹੀਂ ਪਹੁੰਚੀ ਹੈ ਅਤੇ ਅੱਜ ਤੱਕ ਉਨ੍ਹਾਂ ਮਾਮਲਿਆਂ ਵਿੱਚ ਚਲਾਨ ਵੀ ਪੇਸ਼ ਨਹੀਂ ਕੀਤੇ ਗਏ ਹਨ।

ਜੈਨ ਨੇ ਕਿਹਾ ਕਿ ਮਾਮਲਿਆਂ ਵਿੱਚ ਨਾਇਬ ਤਹਿਸੀਲਦਾਰ ਭਰਤੀ ਪ੍ਰੀਖਿਆ, ਬਾਰ੍ਹਵੀਂ ਜਮਾਤ ਦੀ ਅੰਗਰੇਜ਼ੀ ਪ੍ਰੀਖਿਆ, ਪੀ.ਐੱਸ.ਟੀ.ਈ.ਟੀ. ਅਤੇ ਖੇਤੀਬਾੜੀ ਵਿਕਾਸ ਅਧਿਕਾਰੀ ਪ੍ਰੀਖਿਆ ਸ਼ਾਮਲ ਸਨ।

ਆਪਣੀ ਗੱਲ ਖ਼ਤਮ ਕਰਨ ਤੋਂ ਪਹਿਲਾਂ ਜਸਟਿਸ ਮੌਦਗਿਲ ਨੇ ਜ਼ੋਰ ਦੇ ਕੇ ਕਿਹਾ ਕਿ ਤੱਥਾਂ ਨੇ, ਮੁੱਢਲੇ ਤੌਰ ’ਤੇ ਇਹ ਦਰਸਾਇਆ ਹੈ ਕਿ ਪ੍ਰਸ਼ਨ ਪੱਤਰ ਦਾ ਲਾਈਵ ਲੀਕ ਅਸਲ ਵਿੱਚ ਹੋਇਆ ਸੀ, ਜੋ ਕਿ ਐੱਫ.ਆਈ.ਆਰ. ਦੇ ਪਹਿਲੇ ਹਿੱਸੇ ਅਤੇ ਸੂਬਾ ਸਰਕਾਰ ਦੇ ਦਾਅਵਿਆਂ ਦੇ ਉਲਟ ਸੀ। ਅਦਾਲਤ ਨੇ ਅੱਗੇ ਕਿਹਾ, ਹਾਲਾਂਕਿ, ਐੱਫ.ਆਈ.ਆਰ. ਦਾ ਦੂਜਾ ਹਿੱਸਾ ਇਸ ਤੱਥ ਦਾ ਕਾਫ਼ੀ ਸਵੈ-ਸਪੱਸ਼ਟ ਹੈ ਕਿ ਪ੍ਰਸ਼ਨ ਪੱਤਰ ਲਾਈਵ ਲੀਕ ਹੋ ਰਿਹਾ ਸੀ ਅਤੇ ਅਸਲ ਸਮੇਂ ਵਿੱਚ ਡਿਵਾਈਸਾਂ ਦੀ ਵਰਤੋਂ ਕਰਕੇ ਡਿਜੀਟਲ/ਇਲੈਕਟ੍ਰਾਨਿਕ ਸਾਧਨਾਂ ਰਾਹੀਂ ਉਮੀਦਵਾਰਾਂ ਨੂੰ ਜਵਾਬ ਸਪਲਾਈ ਕੀਤੇ ਜਾ ਰਹੇ ਸਨ।

# ਪੰਜਾਬ ਭਰ ਦਾ ਦੌਰਾ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜਾ ਮੀਰੀ-ਪੀਰੀ ਖ਼ਾਲਸਾ ਮਾਰਚ



**ਅੰਮ੍ਰਿਤਸਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ 24 ਜੁਲਾਈ ਨੂੰ ਆਰੰਭ ਹੋਇਆ ਮੀਰੀ-ਪੀਰੀ ਖ਼ਾਲਸਾ ਮਾਰਚ ਪੰਜਾਬ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੂਰਨ ਹੋ ਗਿਆ। ਮਾਰਚ ਦੌਰਾਨ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ, ਗੁਰਮਤਿ ਜੀਵਨ-ਜਾਚ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਸਿੱਖੀ ਸਿਧਾਂਤਾਂ ਨਾਲ ਜੁੜਨ ਦਾ ਸੁਨੇਹਾ ਦਿੱਤਾ ਗਿਆ। ਮਾਰਚ ਦੇ ਆਖਰੀ ਪੜਾਅ ਵਿੱਚ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ, ਕੱਥੂਨੰਗਲ ਤੋਂ ਵੱਡੀ ਗਿਣਤੀ ਵਿੱਚ ਸੰਗਤ ਨਾਲ ਇਹ ਯਾਤਰਾ ਸ੍ਰੀ ਅੰਮ੍ਰਿਤਸਰ ਪਹੁੰਚੀ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮਾਰਚ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਤੇ ਚੰਗੀਆਂ ਗਤੀਵਿਧੀਆਂ ਨਾਲ ਜੁੜਨ ਅਤੇ ਸਿੱਖੀ ਸਰੂਪ ਤੇ ਸਿਧਾਂਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਵੀ ਰਿਹਾ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਐਲਾਨ ਕੀਤਾ ਕਿ ਮਾਰਚ ਦੀ ਸੰਪੂਰਨਤਾ ਤੋਂ ਬਾਅਦ ਹਰ ਸ਼੍ਰੋਮਣੀ ਕਮੇਟੀ ਹਲਕੇ ਵਿੱਚ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਵੱਡੇ ਪੱਧਰ ’ਤੇ ਕਰਵਾਏ ਜਾਣਗੇ। ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਆਪੋ-ਆਪਣੇ ਇਲਾਕਿਆਂ ਵਿੱਚ ਸੰਗਤ ਨੂੰ ਇਨ੍ਹਾਂ ਸਮਾਗਮਾਂ ਨਾਲ ਜੋੜਨ ਲਈ ਕਿਹਾ। ਸਮਾਗਮ ਦੌਰਾਨ ਪੰਜ ਪਿਆਰਿਆਂ ਅਤੇ ਨਿਸ਼ਾਨ ਸਾਹਿਬ ਦੇ ਸੇਵਾਦਾਰਾਂ ਨੂੰ ਸਿਰੋਪਾਓ ਭੇਟ ਕੀਤੇ ਗਏ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਗਿਆ। ਮਾਰਚ ਦੇ ਵੱਖ-ਵੱਖ ਪੜਾਵਾਂ ’ਤੇ ਸੰਗਤ ਵੱਲੋਂ ਸਵਾਗਤ ਅਤੇ ਲੰਗਰਾਂ ਦਾ ਪ੍ਰਬੰਧ ਵੀ ਕੀਤਾ ਗਿਆ।

# ਸੁਪਰੀਮ ਕੋਰਟ ’ਚ ਹਿੰਦੀ ਨੂੰ ਸਰਕਾਰੀ ਭਾਸ਼ਾ ਬਣਾਉਣ ਦੀ ਮੰਗ ਵਾਲੀ ਜਨਹਿਤ ਪਟੀਸ਼ਨ ਖਾਰਜ

**ਨਵੀਂ ਦਿੱਲੀ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਉਸ ਜਨਹਿਤ ਪਟੀਸ਼ਨ (ਪੀਆਈਐੱਲ) ਨੂੰ ਖਾਰਜ ਕਰ ਦਿੱਤਾ ਹੈ, ਜਿਸ ਵਿੱਚ ਕੇਂਦਰ ਸਰਕਾਰ ਨੂੰ ਸਰਵਉੱਚ ਅਦਾਲਤ ਦੀ ਸਰਕਾਰੀ ਭਾਸ਼ਾ ਵਜੋਂ ਹਿੰਦੀ ਦੀ ਵਰਤੋਂ ਦੀ ਸਮੀਖਿਆ ਅਤੇ ਸਿਫ਼ਾਰਸ਼ ਕਰਨ ਲਈ ਇੱਕ ਕਮਿਸ਼ਨ ਗਠਿਤ ਕਰਨ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ।

ਭਾਰਤ ਦੇ ਮੁੱਖ ਜਸਟਿਸ (ਸੀਜੇਆਈ) ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਕਿਹਾ ਕਿ ਭਾਸ਼ਾ ਨਾਲ ਸਬੰਧਤ ਸੁਧਾਰਾਂ ’ਤੇ ਪ੍ਰਬੰਧਕੀ ਪੱਧਰ ’ਤੇ ਪਹਿਲਾਂ ਹੀ ਵਿਚਾਰ ਕੀਤਾ ਜਾ ਰਿਹਾ ਹੈ ਅਤੇ ਇਹ ਨਿਆਂਇਕ ਆਦੇਸ਼ਾਂ ਰਾਹੀਂ ਲਾਗੂ ਨਹੀਂ ਕੀਤੇ ਜਾ ਸਕਦੇ।

ਸੀਜੇਆਈ ਨੇ ਟਿੱਪਣੀ ਕਰਦਿਆਂ ਕਿਹਾ, ਇਹ ਚੀਜ਼ਾਂ ਅਦਾਲਤੀ ਆਦੇਸ਼ਾਂ ਨਾਲ ਨਹੀਂ ਹੁੰਦੀਆਂ। ਇਹ ਸੁਧਾਰਾਂ ਦੇ ਹਿੱਸੇ ਵਜੋਂ, ਹੌਲੀ-ਹੌਲੀ ਅਤੇ ਪੜਾਅਵਾਰ ਤਰੀਕੇ ਨਾਲ ਹੁੰਦੀਆਂ ਹਨ। ਅਜਿਹੇ ਯਤਨ ਸਾਡੇ ਵੱਲੋਂ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਕਰ ਕੀਤਾ ਕਿ ਸੁਪਰੀਮ ਕੋਰਟ ਵੱਲੋਂ ਅਜਿਹੀਆਂ ਸੇਵਾਵਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਜਿਨ੍ਹਾਂ ਵਿੱਚ ਹੌਲੀ-ਹੌਲੀ ਖੇਤਰੀ ਭਾਸ਼ਾਵਾਂ ਦੀ ਵਰਤੋਂ ਸ਼ਾਮਲ ਕੀਤੀ ਜਾ ਰਹੀ ਹੈ।

ਜਸਟਿਸ ਕਾਂਤ ਨੇ ਕਿਹਾ, ਅਸੀਂ ਹੁਣ ਸਾਰੀਆਂ ਰਿਪੋਰਟਾਂ ਦਾ ਸੰਖੇਪ ਵੇਰਵਾ ਹਿੰਦੀ ਵਿੱਚ ਦੇ ਰਹੇ ਹਾਂ।

# ਵਿਧਾਇਕ ਦਿਨੇਸ਼ ਚੱਢਾ ਨੇ ਬੜੀ ਹਵੇਲੀ ਤੋਂ ਦਰਬਾਰ ਸਾਹਿਬ ਲਈ ਬੱਸ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਰੂਪਨਗਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰੂਪਨਗਰ ਦੇ ਬੜੀ ਹਵੇਲੀ ਤੋਂ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨਾਲ ਭਰੀ ਬੱਸ ਰਵਾਨਾ ਕੀਤੀ ਗਈ। ਬੱਸ ਨੂੰ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਪ੍ਰਧਾਨ ਰਾਜੂ ਸਤਿਆਲ ਅਤੇ ਯੂਥ ਆਗੂ ਪੱਪੀ ਫੂਲ ਵੱਲੋਂ ਦਿੱਤੀ ਗਈ ਬੱਸ ਵਿੱਚ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਹੋਏ।

ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਮਕਸਦ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਸੁਵਿਧਾ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਤੀਰਥ ਯਾਤਰਾਵਾਂ ਰਾਹੀਂ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਣ ਦੇ ਨਾਲ-ਨਾਲ ਇਕੱਠੇ ਸਫ਼ਰ ਕਰਨ ਅਤੇ ਆਪਸੀ ਮਿਲਵਰਤਣ ਰਾਹੀਂ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਵੀ ਮਿਲਦਾ ਹੈ। ਵਿਧਾਇਕ ਚੱਢਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਹਰ ਧਰਮ ਅਤੇ ਵਰਗ ਦੇ ਲੋਕਾਂ ਲਈ ਸ਼ਰਧਾ ਦਾ ਕੇਂਦਰ ਹੈ ਅਤੇ ਇੱਥੇ ਨਤਮਸਤਕ ਹੋ ਕੇ ਸੰਗਤ ਨੂੰ ਆਤਮਿਕ ਸਕੂਨ ਮਿਲਦਾ ਹੈ। ਉਨ੍ਹਾਂ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਆਪਣੀ ਯਾਤਰਾ ਦੌਰਾਨ ਆਪਸੀ ਪਿਆਰ, ਸਦਭਾਵਨਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਲੈ ਕੇ ਵਾਪਸ ਆਉਣ।

ਇਸ ਮੌਕੇ ਪ੍ਰਧਾਨ ਰਾਜੂ ਸਤਿਆਲ, ਯੂਥ ਆਗੂ ਪੱਪੀ ਫੂਲ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਆਗੂ, ਵਰਕਰ ਅਤੇ ਸ਼ਰਧਾਲੂ ਹਾਜ਼ਰ ਸਨ।

# ਇੱਕ ਸਾਲ ਬਾਅਦ, ‘ਅਰਜ਼ ਕਿਆ ਹੈ’ ਸਪੋਟੀਫਾਈ ਇੰਡੀਆ ’ਤੇ ਨੰਬਰ 1 ’ਤੇ ਆਪਣੀ ਚਾਰਟ-ਟੌਪਿੰਗ ਦੌੜ ਜਾਰੀ

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਝ ਗਾਣੇ ਇੱਕ ਪਲ ਲਈ ਟ੍ਰੈਂਡ ਕਰਦੇ ਹਨ। ਕੁਝ ਆਪਣੀ ਜ਼ਿੰਦਗੀ ਲੱਭ ਲੈਂਦੇ ਹਨ। ਅਰਜ਼ ਕੀਆ ਹੈ ਨੇ ਦੋਵੇਂ ਕੀਤੇ ਹਨ। ਅਨੁਵ ਜੈਨ ਅਤੇ ਲੌਸਟ ਸਟੋਰੀਜ਼ ਦੀ ਵਿਸ਼ੇਸ਼ਤਾ ਵਾਲਾ ਕੋਕ ਸਟੂਡੀਓ ਭਾਰਤ ਸਹਿਯੋਗ ਸਪੋਟੀਫਾਈ ਇੰਡੀਆ ਦੇ ਟੌਪ ਸੌਂਗਸ ਚਾਰਟ ’ਤੇ ਨੰਬਰ 1 ’ਤੇ ਪਹੁੰਚ ਗਿਆ ਹੈ, ਜਿਸ ਨਾਲ ਇਹ ਮੀਲ ਪੱਥਰ ਪ੍ਰਾਪਤ ਕਰਨ ਵਾਲਾ ਪਹਿਲਾ ਕੋਕ ਸਟੂਡੀਓ ਭਾਰਤ ਗੀਤ ਬਣ ਗਿਆ ਹੈ। ਇਹ ਟਰੈਕ ਇੱਕ ਸਾਲ ਤੋਂ ਵੱਧ ਸਮੇਂ ਤੋਂ ਸਪੋਟੀਫਾਈ ਇੰਡੀਆ ਡੇਲੀ ਚਾਰਟ ਵਿੱਚ ਹੈ, ਇਸਦੀ ਗਤੀ ਵਿਸ਼ਵ ਪੱਧਰ ’ਤੇ ਵਧ ਰਹੀ ਹੈ ਕਿਉਂਕਿ ਇਹ ਸਪੋਟੀਫਾਈ ਦੇ ਗਲੋਬਲ ਟੌਪ ਸੌਂਗਸ ਚਾਰਟ ’ਤੇ #71 ’ਤੇ ਵੀ ਪਹੁੰਚ ਗਿਆ ਹੈ।

ਇਸ ਸਹਿਯੋਗ ਨੇ ਅਨੁਵ ਜੈਨ ਦੀ ਗੀਤਕਾਰੀ ਨੂੰ ਕੋਕ ਸਟੂਡੀਓ ਭਾਰਤ ਦੀ ਵਿਲੱਖਣ ਸੰਗੀਤਕ ਦੁਨੀਆ ਦੇ ਅੰਦਰ ਲੌਸਟ ਸਟੋਰੀਜ਼ ਦੀ ਇਲੈਕਟ੍ਰਾਨਿਕ-ਫਿਊਜ਼ਨ ਆਵਾਜ਼ ਨਾਲ ਜੋੜਿਆ। ਜੈਨ ਲਈ, ਕੋਕ ਸਟੂਡੀਓ ਭਾਰਤ ਵਿੱਚ ਸ਼ਾਮਲ ਹੋਣਾ ਇੱਕ ਲੰਬੇ ਸਮੇਂ ਤੋਂ ਚੱਲੀ ਆ ਰਹੀ ਇੱਛਾ ਸੀ, ਜਦੋਂ ਕਿ ਇਸ ਟਰੈਕ ਨੇ ਉਸਨੂੰ ਆਪਣੀ ਨਿੱਜੀ ਗੀਤਕਾਰੀ ਸ਼ੈਲੀ ਰਾਹੀਂ ਸ਼ਾਇਰੀ ਦੀ ਦੁਨੀਆ ਦੀ ਪੜਚੋਲ ਕਰਨ ਦਾ ਮੌਕਾ ਦਿੱਤਾ। ਰਿਸ਼ਭ ਜੋਸ਼ੀ ਦੇ ਯੋਗਦਾਨ ਦੁਆਰਾ ਆਕਾਰ ਦਿੱਤਾ ਗਿਆ ਇਹ ਗੀਤ, ਕੋਕ ਸਟੂਡੀਓ ਭਾਰਤ ਦੀ ਸਹਿਯੋਗੀ ਆਵਾਜ਼ ਦੇ ਨਾਲ ਇੱਕ ਡੂੰਘਾਈ ਨਾਲ ਨਿੱਜੀ ਬਿਰਤਾਂਤ ਲਿਆਉਂਦਾ ਹੈ। ਅਗਸਤ 2025 ਵਿੱਚ ਰਿਲੀਜ਼ ਹੋਣ ਤੋਂ ਬਾਅਦ, ਅਰਜ਼ ਕਿਆ ਹੈ ਨੇ 484+ ਮਿਲੀਅਨ ਆਡੀਓ ਸਟ੍ਰੀਮ, 260 ਮਿਲੀਅਨ ਯੂਟਿਊਬ ਵਿਊਜ਼ ਅਤੇ 17.7+ ਮਿਲੀਅਨ ਤੋਂ ਵੱਧ ਉਪਭੋਗਤਾ-ਤਿਆਰ ਸਮੱਗਰੀ ਇਕੱਠੀ ਕੀਤੀ ਹੈ। ਇਸਦੀ ਗੂੰਜ ਦੇਸ਼ ਤੋਂ ਪਰੇ ਗਲੋਬਲ ਚਾਰਟ ਤੱਕ ਜਾਰੀ ਹੈ। ਅਹਿਮਦਾਬਾਦ, ਪੁਣੇ, ਮੁੰਬਈ, ਦਿੱਲੀ, ਕੋਲਕਾਤਾ ਅਤੇ ਗੁਹਾਟੀ ਉਹ ਥਾਂਵਾਂ ਹਨ ਜਿੱਥੇ ਇਸ ਗੀਤ ਨੂੰ ਸਰੋਤਿਆਂ ਦੀ ਮਜ਼ਬੂਤ ਸ਼ਮੂਲੀਅਤ ਮਿਲੀ ਹੈ। ਸਪੋਟੀਫਾਈ ਦੇ ਚਾਰਟ ’ਤੇ ਇਸਦੀ ਨਿਰੰਤਰ ਮੌਜੂਦਗੀ ਇੱਕ ਅਜਿਹੇ ਗੀਤ ਵੱਲ ਇਸ਼ਾਰਾ ਕਰਦੀ ਹੈ ਜੋ ਆਪਣੇ ਰਿਲੀਜ਼ ਹੋਣ ਦੇ ਸਮੇਂ ਤੋਂ ਬਾਅਦ ਵੀ ਨਵੇਂ ਸਰੋਤਿਆਂ ਨੂੰ ਲੱਭਦਾ ਰਹਿੰਦਾ ਹੈ।

ਗਾਇਕ-ਗੀਤਕਾਰ ਅਨੁਵ ਜੈਨ ਨੇ ਕਿਹਾ, ਜਦੋਂ ਮੈਂ ਅਰਜ਼ ਕੀਆ ਹੈ ਬਣਾਈ ਸੀ, ਮੈਨੂੰ ਉਮੀਦ ਸੀ ਕਿ ਇਹ ਲੋਕਾਂ ਦੀ ਜ਼ਿੰਦਗੀ ਵਿੱਚ ਆਪਣਾ ਰਸਤਾ ਬਣਾ ਲਵੇਗੀ, ਪਰ ਮੈਂ ਕਦੇ ਸੋਚਿਆ ਵੀ ਨਹੀਂ ਸੀ ਕਿ ਇੱਕ ਸਾਲ ਬਾਅਦ ਵੀ ਇਹ ਨਵੇਂ ਸਰੋਤਿਆਂ ਨੂੰ ਲੱਭੇਗਾ ਅਤੇ ਸਪੋਟੀਫਾਈ ਇੰਡੀਆ ’ਤੇ ਨੰਬਰ 1 ’ਤੇ ਪਹੁੰਚ ਜਾਵੇਗਾ। ਕੋਕ ਸਟੂਡੀਓ ਭਾਰਤ ਦਾ ਹਿੱਸਾ ਬਣਨਾ ਇੱਕ ਲੰਬੇ ਸਮੇਂ ਤੋਂ ਪਿਆ ਸੁਪਨਾ ਸੀ, ਇਸ ਲਈ ਇਸ ਗੀਤ ਨੂੰ ਉਸ ਦੁਨੀਆਂ ਵਿੱਚ ਲਿਆਉਣਾ ਬਹੁਤ ਖਾਸ ਸੀ। ਮੈਨੂੰ ਲੱਗਦਾ ਹੈ ਕਿ ਇੱਕ ਗਾਣਾ ਜੋ ਸਭ ਤੋਂ ਖ਼ੂਬਸੂਰਤ ਚੀਜ਼ ਕਰ ਸਕਦਾ ਹੈ ਉਹ ਹੈ ਉਸ ਪਲ ਤੋਂ ਪਰੇ ਜੀਣਾ ਜਿਸ ਨੂੰ ਇਹ ਬਣਾਇਆ ਗਿਆ ਸੀ, ਅਤੇ ਅਰਜ਼ ਕੀਆ ਹੈ ਨੇ ਇਸ ਤਰ੍ਹਾਂ ਕਰਨਾ ਜਾਰੀ ਰੱਖਿਆ ਹੈ ਜਿਸਦੀ ਮੈਂ ਭਵਿੱਖਬਾਣੀ ਵੀ ਨਹੀਂ ਕਰ ਸਕਦਾ ਸੀ। ਮੈਂ ਉਨ੍ਹਾਂ ਸਾਰਿਆਂ ਦਾ ਤਹਿ ਦਿਲੋਂ ਧੰਨਵਾਦੀ ਹਾਂ ਜਿਨ੍ਹਾਂ ਨੇ ਇਸਨੂੰ ਸੁਣਿਆ ਹੈ, ਸਾਂਝਾ ਕੀਤਾ ਹੈ, ਅਤੇ ਇਸਨੂੰ ਆਪਣੇ ਪਲਾਂ ਦਾ ਹਿੱਸਾ ਬਣਾਇਆ ਹੈ।

ਕੋਕਾ-ਕੋਲਾ ਇੰਡੀਆ ਅਤੇ ਦੱਖਣ-ਪੱਛਮੀ ਏਸ਼ੀਆ ਦੇ ਆਈਐਮਐਕਸ (ਇੰਟੀਗ੍ਰੇਟਿਡ ਮਾਰਕੀਟਿੰਗ ਐਕਸਪੀਰੀਅੰਸ) ਲੀਡ, ਸ਼ਾਂਤਨੂ ਗੰਗਾਨੇ ਨੇ ਕਿਹਾ, ‘ਅਰਜ਼ ਕੀਆ ਹੈ’ ਕੋਕ ਸਟੂਡੀਓ ਭਾਰਤ ਦੀ ਭਾਵਨਾ ਨੂੰ ਦਰਸਾਉਂਦਾ ਹੈ, ਜੋ ਕਿ ਵੱਖ-ਵੱਖ ਆਵਾਜ਼ਾਂ, ਰਚਨਾਤਮਕ ਦ੍ਰਿਸ਼ਟੀਕੋਣਾਂ ਅਤੇ ਕਲਾਕਾਰਾਂ ਨੂੰ ਇਕੱਠਾ ਕਰਕੇ ਅਜਿਹਾ ਸੰਗੀਤ ਤਿਆਰ ਕਰਦਾ ਹੈ ਜੋ ਸੀਮਾਵਾਂ ਤੋਂ ਪਾਰ ਗੂੰਜਦਾ ਹੈ।

# ਰਾਜਪਾਲ ਨੇ ਨੇਪਾਲ ਵਿੱਚ ਹੜ੍ਹ-ਪ੍ਰਭਾਵਿਤ ਲੋਕਾਂ ਲਈ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਸੱਤ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ



**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇਪਾਲ ਵਿੱਚ ਆਏ ਭਿਆਨਕ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਪੰਜਾਬ ਸਟੇਟ ਰੈੱਡ ਕਰਾਸ ਦੁਆਰਾ ਜਾਰੀ ਆਪਣੀ ਮਾਨਵੀ ਸਹਾਇਤਾ ਮੁਹਿੰਮ ਦੇ ਤਹਿਤ ਅੱਜ ਰਾਹਤ ਸਮੱਗਰੀ ਦੀ ਤੀਸਰੀ ਅਤੇ ਹੁਣ ਤੱਕ ਦੀ ਸਭ ਤੋਂ ਬੜੀ ਖੇਪ ਭੇਜੀ ਗਈ। ਇਸ ਪਹਿਲ ਦੇ ਜ਼ਰੀਏ ਨੇਪਾਲ ਦੇ ਲੋਕਾਂ ਪ੍ਰਤੀ ਇਕਜੁੱਟਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ।

ਲਗਭਗ 52 ਟਨ ਜ਼ਰੂਰੀ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਸੱਤ ਵੱਡੇ ਟਰੱਕਾਂ ਨੂੰ ਪੰਜਾਬ ਦੇ ਰਾਜਪਾਲ ਅਤੇ ਪੰਜਾਬ ਸਟੇਟ ਰੈੱਡ ਕਰਾਸ ਦੇ ਪ੍ਰਧਾਨ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ, ਚੰਡੀਗੜ੍ਹ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਰਾਹਤ ਸਮੱਗਰੀ ਦੀ ਕੀਮਤ ਲਗਭਗ 1.40 ਕਰੋੜ ਰੁਪਏ ਤੋਂ ਅਧਿਕ ਹੈ। ਇਹ ਰਾਹਤ ਸਮੱਗਰੀ ਐਮਾਜ਼ੌਨ) ਵੱਲੋਂ ਉਪਲਬਧ ਕਰਵਾਈ ਗਈ ਹੈ। ਇਸ ਅਵਸਰ ’ਤੇ ਐਮਾਜ਼ੌਨ ਅਤੇ ਡੋਨੇਟਕਾਰਟ ਫਾਊਂਡੇਸ਼ਨਦੇ ਪ੍ਰਤੀਨਿਧੀ ਅਤੇ ਸ਼੍ਰੀ ਸ਼ਿਵਦੁਲਾਰ ਸਿੰਘ ਢਿੱਲੋਂ,
ਸਕੱਤਰ, ਪੰਜਾਬ ਸਟੇਟ ਰੈੱਡ ਕਰਾਸ ਵੀ ਉਪਸਥਿਤ ਰਹੇ।

ਇਸ ਰਾਹਤ ਸਮੱਗਰੀ ਵਿੱਚ ਜਨਰੇਟਰ ਸੈੱਟ, ਕੰਬਲ, ਤਰਪਾਲਾਂ, ਸੋਲਰ ਲਾਇਟਾਂ ਅਤੇ ਹੋਰ ਜ਼ਰੂਰੀ ਐਮਰਜੈਂਸੀ ਸਮਾਨ ਸ਼ਾਮਲ ਹਨ। ਸ਼੍ਰੀ ਕਟਾਰੀਆ ਨੇ ਦੱਸਿਆ ਕਿ ਇਹ ਸਮੱਗਰੀ ਨੇਪਾਲ ਰੈੱਡ ਕਰਾਸ ਸੋਸਾਇਟੀ ਦੁਆਰਾ ਸਾਂਝੀਆਂ ਕੀਤੀਆਂ ਗਈਆਂ ਜ਼ਰੂਰਤਾਂ ਦੀ ਸੂਚੀ ਦੇ ਅਨੁਸਾਰ ਹੀ ਖਰੀਦੀ ਗਈ ਹੈ, ਤਾਕਿ ਹੜ੍ਹ-ਪ੍ਰਭਾਵਿਤ ਲੋਕਾਂ ਦੀਆਂ ਤਤਕਾਲ ਜ਼ਰੂਰਤਾਂ ਨੂੰ ਪੂਰਾ ਕੀਤਾ ਜਾ ਸਕੇ।

ਇਹ ਪੰਜਾਬ ਸਟੇਟ ਰੈੱਡ ਕਰਾਸ ਵੱਲੋਂ ਨੇਪਾਲ ਲਈ ਭੇਜੀ ਜਾ ਰਹੀ ਤੀਸਰੀ ਬੜੀ ਰਾਹਤ ਖੇਪ ਹੈ। ਪਹਿਲੀ ਖੇਪ 1 ਸਤੰਬਰ ਨੂੰ ਭੇਜੀ ਗਈ ਸੀ, ਜਿਸ ਵਿੱਚ ਤਿੰਨ ਟਰੱਕਾਂ ਦੇ ਜ਼ਰੀਏ ਖਾਣ ਲਈ ਤਿਆਰ ਖੁਰਾਕੀ ਸਮੱਗਰੀ, ਰਾਸ਼ਨ, ਕੱਪੜੇ ਅਤੇ ਹੋਰ ਜ਼ਰੂਰੀ ਰਾਹਤ ਸਮੱਗਰੀ ਭੇਜੀ ਗਈ ਸੀ। ਇਸ ਦੀ ਕੀਮਤ
ਲਗਭਗ 10 ਲੱਖ ਰੁਪਏ ਤੋਂ ਅਧਿਕ ਸੀ। ਇਸ ਤੋਂ ਬਾਅਦ 18 ਸਤੰਬਰ ਨੂੰ ਦੂਸਰੀ ਖੇਪ ਭੇਜੀ ਗਈ, ਜਿਸ ਵਿੱਚ ਲਗਭਗ 38 ਲੱਖ ਰੁਪਏ ਦੀ ਜ਼ਰੂਰੀ ਰਾਹਤ ਸਮੱਗਰੀ ਸ਼ਾਮਲ ਸੀ। ਇਹ ਖੇਪ ਇੰਟਰਨੈਸ਼ਨਲ ਫੈਡਰੇਸ਼ਨ ਆਵ ? ਰੈੱਡ ਕਰਾਸ ਐਂਡ ਰੈੱਡ ਕ੍ਰੀਸੈਂਟ ਸੋਸਾਇਟੀਜ਼ (ਆਈਐੱਫਆਰਸੀ) ਦੇ ਜ਼ਰੀਏ ਨੇਪਾਲ ਰੈੱਡ ਕਰਾਸ ਸੋਸਾਇਟੀ ਦੇ ਤਾਲਮੇਲ ਨਾਲ ਭੇਜੀ ਗਈ ਸੀ। ਦੂਸਰੀ ਖੇਪ ਵੀ ਨੇਪਾਲ ਰੈੱਡ ਕਰਾਸ ਦੁਆਰਾ ਦੱਸੀਆਂ ਗਈਆਂ ਵਿਸ਼ੇਸ਼ ਜ਼ਰੂਰਤਾਂ ਦੇ ਅਨੁਸਾਰ ਤਿਆਰ ਕੀਤੀ ਗਈ ਸੀ। ਪੰਜਾਬ ਰੈੱਡ ਕਰਾਸ ਦੀ ਇੱਕ ਟੀਮ ਰਾਹਤ ਸਮੱਗਰੀ ਨਾਲ ਨੇਪਾਲਗੰਜ ਇੰਟਰਨੈਸ਼ਨਲ ਬਾਰਡਰ ਤੱਕ ਗਈ ਅਤੇ ਉੱਥੇ ਸਬੰਧਿਤ ਪ੍ਰਤੀਨਿਧੀਆਂ ਨੂੰ ਸਮੱਗਰੀ ਸੌਂਪੀ ਗਈ। ਸ਼੍ਰੀ ਕਟਾਰੀਆ ਨੇ ਐਮਾਜ਼ੌਨ, ਡੋਨੇਟਕਾਰਟ ਅਤੇ ਹੋਰ ਸਾਰੇ ਸਹਿਯੋਗੀਆਂ ਦਾ ਇਸ ਰਾਹਤ ਮੁਹਿੰਮ ਵਿੱਚ ਸਹਿਯੋਗ ਲਈ ਆਭਾਰ ਵਿਅਕਤ ਕੀਤਾ। ਉਨ੍ਹਾਂ ਨੇ ਨੇਪਾਲ ਦੇ ਪ੍ਰਭਾਵਿਤ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ ਲਈ ਪੰਜਾਬ ਸਟੇਟ ਰੈੱਡ ਕਰਾਸ ਦੁਆਰਾ ਕੀਤੇ ਜਾ ਰਹੇ ਰਾਹਤ ਸਮੱਗਰੀ ਇਕੱਠੀ ਕਰਨ, ਖਰੀਦਣ ਅਤੇ ਭੇਜਣ ਦੇ ਕਾਰਜਾਂ ਦੀ ਸ਼ਲਾਘਾ ਕੀਤੀ।

# ਤਾਂਗਾਨੀਕਾ ਝੀਲ ਵਿੱਚ ਭਿਆਨਕ ਕਿਸ਼ਤੀ ਹਾਦਸਾ, 41 ਲੋਕਾਂ ਦੀ ਮੌਤ

**ਕਿਨਸ਼ਾਸਾ, 26 ਸਤੰਬਰ ,**
**-ਕੌਮੀ ਪੱਤ੍ਰਿਕਾ ਬਿਊਰੋ-**

ਅਫ਼ਰੀਕਾ ਦੀ ਤਾਂਗਾਨੀਕਾ ਝੀਲ ਵਿੱਚ ਤਨਜ਼ਾਨੀਆ ਤੋਂ ਕਾਂਗੋ ਜਾ ਰਹੀ ਇੱਕ ਕਿਸ਼ਤੀ ਪਲਟਣ ਕਾਰਨ ਘੱਟੋ-ਘੱਟ 41 ਲੋਕਾਂ ਦੀ ਮੌਤ ਹੋ ਗਈ। ਸਥਾਨਕ ਅਧਿਕਾਰੀਆਂ ਮੁਤਾਬਕ ਕਿਸ਼ਤੀ ਵਿੱਚ ਕਰੀਬ 100 ਯਾਤਰੀਆਂ ਅਤੇ ਸਮਾਨ ਸਵਾਰ ਸੀ। ਹਾਦਸੇ ਤੋਂ ਬਾਅਦ 49 ਲੋਕਾਂ ਨੂੰ ਬਚਾ ਲਿਆ ਗਿਆ, ਜਦਕਿ ਲਾਪਤਾ ਯਾਤਰੀਆਂ ਦੀ ਭਾਲ ਜਾਰੀ ਹੈ। ਕਿਸ਼ਤੀ ਤਨਜ਼ਾਨੀਆ ਦੇ ਕਿਗੋਮਾ ਬੰਦਰਗਾਹ ਤੋਂ ਕਾਂਗੋ ਦੇ ਕਲੇਮੀ ਸ਼ਹਿਰ ਵੱਲ ਜਾ ਰਹੀ ਸੀ ਅਤੇ ਮਾਪੇਰਾ ਪਿੰਡ ਨੇੜੇ ਪਲਟ ਗਈ। ਇੱਕ ਬਚੇ ਹੋਏ ਯਾਤਰੀ ਮੁਤਾਬਕ ਰਾਤ ਕਰੀਬ 1 ਵਜੇ ਯਾਤਰੀਆਂ ਨੂੰ ਪਤਾ ਲੱਗਾ ਕਿ ਕਿਸ਼ਤੀ ਇੱਕ ਪਾਸੇ ਝੁਕ ਰਹੀ ਹੈ।

ਹਾਦਸੇ ਦਾ ਸਹੀ ਕਾਰਨ ਅਜੇ ਸਪੱਸ਼ਟ ਨਹੀਂ ਹੋਇਆ। ਅਧਿਕਾਰੀਆਂ ਨੇ ਦੱਸਿਆ ਕਿ ਬਚਾਅ ਕਾਰਜ ਜਾਰੀ ਹਨ। ਕਾਂਗੋ ਵਿੱਚ ਪਾਣੀ ਦੇ ਰਸਤਿਆਂ ’ਤੇ ਆਵਾਜਾਈ ਮਹੱਤਵਪੂਰਨ ਹੈ, ਪਰ ਪਿਛਲੇ ਸਾਲਾਂ ਵਿੱਚ ਕਿਸ਼ਤੀਆਂ ’ਤੇ ਵੱਧ ਸਵਾਰੀਆਂ ਅਤੇ ਸੁਰੱਖਿਆ ਸਾਧਨਾਂ ਦੀ ਘਾਟ ਕਾਰਨ ਕਈ ਹਾਦਸੇ ਹੋ ਚੁੱਕੇ ਹਨ।

# ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਸਕੱਤਰੇਤ ਤੋਂ ਕੀਤੀ ‘ਸਤਰਕ - ਹਰਿਆਣਾ’ ਮੋਬਾਈਲ ਐਪ ਦੀ ਸ਼ੁਰੂਆਤ

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਨੂੰ ਹੋਰ ਜ਼ਿਆਦਾ ਪ੍ਰਭਾਵਸ਼ਾਲੀ ਅਤੇ ਨਾਗਰਿਕ-ਕੇਂਦਰਿਤ ਬਣਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਹਰਿਆਣਾ ਸਕੱਤਰੇਤ ਤੋਂ ‘ਸਤਰਕ - ਹਰਿਆਣਾ’ ਮੋਬਾਈਲ ਐਪ ਦੀ ਸ਼ੁਰੂਆਤ ਕੀਤੀ। ਇਸ ਐਪ ਰਾਹੀਂ ਨਾਗਰਿਕ ਭ੍ਰਿਸ਼ਟਾਚਾਰ ਨਾਲ ਸਬੰਧਤ ਸ਼ਿਕਾਇਤ ਅਤੇ ਸੂਚਨਾ ਸਿੱਧੀ ਸਟੇਟ ਵਿਜੀਲੈਂਸ ਐਂਡ ਐਂਟੀ ਕਰੱਪਸ਼ਨ ਬਿਊਰੋ , ਹਰਿਆਣਾ ਤੱਕ ਪਹੁੰਚਾ ਸਕਣ। ਐਪ ਵਿੱਚ ਹੈਲਪਲਾਈਨ ਨਾਲ ਸਿੱਧਾ ਜੁੜਨ, ਡਿਜੀਟਲ ਸਬੂਤ ਅਪਲੋਡ ਕਰਨ, ਸਬੰਧਤ ਜ਼ਿਲ੍ਹੇ ਦੇ ਏ.ਸੀ.ਬੀ. ਅਧਿਕਾਰੀ ਦੀ ਜਾਣਕਾਰੀ ਅਤੇ ਲੋਕੇਸ਼ਨ ਪ੍ਰਾਪਤ ਕਰਨ ਅਤੇ ਐੱਫ.ਆਈ.ਆਰ. ਦੀ ਕਾਪੀ ਡਾਊਨਲੋਡ ਕਰਨ ਵਰਗੀਆਂ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ ਹਨ।

ਹੈਲਪਲਾਈਨ ਨੰਬਰ ਯਾਦ ਰੱਖਣ ਦੀ ਲੋੜ ਨਹੀਂ, ਇੱਕ ਟੱਚ ’ਤੇ ਐੱਸ.ਵੀ. ਐਂਡ ਏ.ਸੀ.ਬੀ. ਨਾਲ ਸੰਪਰਕ

ਇਸ ਮੋਬਾਈਲ ਐਪ ਦੀ ਖ਼ਾਸ ਗੱਲ ਇਹ ਹੈ ਕਿ ਕਈ ਵਾਰ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਬਾਰੇ ਜਾਣਕਾਰੀ ਤਾਂ ਹੁੰਦੀ ਹੈ, ਪਰ ਉਨ੍ਹਾਂ ਨੂੰ ਐੱਸ.ਵੀ. ਐਂਡ ਏ.ਸੀ.ਬੀ. ਦੀ ਹੈਲਪਲਾਈਨ ਦਾ ਨੰਬਰ ਯਾਦ ਨਹੀਂ ਰਹਿੰਦਾ। ‘ਸਤਰਕ - ਹਰਿਆਣਾ’ ਐਪ ਦੇ ਮਾਧਿਅਮ ਨਾਲ ਇਸ ਸਮੱਸਿਆ ਦਾ ਹੱਲ ਕੀਤਾ ਗਿਆ ਹੈ। ਐਪ ਵਿੱਚ ਉਪਲਬਧ ਹੈਲਪਲਾਈਨ ਸੁਵਿਧਾ ‘ਤੇ ਸਿਰਫ਼ ਇੱਕ ਟੱਚ ਕਰਨ ਨਾਲ ਨਾਗਰਿਕ ਸਿੱਧੇ ਐੱਸ.ਵੀ. ਐਂਡ ਏ.ਸੀ.ਬੀ. ਦੀ ਹੈਲਪਲਾਈਨ ਨਾਲ ਜੁੜ ਸਕਣਗੇ। ਇਸ ਨਾਲ ਉਨ੍ਹਾਂ ਨੂੰ ਹੈਲਪਲਾਈਨ ਨੰਬਰ ਯਾਦ ਰੱਖਣ ਦੀ ਲੋੜ ਨਹੀਂ ਪਵੇਗੀ ਅਤੇ ਉਹ ਲੋੜ ਪੈਣ ‘ਤੇ ਤੁਰੰਤ ਸੰਪਰਕ ਕਰ ਸਕਣਗੇ।

ਕਾਰਵਾਈ ਨਾ ਚਾਹੁੰਦੇ ਹੋਏ ਵੀ ਸਾਂਝੀ ਕੀਤੀ ਜਾ ਸਕੇਗੀ ਭ੍ਰਿਸ਼ਟਾਚਾਰ ਨਾਲ ਸਬੰਧਤ ਸੂਚਨਾ, ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ

ਜੇਕਰ ਕਿਸੇ ਨਾਗਰਿਕ ਕੋਲ ਭ੍ਰਿਸ਼ਟਾਚਾਰ ਨਾਲ ਸਬੰਧਤ ਕੋਈ ਵੀਡੀਓ, ਆਡੀਓ, ਫੋਟੋ ਜਾਂ ਹੋਰ ਅਹਿਮ ਜਾਣਕਾਰੀ ਹੈ, ਪਰ ਉਹ ਤੁਰੰਤ ਕਿਸੇ ਵਿਅਕਤੀ ਵਿਰੁੱਧ ਕਾਰਵਾਈ ਨਹੀਂ ਕਰਵਾਉਣਾ ਚਾਹੁੰਦਾ, ਤਾਂ ਅਜਿਹੀ ਸੂਚਨਾ ਵੀ ਐਪ ਰਾਹੀਂ ਐੱਸ.ਵੀ. ਐਂਡ ਏ.ਸੀ.ਬੀ. ਤੱਕ ਪਹੁੰਚਾਈ ਜਾ ਸਕੇਗੀ। ਇਸ ਦੌਰਾਨ ਗੁਪਤਤਾ ਦਾ ਪੂਰਾ ਧਿਆਨ ਰੱਖਿਆ ਜਾਵੇਗਾ। ਇਸ ਨਾਲ ਭ੍ਰਿਸ਼ਟਾਚਾਰ ਸਬੰਧੀ ਪ੍ਰਾਪਤ ਸੂਚਨਾਵਾਂ ਦਾ ਇੱਕ ਵਿਵਸਥਿਤ ਡਿਜੀਟਲ ਡੇਟਾਬੇਸ ਤਿਆਰ ਕਰਨ ਵਿੱਚ ਮਦਦ ਮਿਲੇਗੀ। ਲੋੜ ਅਨੁਸਾਰ ਭਵਿੱਖ ਵਿੱਚ ਇਨ੍ਹਾਂ ਸੂਚਨਾਵਾਂ ਦਾ ਵਿਸ਼ਲੇਸ਼ਣ ਅਤੇ ਵਰਤੋਂ ਨਿਯਮਾਂ ਅਨੁਸਾਰ ਕੀਤੀ ਜਾ ਸਕੇਗੀ।

ਨਾਗਰਿਕਾਂ ਦੀ ਸਹੂਲਤ ਲਈ ਹਰਿਆਣਾ ਦੇ ਸਾਰੇ 23 ਜ਼ਿਲ੍ਹਿਆਂ ਨੂੰ ਐਪ ਨਾਲ ਜੋੜਿਆ ਗਿਆ ਹੈ। ਜੇਕਰ ਕੋਈ ਵਿਅਕਤੀ ਕਿਸੇ ਦੂਜੇ ਜ਼ਿਲ੍ਹੇ ਵਿੱਚ ਜਾਂਦਾ ਹੈ ਅਤੇ ਉਸਨੂੰ ਉੱਥੇ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤ ਜਾਂ ਸੂਚਨਾ ਦੇਣੀ ਹੋਵੇ, ਤਾਂ ਐਪ ਵਿੱਚ ਸਬੰਧਤ ਜ਼ਿਲ੍ਹੇ ਦੀ ਚੋਣ ਕਰਨ ‘ਤੇ ਉੱਥੋਂ ਦੇ ਐੱਸ.ਵੀ. ਐਂਡ ਏ.ਸੀ.ਬੀ. ਇੰਚਾਰਜ ਦਾ ਨਾਮ ਅਤੇ ਮੋਬਾਈਲ ਨੰਬਰ ਉਪਲਬਧ ਹੋਵੇਗਾ। ਇਸਦੇ ਨਾਲ ਹੀ ਗੂਗਲ ਲੋਕੇਸ਼ਨ ਰਾਹੀਂ ਸਬੰਧਤ ਦਫ਼ਤਰ ਦਾ ਸਥਾਨ ਅਤੇ ਉੱਥੇ ਪਹੁੰਚਣ ਦਾ ਰਸਤਾ ਵੀ ਦੇਖਿਆ ਜਾ ਸਕਦਾ ਹੈ। ਨਾਗਰਿਕ ਲੋੜ ਅਨੁਸਾਰ ਸਬੰਧਤ ਅਧਿਕਾਰੀ ਨਾਲ ਫੋਨ ‘ਤੇ ਸੰਪਰਕ ਕਰਨ ਦੇ ਨਾਲ-ਨਾਲ ਦਫ਼ਤਰ ਜਾ ਕੇ ਵੀ ਆਪਣੀ ਸ਼ਿਕਾਇਤ ਜਾਂ ਸੂਚਨਾ ਦੇ ਸਕਦੇ ਹਨ।

ਐੱਸ.ਵੀ. ਐਂਡ ਏ.ਸੀ.ਬੀ. ਦੇ ਸੀਨੀਅਰ ਅਧਿਕਾਰੀਆਂ ਦੀ ਜਾਣਕਾਰੀ ਵੀ ਉਪਲਬਧ

ਜੇਕਰ ਐੱਸ.ਵੀ. ਐਂਡ ਏ.ਸੀ.ਬੀ. ਦੇ ਕਿਸੇ ਅਧਿਕਾਰੀ ਜਾਂ ਕਰਮਚਾਰੀ ਦੇ ਸਹੀ ਵਤੀਰੇ ਨਾ ਕਰਨ ਬਾਰੇ ਕੋਈ ਸ਼ਿਕਾਇਤ ਦਰਜ ਕਰਨੀ ਹੋਵੇ, ਤਾਂ ਐਪ ਵਿੱਚ ਸਬੰਧਤ ਸੀਨੀਅਰ ਅਧਿਕਾਰੀ ਤੱਕ ਪਹੁੰਚਣ ਦੀ ਸਹੂਲਤ ਵੀ ਉਪਲਬਧ ਹੈ। ਅਗਲੇ ਬਦਲ ਰਾਹੀਂ ਸਬੰਧਤ ਪੁਲਿਸ ਸੁਪਰਡੈਂਟ ਦਾ ਨਾਮ, ਮੋਬਾਈਲ ਨੰਬਰ, ਦਫ਼ਤਰ ਦੀ ਲੋਕੇਸ਼ਨ ਅਤੇ ਉੱਥੇ ਪਹੁੰਚਣ ਦਾ ਰਸਤਾ ਦੇਖਿਆ ਜਾ ਸਕਦਾ ਹੈ। ਇਸ ਨਾਲ ਨਾਗਰਿਕ ਸਬੰਧਤ ਸੀਨੀਅਰ ਅਧਿਕਾਰੀ ਨਾਲ ਸਿੱਧਾ ਸੰਪਰਕ ਕਰਕੇ ਆਪਣੀ ਸ਼ਿਕਾਇਤ ਜਾਂ ਸੂਚਨਾ ਪੇਸ਼ ਕਰ ਸਕਣਗੇ।

ਐੱਫ.ਆਈ.ਆਰ. ਦੀ ਕਾਪੀ ਵੀ ਡਾਊਨਲੋਡ ਕਰ ਸਕਣਗੇ ਨਾਗਰਿਕ, ਗੂਗਲ ਪਲੇ ਸਟੋਰ ‘ਤੇ ਉਪਲਬਧ ਹੈ ‘ਸਤਰਕ - ਹਰਿਆਣਾ’ ਐਪ

ਉਨ੍ਹਾਂ ਦੱਸਿਆ ਕਿ ਐਪ ਰਾਹੀਂ ਨਿਯਮਾਂ ਅਨੁਸਾਰ ਮੁਹੱਈਆ ਕਰਵਾਈ ਗਈ ਐੱਫ.ਆਈ.ਆਰ. ਦੀ ਕਾਪੀ ਵੀ ਨਾਗਰਿਕ ਡਾਊਨਲੋਡ ਕਰ ਸਕਣਗੇ। ‘ਸਤਰਕ - ਹਰਿਆਣਾ’ ਮੋਬਾਈਲ ਐਪ ਮੌਜੂਦਾ ਸਮੇਂ ਵਿੱਚ ਗੂਗਲ ਪਲੇ ਸਟੋਰ ‘ਤੇ ‘ਸਤਰਕ-ਹਰਿਆਣਾ’ਨਾਮ ਨਾਲ ਉਪਲਬਧ ਹੈ। ਜਲਦੀ ਹੀ ਐਪ ਦੀ ਵਰਤੋਂ ਅਤੇ ਨਤੀਜਿਆਂ ਨੂੰ ਦੇਖਦਿਆਂ ਇਸ ਨੂੰ ਐਪਲ ਪਲੇ ਸਟੋਰ ‘ਤੇ ਵੀ ਉਪਲਬਧ ਕਰਵਾਇਆ ਜਾਵੇਗਾ।

ਤੱਥਾਂ ‘ਤੇ ਆਧਾਰਿਤ ਅਤੇ ਸਹੀ ਸੂਚਨਾ ਹੀ ਅਪਲੋਡ ਕਰਨ ਦੀ ਅਪੀਲ

ਐੱਸ.ਵੀ. ਐਂਡ ਏ.ਸੀ.ਬੀ. ਮੁਖੀ ਡਾ. ਅਰਸ਼ਿੰਦਰ ਸਿੰਘ ਚਾਵਲਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ‘ਸਤਰਕ - ਹਰਿਆਣਾ’ ਐਪ ਦੀ ਵਰਤੋਂ ਭ੍ਰਿਸ਼ਟਾਚਾਰ ਸਬੰਧੀ ਸਹੀ, ਅਸਲ ਅਤੇ ਤੱਥਾਂ ‘ਤੇ ਆਧਾਰਿਤ ਸੂਚਨਾ ਦੇਣ ਲਈ ਕੀਤੀ ਜਾਵੇ।

# ਗਣਪਤੀ ਬੱਪਾ ਮੋਰੀਆ ਦੇ ਜੈਕਾਰਿਆਂ ਨਾਲ ਗੂੰਜਿਆ ਇਤਿਹਾਸਿਕ ਸ਼ਹਿਰ ਮਾਛੀਵਾੜਾ ਸਾਹਿਬ

**ਮਾਛੀਵਾੜਾ ਸਾਹਿਬ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੀ ਗਣੇਸ਼ ਉਤਸਵ ਪੂਰੇ ਭਾਰਤ ਅੰਦਰ ਬੜੀ ਸ਼ਰਧਾ ਅਤੇ ਉਤਸਾਹ ਦੇ ਨਾਲ ਹਰ ਸਾਲ ਮਨਾਇਆ ਜਾਂਦਾ ਹੈ। ਇਸੇ ਲੜੀ ਤਹਿਤ ਮਾਛੀਵਾੜਾ ਸਾਹਿਬ ਵਿਖੇ ਵੀ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਗਣਪਤੀ ਉਤਸਵ ਮਨਾਇਆ ਜਾਂਦਾ ਹੈ। ਸ੍ਰੀ ਬ੍ਰਹਮਚਾਰੀ ਸ਼ਿਵਾਲਾ ਮੰਦਰ ਅਤੇ ਸ੍ਰੀ ਦੁਰਗਾ ਸ਼ਕਤੀ ਮੰਦਰ ਵਿਖੇ ਸ੍ਰੀ ਗਣਪਤੀ ਜੀ ਦੀ ਵਿਸ਼ਾਲ ਮੂਰਤੀ ਸਥਾਪਿਤ ਕਰਕੇ 10 ਦਿਨ ਉਸਦੀ ਪੂਜਾ ਕੀਤੀ ਜਾਂਦੀ ਹੈ ਅਤੇ ਫਿਰ ਗਣਪਤੀ ਉਤਸਵ ਵਾਲੇ ਦਿਨ ਸਰਹਿੰਦ ਨਹਿਰ ਗੜੀ ਪੁੱਲ ਤੇ ਬੜੀ ਹੀ ਸ਼ਰਧਾ ਅਤੇ ਮਰਿਆਦਾ ਨਾਲ ਸ਼ਾਮ ਦੇ ਸਮੇਂ ਗਣਪਤੀ ਜੀ ਨੂੰ ਵਿਸਰਜਨ ਕੀਤਾ ਜਾਂਦਾ ਹੈ। ਪ੍ਰਬੰਧਕ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਸ ਦਸ ਦਿਨ ਦੌਰਾਨ ਸ਼ਾਮ ਨੂੰ ਗਣਪਤੀ ਜੀ ਦੀ ਆਰਤੀ ਕੀਤੀ ਜਾਂਦੀ ਹੈ ਅਤੇ ਹਰ ਰੋਜ਼ ਸੰਤ ਕੀਰਤਨ ਵੀ ਕੀਤਾ ਜਾਂਦਾ ਹੈ। ਗਣਪਤੀ ਜੀ ਦਾ ਆਸ਼ੀਰਵਾਦ ਲੈਣ ਪਹੁੰਚ ਰਹੀਆਂ ਸੰਗਤਾਂ ਲਈ ਤਰ੍ਹਾਂ ਤਰ੍ਹਾਂ ਦਾ ਪ੍ਰਸ਼ਾਦ ਅਤੇ ਲੰਗਰ ਵੀ ਲਗਾਇਆ ਜਾਂਦਾ ਹੈ। ਉਹਨਾਂ ਨੇ ਦੱਸਿਆ ਕਿ ਸਰਜਨ ਵਾਲੇ ਦਿਨ ਸ਼੍ਰੀ ਗਣਪਤੀ ਜੀ ਦੀ ਮੂਰਤੀ ਨੂੰ ਸਜਾ ਕੇ ਸ਼ਹਿਰ ਦੇ ਬਾਜ਼ਾਰਾਂ ਵਿੱਚੋਂ ਸੋਭਾ ਯਾਤਰਾ ਕੱਢੀ ਜਾਂਦੀ ਹੈ। ਇਸ ਦਿਨ ਸ਼ਰਧਾਲੂਆਂ ਵਿੱਚ ਬੜਾ ਹੀ ਉਤਸਾਹ ਦੇਖਣ ਨੂੰ ਮਿਲਦਾ ਹੈ ਤੇ ਗਣਪਤੀ ਪਪਾ ਮੋਰੀਆ ਦੇ ਨਾਰਿਆਂ ਨਾਲ ਪੂਰਾ ਸ਼ਹਿਰ ਗੂੰਜ ਜਾਂਦਾ ਹੈ। ਉਹਨਾਂ ਨੇ ਕਿਹਾ ਕਿ ਇਸ ਸੋਭਾ ਯਾਤਰਾ ਦੌਰਾਨ ਸ਼ਹਿਰ ਵਾਸੀਆਂ ਵੱਲੋਂ ਸੰਗਤਾਂ ਲਈ ਲੰਗਰਾਂ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਸਰਹਿੰਦ ਨਹਿਰ ਗੜੀ ਵਾਲੇ ਪੁਲ ਤੇ ਪ੍ਰਸ਼ਾਸਨ ਵੱਲੋਂ ਗਣਪਤੀ ਵਿਸਰਜਨ ਵਾਲੇ ਦਿਨ ਪੁਖਤਾ ਪ੍ਰਬੰਧ ਕੀਤੇ ਜਾਂਦੇ ਹਨ ਤਾਂ ਕਿ ਕੋਈ ਅਨਹੋਣੀ ਘਟਨਾ ਨਾ ਹੋ ਸਕੇ। ਸਰਹਿੰਦ ਨਹਿਰ ਗੜੀ ਪੁਲ ਉੱਪਰ ਵੀ ਗਣਪਤੀ ਉਤਸਵ ਨੂੰ ਲੈ ਕੇ ਬੜੀ ਹੀ ਸਜਾਵਟ ਕੀਤੀ ਜਾਂਦੀ ਹੈ। ਵੱਡੀ ਗਿਣਤੀ ਵਿੱਚ ਸ਼ਰਧਾਲੂ ਗਣਪਤੀ ਉਤਸਵ ਵਿਸਰਜਨ ਨੂੰ ਦੇਖਣ ਲਈ ਉੱਥੇ ਪਹੁੰਚਦੇ ਹਨ। ਇਸ ਤੋਂ ਇਲਾਵਾ ਸ਼ਹਿਰ ਅੰਦਰ ਸ਼੍ਰੀ ਗਣਪਤੀ ਵਿੱਚ ਆਪਣੀ ਆਸਥਾ ਰੱਖਣ ਵਾਲੇ ਸ਼ਰਧਾਲੂ ਹਰ ਸਾਲ ਆਪਣੇ ਘਰ ਵਿੱਚ ਛੋਟੀਆਂ ਛੋਟੀਆਂ ਮੂਰਤੀਆਂ ਲਿਆ ਕੇ 10 ਦਿਨ ਗਣਪਤੀ ਜੀ ਦੀ ਅਰਾਧਨਾ ਕਰਦੇ ਹਨ ਅਤੇ ਫਿਰ ਉਸਨੂੰ ਗਣਪਤੀ ਵਿਸਰਜਨ ਵਾਲੇ ਦਿਨ ਨਹਿਰ ਵਿੱਚ ਵਿਸਰਜਨ ਕਰਦੇ ਹਨ।

# ਆਮ ਜਨਤਾ ਦੀ ਸਹੂਲਤ ਲਈ ਸ਼ਹਿਰੀ ਖੇਤਰਾਂ ਵਿੱਚ 1646 ਵਾਰਡ ਕਮੇਟੀਆਂ ਗਠਿਤ ਕੀਤੀਆਂ : ਮੁੱਖ ਮੰਤਰੀ

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਜਨਤਾ ਦੀ ਸਹੂਲਤ ਅਤੇ ਸ਼ਿਕਾਇਤਾਂ ਦੇ ਹੱਲ ਲਈ ਸੂਬੇ ਦੀਆਂ ਸਾਰੀਆਂ ਸ਼ਹਿਰੀ ਸੰਸਥਾਵਾਂ ਵਿੱਚ 1646 ਵਾਰਡ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਕੋਈ ਵੀ ਵਿਅਕਤੀ ਸਫਾਈ ਅਤੇ ਕੂੜਾ ਇਕੱਠਾ ਕਰਨ ਦੇ ਸਬੰਧ ਵਿੱਚ ਇਹਨਾਂ ਵਾਰਡ ਕਮੇਟੀਆਂ ਦੇ ਵਟਸਐਪ ਨੰਬਰ ’ਤੇ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਜਿਸ ਦਾ ਸਮਾਂਬੱਧ ਹੱਲ ਕੀਤਾ ਜਾਵੇਗਾ। ਇਸੇ ਤਰ੍ਹਾਂ ਘਰ-ਘਰ ਕੂੜਾ ਚੁੱਕਣ ਵਾਲੇ ਵਾਹਨਾਂ ਦੀ ਨਿਗਰਾਨੀ ਲਈ 87 ਵਿੱਚੋਂ 83 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 4ਜੀ ਅਤੇ 5ਜੀ ਨੈਟਵਰਕ ਵਾਲੀ ਜੀਪੀਐਸ ਪ੍ਰਣਾਲੀ ਵਾਲੇ ਵਾਹਨ ਚਲਾਏ ਜਾ ਰਹੇ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਬਾਕੀ ਚਾਰ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਵੀ ਇਸ ਪ੍ਰਕਿਰਿਆ ਨੂੰ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸੂਬੇ ਦੀਆਂ ਸ਼ਹਿਰੀ ਸੰਸਥਾਵਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਸਿਸਟਮ, ਰੂਟ ਮੈਪਿੰਗ, ਮਸ਼ੀਨਰੀ ਦੀ ਉਪਲਬਧਤਾ, ਪੋਰਟਲ ਰਾਹੀਂ ਭੁਗਤਾਨ, ਵਾਰਡ ਕਮੇਟੀਆਂ ਦੇ ਗਠਨ, ਸਵੱਛਤਾ ਪੱਖਵਾੜਾ ਕੈਲੰਡਰ, ਬਲਕ ਵੇਸਟ ਜਨਰੇਟਰਜ਼ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਅਤੇ ਐਨਜੀਓ ਮੈਪਿੰਗ ਐਂਡ ਐਮਓਯੂ ਸਮੇਤ ਵੱਖ-ਵੱਖ ਵਿਸ਼ਿਆਂ ਦੀ ਸਮੀਖਿਆ ਕਰ ਰਹੇ ਸਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸ਼ਹਿਰਾਂ ਵਿੱਚ ਸਫਾਈ ਵਿਵਸਥਾ ਨੂੰ ਹੋਰ ਪ੍ਰਭਾਵੀ ਅਤੇ ਜਵਾਬਦੇਹ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਪਿਛਲੀਆਂ ਮੀਟਿੰਗਾਂ ਵਿੱਚ ਦਿੱਤੇ ਗਏ ਨਿਰਦੇਸ਼ਾਂ ਅਤੇ ਸੀਐਮਜੀਜੀਏ ਦੀਆਂ ਸਿਫਾਰਸ਼ਾਂ ’ਤੇ ਕੀਤੀ ਗਈ ਕਾਰਵਾਈ ਦੀ ਵੀ ਸਮੀਖਿਆ ਕੀਤੀ ਗਈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਘਰ-ਘਰ ਕੂੜਾ ਇਕੱਠਾ ਕਰਨ ਲਈ ਰੂਟ ਮੈਪਿੰਗ ਦੀ ਸਥਿਤੀ ਦੀ ਵੀ ਸਮੀਖਿਆ ਕੀਤੀ। ਸ਼ਹਿਰੀ ਸਥਾਨਕ ਨਿਗਮ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ਼੍ਰੀ ਅਸ਼ੋਕ ਕੁਮਾਰ ਮੀਣਾ ਨੇ ਦੱਸਿਆ ਕਿ ਜੂਨ ਵਿੱਚ ਜਿੱਥੇ ਸੂਬੇ ਦੀਆਂ 87 ਵਿੱਚੋਂ ਸਿਰਫ 28 ਸ਼ਹਿਰੀ ਸਥਾਨਕ ਸਰਕਾਰਾਂ ਵਿੱਚ 100% ਰੂਟ ਮੈਪਿੰਗ ਦਾ ਕੰਮ ਪੂਰਾ ਹੋਇਆ ਸੀ, ਉੱਥੇ ਹੀ 20 ਸਤੰਬਰ ਤੱਕ ਇਹ ਗਿਣਤੀ ਵਧ ਕੇ 66 ਹੋ ਗਈ ਹੈ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਹਰੇਕ ਵਾਰਡ ਦੇ ਰੂਟ ਮੈਪਿੰਗ ਵਿੱਚ ਸਬੰਧਤ ਕੂੜਾ ਇਕੱਠਾ ਕਰਨ ਵਾਲਾ ਵਾਹਨ, ਉਸ ਦਾ ਸਮਾਂ ਅਤੇ ਡਰਾਈਵਰ ਦਾ ਸੰਪਰਕ ਨੰਬਰ ਸ਼ਾਮਲ ਕੀਤਾ ਜਾਵੇ। ਇਹ ਜਾਣਕਾਰੀ ਸਬੰਧਤ ਵਾਰਡ ਕਮੇਟੀ ਦੇ ਵਟਸਐਪ ਗਰੁੱਪ ਵਿੱਚ ਸਾਂਝੀ ਕੀਤੀ ਜਾਵੇ, ਤਾਂ ਜੋ ਘਰ-ਘਰ ਕੂੜਾ ਇਕੱਠਾ ਕਰਨ ਦੀ ਵਿਵਸਥਾ ਦੀ ਪ੍ਰਭਾਵੀ ਨਿਗਰਾਨੀ ਹੋ ਸਕੇ।

# ਜਨਗਣਨਾ 2027 ਲਈ ਪੰਜਾਬ ਤਿਆਰ-ਬਰ-ਤਿਆਰ; ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਦੂਜੇ ਪੜਾਅ ਦੀਆਂ ਤਿਆਰੀਆਂ ਸਬੰਧੀ ਮੁੱਖ ਜਨਗਣਨਾ ਅਧਿਕਾਰੀਆਂ ਦੀ ਸੂਬਾ-ਪੱਧਰੀ ਕਾਨਫਰੰਸ ਦੀ ਕੀਤੀ ਪ੍ਰਧਾਨਗੀ



**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਗਣਨਾ -2027 ਦੇ ਦੂਜੇ ਪੜਾਅ ਸਬੰਧੀ ਤਿਆਰੀਆਂ ਅਤੇ ਕਾਰਜ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਚੰਡੀਗੜ੍ਹ ਵਿਖੇ ਪੰਜਾਬ ਦੇ ਮੁੱਖ ਸਕੱਤਰ ਸ਼੍ਰੀ ਕੇ.ਏ.ਪੀ. ਸਿਨਹਾ ਦੀ ਪ੍ਰਧਾਨਗੀ ਹੇਠ ਪ੍ਰਮੁੱਖ ਜਨਗਣਨਾ ਅਧਿਕਾਰੀਆਂ (ਪੀ.ਸੀ.ਓਜ਼) ਲਈ ਇੱਕ-ਰੋਜ਼ਾ ਕਾਨਫਰੰਸ ਕਰਵਾਈ ਗਈ।

ਇਸ ਕਾਨਫਰੰਸ ਵਿੱਚ ਸੂਬਾ ਪੱਧਰੀ ਜਨਗਣਨਾ ਤਾਲਮੇਲ ਕਮੇਟੀ (ਐਸ.ਐਲ.ਸੀ.ਸੀ.ਸੀ.) ਦੇ ਮੈਂਬਰਾਂ, ਡਿਵੀਜ਼ਨਲ ਕਮਿਸ਼ਨਰਾਂ ਅਤੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ, ਜਿਨ੍ਹਾਂ ਵਿੱਚ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ ਨਗਰ ਨਿਗਮਾਂ ਦੇ ਕਮਿਸ਼ਨਰ ਸ਼ਾਮਲ ਸਨ, ਨੇ ਹਿੱਸਾ ਲਿਆ।

ਮੀਟਿੰਗ ਦੇ ਸ਼ੁਰੂ ਵਿੱਚ, ਪੰਜਾਬ ਦੇ ਜਨਗਣਨਾ ਕਾਰਜਾਂ ਦੀ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਮੁੱਖ ਸਕੱਤਰ, ਐਸ.ਐਲ.ਸੀ.ਸੀ.ਸੀ. ਦੇ ਮੈਂਬਰਾਂ, ਡਿਵੀਜ਼ਨਲ ਕਮਿਸ਼ਨਰਾਂ ਅਤੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਦਾ ਸਵਾਗਤ ਕੀਤਾ।

ਇਸ ਕਾਨਫਰੰਸ ਵਿੱਚ ਜਨਗਣਨਾ 2027 ਦੇ ਦੂਜੇ ਪੜਾਅ ਦੇ ਮੁੱਖ ਪਹਿਲੂਆਂ ਬਾਰੇ ਵਿਆਪਕ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਆਬਾਦੀ ਦੀ ਗਣਨਾ ਲਈ ਤਿਆਰੀ, ਗਣਨਾ ਬਲਾਕ (ਈ.ਬੀ.) ਦੀ ਅੰਤਿਮ ਰੂਪ-ਰੇਖਾ, ਮਨੁੱਖੀ ਸਰੋਤਾਂ ਦੀ ਯੋਜਨਾਬੰਦੀ, ਸਿਖਲਾਈ ਅਤੇ ਤਾਇਨਾਤੀ, ਪੀ.ਈ. ਪ੍ਰਸ਼ਨਾਵਲੀ, ਡਿਜੀਟਲ ਸਾਧਨ, ਸਵੈ-ਗਿਣਤੀ, ਮੀਡੀਆ ਅਤੇ ਪ੍ਰਚਾਰ, ਖੇਤਰੀ ਪੱਧਰ 'ਤੇ ਤਿਆਰੀ ਅਤੇ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਸ਼ਾਮਲ ਸਨ।

ਜਨਗਣਨਾ ਨੂੰ ਨਿਰਧਾਰਤ ਸਮੇਂ ਦੇ ਅੰਦਰ ਸੁਚਾਰੂ, ਸਮੇਂ ਸਿਰ ਅਤੇ ਸਹੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਕਾਰਜਸ਼ੀਲ ਅਤੇ ਤਕਨੀਕੀ ਪਹਿਲੂਆਂ 'ਤੇ ਵਿਸਥਾਰਤ ਪੇਸ਼ਕਾਰੀਆਂ ਦਿੱਤੀਆਂ ਗਈਆਂ। ਮੁੱਖ ਸਕੱਤਰ ਨੇ ਜਨਗਣਨਾ ਨੂੰ ਇੱਕ ਕੌਮੀ ਅਭਿਆਸ ਵਜੋਂ ਦਰਸਾਉਂਦਿਆਂ ਕਿਹਾ ਕਿ ਜਨਗਣਨਾ ਦੇਸ਼ ਦੁਆਰਾ ਕੀਤੇ ਗਏ ਸਭ ਤੋਂ ਮਹੱਤਵਪੂਰਨ ਕੌਮੀ ਅਭਿਆਸਾਂ ਵਿੱਚੋਂ ਇੱਕ ਹੈ ਅਤੇ ਸ਼ਾਸਨ, ਯੋਜਨਾਬੰਦੀ, ਨੀਤੀ ਨਿਰਮਾਣ ਅਤੇ ਜਨਤਕ ਸੇਵਾਵਾਂ ਦੀ ਸਪੁਰਦਗੀ ਵਿੱਚ ਵਰਤੀ ਜਾਣ ਵਾਲੀ ਜਨਸੰਖਿਆਕ ਅਤੇ ਸਮਾਜਿਕ-ਆਰਥਿਕ ਜਾਣਕਾਰੀ ਦਾ ਇੱਕ ਅਹਿਮ ਆਧਾਰ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਨਗਣਨਾ ਦੀ ਸਫ਼ਲਤਾ ਲਈ ਨਾ ਸਿਰਫ਼ ਸੁਚੱਜੀ ਪ੍ਰਸ਼ਾਸਕੀ ਤਿਆਰੀ ਦੀ ਲੋੜ ਹੁੰਦੀ ਹੈ, ਸਗੋਂ ਹਰ ਪੱਧਰ 'ਤੇ ਵਚਨਬੱਧਤਾ, ਤਾਲਮੇਲ ਅਤੇ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ ਦੀ ਵੀ ਲੋੜ ਹੁੰਦੀ ਹੈ। ਉਨ੍ਹਾਂ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਇਸ ਅਭਿਆਸ ਨੂੰ ਸਭ ਤੋਂ ਵੱਧ ਤਰਜੀਹ ਦੇਣ ਅਤੇ ਪੂਰੀ ਸਮਰਪਣ ਅਤੇ ਜਵਾਬਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਕਿਹਾ।

ਮੁੱਖ ਸਕੱਤਰ ਨੇ ਅੱਗੇ ਕਿਹਾ ਕਿ ਜਨਗਣਨਾ ਪ੍ਰਕਿਰਿਆ ਦੇ ਹਰ ਪੜਾਅ ਨੂੰ ਧਿਆਨ ਨਾਲ ਯੋਜਨਾਬੱਧ, ਨੇੜਿਓਂ ਨਿਗਰਾਨੀ ਅਤੇ ਨਿਰਧਾਰਤ ਸਮਾਂ-ਸੀਮਾਵਾਂ ਦੇ ਅੰਦਰ ਪੂਰਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮਾਂ ਅਤੇ ਸਾਰੇ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤਾਂ ਜੋ ਜਨਗਣਨਾ ਅਭਿਆਸ ਦੀ ਦਰੁਸਤਗੀ, ਗੁਣਵੱਤਾ ਅਤੇ ਭਰੋਸੇਯੋਗਤਾ ਨੂੰ ਬਣਾਈ ਰੱਖਿਆ ਜਾ ਸਕੇ।

ਉਨ੍ਹਾਂ ਨੇ ਪੀ.ਸੀ.ਓਜ਼ ਨੂੰ ਸਮੁੱਚੀ ਫੀਲਡ ਮਸ਼ੀਨਰੀ ਦੀ ਪ੍ਰਭਾਵੀ ਅਗਵਾਈ ਕਰਨ ਦਾ ਸੱਦਾ ਦਿੱਤਾ, ਤਾਂ ਜਨਗਣਨਾ ਦੇ ਸਾਰੇ ਕਰਮਚਾਰੀਆਂ ਨੂੰ ਢੁਕਵੀਂ ਸਿਖਲਾਈ ਦਿੱਤੀ ਜਾਵੇ, ਉਨ੍ਹਾਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਜਾਗਰੂਕ ਕੀਤਾ ਜਾਵੇ ਅਤੇ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫੀਲਡ ਕਾਰਜਾਂ ਨੂੰ ਸ਼ੁਰੂ ਕਰਨਾ ਯਕੀਨੀ ਬਣਾਇਆ ਜਾ ਸਕੇ।

ਦੇਸ਼ ਲਈ 'ਜਨਗਣਨਾ 2027' ਦੀ ਮਹੱਤਤਾ ਨੂੰ ਉਜਾਗਰ ਕਰਦਿਆਂ, ਮੁੱਖ ਸਕੱਤਰ ਨੇ ਕਿਹਾ ਕਿ ਸੂਬੇ ਵਿੱਚ ਇਸ ਪ੍ਰਕਿਰਿਆ ਨੂੰ ਸਫਲਤਾਪੂਰਵਕ ਅਤੇ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਪੰਜਾਬ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਾਰੇ ਪੀ.ਸੀ.ਓਜ਼ ਨੂੰ ਅਪੀਲ ਕੀਤੀ ਕਿ ਉਹ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਜਨਗਣਨਾ ਦੀਆਂ ਤਿਆਰੀਆਂ ਅਤੇ ਅਮਲ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਅਤੇ ਇਹ ਕਾਰਜ ਪੂਰੀ ਲਗਨ, ਸ਼ੁੱਧਤਾ, ਸੰਪੂਰਨਤਾ ਅਤੇ ਜ਼ਿੰਮੇਵਾਰੀ ਦੇ ਉੱਚਤਮ ਮਿਆਰਾਂ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ।

ਰਾਜ ਨੋਡਲ ਅਧਿਕਾਰੀ ਨੇ ਭਾਗ ਲੈਣ ਵਾਲਿਆਂ ਨੂੰ ਦੂਜੇ ਪੜਾਅ ਲਈ ਪ੍ਰਸ਼ਾਸਨਿਕ ਅਤੇ ਤਾਲਮੇਲ ਢਾਂਚੇ ਬਾਰੇ ਜਾਣਕਾਰੀ ਦਿੱਤੀ ਅਤੇ ਹਰ ਪੜਾਅ 'ਤੇ ਜਨਗਣਨਾ ਦੇ ਦਿਸ਼ਾ-ਨਿਰਦੇਸ਼ਾਂ, ਨਿਰਧਾਰਤ ਪ੍ਰਕਿਰਿਆਵਾਂ ਅਤੇ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਪੀ.ਸੀ.ਓਜ਼ ਨੂੰ ਸੰਬੋਧਨ ਕਰਦਿਆਂ ਸਟੇਟ ਨੋਡਲ ਅਫ਼ਸਰ ਨੇ ਕਿਹਾ ਕਿ ਤਿਆਰੀ ਦੇ ਪੜਾਅ ਤੋਂ ਹੀ ਨਿਰੰਤਰ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ, ਜਿਸ ਵਿੱਚ ਗਣਨਾ ਬਲਾਕਾਂ ਅਤੇ ਮਨੁੱਖੀ ਸਰੋਤਾਂ ਨੂੰ ਅੰਤਿਮ ਰੂਪ ਦੇਣਾ, ਸਿਖਲਾਈ, ਫੀਲਡ ਕਰਮਚਾਰੀਆਂ ਦੀ ਤਾਇਨਾਤੀ ਅਤੇ ਫੀਲਡ ਕਾਰਜ ਸ਼ਾਮਲ ਹਨ।

ਪੀ.ਸੀ.ਓਜ਼ ਨੂੰ ਜ਼ਿਲ੍ਹਾ ਅਤੇ ਚਾਰਜ ਪੱਧਰ 'ਤੇ ਪ੍ਰਭਾਵੀ ਸਮੀਖਿਆ ਅਤੇ ਨਿਗਰਾਨੀ ਪ੍ਰਣਾਲੀ ਸਥਾਪਤ ਕਰਨ ਦੀ ਸਲਾਹ ਦਿੱਤੀ ਗਈ, ਜਿਸ ਵਿੱਚ ਨਿਰੰਤਰ ਨਿਗਰਾਨੀ ਅਤੇ ਕਾਰਜਸ਼ੀਲ ਮੁੱਦਿਆਂ ਦੇ ਸਮੇਂ ਸਿਰ ਨਿਪਟਾਰੇ 'ਤੇ ਧਿਆਨ ਦੇਣ ਲਈ ਕਿਹਾ ਗਿਆ। ਅੰਤਰ-ਵਿਭਾਗੀ ਤਾਲਮੇਲ ਅਤੇ ਤਿਆਰੀਆਂ ਦੇ ਨਿਯਮਤ ਮੁਲਾਂਕਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਤਾਂ ਜੋ ਫੀਲਡ ਕਾਰਜ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਿਸੇ ਵੀ ਕਮੀ ਬਾਰੇ ਜਾਣ ਕੇ ਇਸ ਨੂੰ ਦੂਰ ਕੀਤਾ ਜਾ ਸਕੇ।

ਸਟੇਟ ਨੋਡਲ ਅਫਸਰ ਨੇ ਅੱਗੇ ਕਿਹਾ ਕਿ ਜਨਗਣਨਾ ਮਸ਼ੀਨਰੀ ਦੇ ਹਰ ਪੱਧਰ ਨੂੰ ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਬਾਰੇ ਪੂਰੀ ਸਪੱਸ਼ਟਤਾ ਹੋਣੀ ਚਾਹੀਦੀ ਹੈ ਅਤੇ ਸਾਰੀਆਂ ਗਤੀਵਿਧੀਆਂ ਨੂੰ ਪ੍ਰਵਾਨਿਤ ਜਨਗਣਨਾ ਪ੍ਰਕਿਰਿਆਵਾਂ ਪੂਰੀ ਸਖ਼ਤੀ ਅਤੇ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਣਾ ਚਾਹੀਦਾ ਹੈ।

ਪੀ.ਸੀ.ਓ. ਨੂੰ ਤਾਕੀਦ ਕੀਤੀ ਗਈ ਕਿ ਉਹ ਤਿਆਰੀ ਦੇ ਸ਼ੁਰੂਆਤੀ ਪੜਾਅ ਤੋਂ ਫੀਲਡ ਕਾਰਜਾਂ ਦੇ ਮੁਕੰਮਲ ਹੋਣ ਤੱਕ ਨੇੜਿਓਂ ਨਜ਼ਰਸਾਨੀ ਬਰਕਰਾਰ ਰੱਖਣ ਅਤੇ ਜਿੱਥੇ ਵੀ ਲੋੜ ਹੋਵੇ ਪੂਰੇ ਤਾਲਮੇਲ ਨਾਲ ਸਮੇਂ ਸਿਰ ਸੁਧਾਰਾਤਮਕ ਕਾਰਵਾਈ ਨੂੰ ਯਕੀਨੀ ਬਣਾਉਣ।

ਡਾਇਰੈਕਟਰ ਜਨਗਣਨਾ ਸੰਚਾਲਨ ਵੱਲੋਂ ਪੜਾਅ-2 ਦੀ ਤਿਆਰੀ, ਈ.ਬੀ. ਨੂੰ ਅੰਤਿਮ ਰੂਪ ਦੇਣ, ਐਚ.ਆਰ. ਯੋਜਨਾਬੰਦੀ ਅਤੇ ਸਿਖਲਾਈ ਬਾਰੇ:

ਜਨਗਣਨਾ ਸੰਚਾਲਨ, ਪੰਜਾਬ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਭਾਗ ਲੈਣ ਵਾਲਿਆਂ ਨੂੰ ਜਨਗਣਨਾ 2027 ਦੇ ਪੜਾਅ-2 ਲਈ ਸਮਾਂ-ਸਾਰਣੀ ਅਤੇ ਮੁੱਖ ਸੰਚਾਲਨ ਲੋੜਾਂ ਤੋਂ ਜਾਣੂ ਕਰਵਾਇਆ। ਇਸ ਤੋਂ ਇਲਾਵਾ ਵੱਖ-ਵੱਖ ਮਾਪਦੰਡਾਂ 'ਤੇ 40 ਪ੍ਰਸ਼ਨਾਂ ਵਾਲੀ ਪੀ.ਈ. ਪ੍ਰਸ਼ਨਾਵਲੀ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।

ਪੜਾਅ-2 - ਜਨਸੰਖਿਆ ਗਿਣਤੀ ਲਈ ਸਮਾਂ-ਸੀਮਾ -

ਸਵੈ-ਗਣਨਾ : 16 ਨਵੰਬਰ, 2026 ਤੋਂ 30 ਨਵੰਬਰ, 2026

ਪੜਾਅ-2: 1 ਦਸੰਬਰ, 2026 ਤੋਂ 4 ਜਨਵਰੀ, 2027

ਸੋਧ ਲਈ : 5 ਜਨਵਰੀ, 2027 ਤੋਂ 9 ਜਨਵਰੀ, 2027

ਰੈਫ਼ਰੈਂਸ ਮਿਤੀ: 5 ਜਨਵਰੀ, 2027 ਨੂੰ ਦਿਨ ਦੇ 00:00 ਘੰਟੇ (ਅੱਧੀ ਰਾਤ)ਵਜੇ

ਡਾਇਰੈਕਟਰ, ਜਨਗਣਨਾ ਨੇ ਜਨਗਣਨਾ- 2027 ਦੇ ਮੁੱਖ ਤਕਨੀਕੀ ਅਤੇ ਸੰਚਾਲਨ ਪਹਿਲੂਆਂ 'ਤੇ ਇੱਕ ਵਿਸਥਾਰਿਤ ਪੇਸ਼ਕਾਰੀ ਵੀ ਦਿੱਤੀ, ਜਿਸ ਵਿੱਚ ਪੜਾਅ-2 ਦੀ ਸੰਖੇਪ ਜਾਣਕਾਰੀ, ਗਿਣਤੀ ਬਲਾਕ (ਈਬੀ) ਦਾ ਗਠਨ, ਮਨੁੱਖੀ ਸਰੋਤ ਯੋਜਨਾਬੰਦੀ ਅਤੇ ਤਰਕਸੰਗਤੀਕਰਨ, ਸਿਖਲਾਈ ਪ੍ਰਕਿਰਿਆ, ਸਵੈ-ਗਣਨਾ, ਡਿਜੀਟਲ ਸਾਧਨ, ਬਜਟ ਅਤੇ ਮੀਡੀਆ ਤੇ ਪ੍ਰਚਾਰ ਸ਼ਾਮਲ ਸਨ। ਉਨ੍ਹਾਂ ਨੇ ਹਰੇਕ ਕੰਪੋਨੈਂਟ ਲਈ ਤਿਆਰੀ ਸਬੰਧੀ ਲੋੜਾਂ ਅਤੇ ਲਾਗੂ ਕਰਨ ਦੇ ਢਾਂਚੇ ਬਾਰੇ ਵਿਆਪਕ ਦਿਸ਼ਾ-ਨਿਰਦੇਸ਼ ਦਿੱਤੇ, ਜਿਸ ਵਿੱਚ ਤਾਲਮੇਲ ਅਧਾਰਤ ਯੋਜਨਾਬੰਦੀ, ਸਮੇਂ ਸਿਰ ਅਮਲ, ਤਕਨਾਲੋਜੀ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਮਰਦੁਮਸ਼ੁਮਾਰੀ ਨੂੰ ਸਫਲ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਮਜ਼ਬੂਤ ਤਿਆਰੀ 'ਤੇ ਜ਼ੋਰ ਦਿੱਤਾ ਗਿਆ।

ਡਾ. ਨਵਜੋਤ ਖੋਸਾ ਨੇ ਕਿਹਾ ਕਿ ਪ੍ਰਭਾਵੀ ਅਗਵਾਈ, ਨੇੜਲੀ ਨਿਗਰਾਨੀ ਅਤੇ ਬਾਰੀਕੀ ਨਾਲ ਕੀਤੀ ਗਈ ਤਿਆਰੀ ਜਨਗਣਨਾ ਦੇ ਪੜਾਅ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਮੁੱਖ ਆਧਾਰ ਹੋਣਗੇ। ਉਨ੍ਹਾਂ ਨੇ ਜਨਗਣਨਾ ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਭਾਵਸ਼ਾਲੀ, ਤਾਲਮੇਲ ਭਰਪੂਰ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਜ਼ਿਲ੍ਹਾ-ਪੱਧਰੀ ਮੁੱਖ ਅਧਿਕਾਰੀਆਂ ਵਜੋਂ ਪੀਸੀਓਜ਼ ਦੀ ਵਡਮੁੱਲੀ ਭੂਮਿਕਾ ਉਜਾਗਰ ਕੀਤੀ।

ਉਨ੍ਹਾਂ ਨੇ ਸਾਰੀਆਂ ਤਿਆਰੀ-ਸਬੰਧੀ ਗਤੀਵਿਧੀਆਂ, ਖਾਸ ਕਰਕੇ ਗਣਨਾ ਬਲਾਕਾਂ ਨੂੰ ਅੰਤਿਮ ਰੂਪ ਦੇਣ, ਮਨੁੱਖੀ ਸਰੋਤ ਯੋਜਨਾਬੰਦੀ ਅਤੇ ਜਨਗਣਨਾ ਅਮਲੇ ਦੀ ਤਾਇਨਾਤੀ ਸਬੰਧੀ ਅਮਲ ਨੂੰ ਸਮੇਂ ਸਿਰ ਪੂਰਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਜ਼ਮੀਨੀ ਪੱਧਰ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਲੋੜੀਂਦੇ ਅਤੇ ਢੁਕਵੀਂ ਸਿਖਲਾਈ ਪ੍ਰਾਪਤ ਕਰਮਚਾਰੀਆਂ ਦੀ ਪਹਿਲਾਂ ਤੋਂ ਉਪਲਬਧਤਾ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ।

ਡਾਇਰੈਕਟਰ ਨੇ ਸਿਖਲਾਈ ਪ੍ਰਕਿਰਿਆ ਦੀ ਮਹੱਤਤਾ ਬਾਰੇ ਦੱਸਿਆ ਜਿਸ ਵਿੱਚ ਫੀਲਡ ਟ੍ਰੇਨਿੰਗ (ਐਫਟੀ) ਨੂੰ ਸਮੇਂ ਸਿਰ ਪੂਰਾ ਕਰਨਾ ਸ਼ਾਮਲ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤਾਇਨਾਤੀ ਤੋਂ ਪਹਿਲਾਂ ਸਾਰੇ ਕਰਮਚਾਰੀ ਚੰਗੀ ਤਰ੍ਹਾਂ ਜਾਣੂ ਹੋਣ ਅਤੇ ਉਨ੍ਹਾਂ ਆਪਣੀਆਂ ਭੂਮਿਕਾਵਾਂ, ਜ਼ਿੰਮੇਵਾਰੀਆਂ, ਪ੍ਰਕਿਰਿਆਵਾਂ ਅਤੇ ਡਿਜੀਟਲ ਸਾਧਨਾਂ ਬਾਰੇ ਸਪੱਸ਼ਟ ਜਾਣਕਾਰੀ ਹੋਵੇ।

ਉਨ੍ਹਾਂ ਨੇ ਹਰ ਪੱਧਰ 'ਤੇ ਮਜ਼ਬੂਤ ਨਿਗਰਾਨੀ ਪ੍ਰਣਾਲੀਆਂ ਅਤੇ ਨਜ਼ਦੀਕੀ ਨਿਗਰਾਨੀ ਦੇ ਪ੍ਰਬੰਧਾਂ ਦੀ ਲੋੜ 'ਤੇ ਜ਼ੋਰ ਦਿੱਤਾ, ਅਤੇ ਨਾਲ ਹੀ ਸੰਚਾਲਨ ਸੰਬੰਧੀ ਮੁੱਦਿਆਂ ਦੀ ਸਮੇਂ ਸਿਰ ਰਿਪੋਰਟਿੰਗ, ਨਿਗਰਾਨੀ ਅਤੇ ਹੱਲ ਲਈ ਡਿਜੀਟਲ ਸਾਧਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਦੀ ਲੋੜ ਨੂੰ ਵੀ ਉਜਾਗਰ ਕੀਤਾ।

ਇਸ ਦੌਰਾਨ ਔਖੀ ਪਹੁੰਚ ਵਾਲੇ, ਮੁਸ਼ਕਲ ਅਤੇ ਸੰਵੇਦਨਸ਼ੀਲ ਖੇਤਰਾਂ ਨੂੰ ਪੂਰੀ ਤਰ੍ਹਾਂ ਕਵਰ ਕਰਨ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਡਾਇਰੈਕਟਰ ਨੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ (ਪੀਸੀਓਜ਼) ਨੂੰ ਅਜਿਹੇ ਖੇਤਰਾਂ ਦੀ ਪਹਿਲਾਂ ਤੋਂ ਪਛਾਣ ਕਰਨ ਅਤੇ ਉਨ੍ਹਾਂ ਦੀ ਵਿਆਪਕ ਕਵਰੇਜ ਨੂੰ ਯਕੀਨੀ ਬਣਾਉਣ ਤੇ ਸਹੀ ਦਸਤਾਵੇਜ਼ੀਕਰਨ ਲਈ ਢੁਕਵੇਂ ਖੇਤਰੀ ਅਤੇ ਨਿਗਰਾਨੀ ਪ੍ਰਬੰਧ ਕਰਨ ਲਈ ਕਿਹਾ।

ਡਾਇਰੈਕਟਰ ਨੇ ਜਨਤਕ ਜਾਗਰੂਕਤਾ ਅਤੇ 'ਸਵੈ-ਗਣਨਾ' ਦੇ ਪ੍ਰਭਾਵਸ਼ਾਲੀ ਪ੍ਰਚਾਰ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਜਨਗਣਨਾ ਪ੍ਰਕਿਰਿਆ ਬਾਰੇ ਜਾਗਰੂਕ ਕਰਨ, ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ 'ਸਵੈ-ਗਣਨਾ' ਸਹੂਲਤ ਦੀ ਪ੍ਰਭਾਵਸ਼ਾਲੀ ਵਰਤੋਂ ਨੂੰ ਸੁਖਾਲਾ ਬਣਾਉਣ ਲਈ ਜ਼ਿਲ੍ਹਾ ਅਤੇ ਖੇਤਰੀ ਪੱਧਰ 'ਤੇ ਤਾਲਮੇਲ ਵਾਲੇ ਯਤਨਾਂ ਦੀ ਮੰਗ ਕੀਤੀ।

ਪੀਸੀਓਜ਼ ਨੂੰ ਜਨਗਣਨਾ ਅਮਲੇ ਨੂੰ ਸਮੇਂ ਸਿਰ ਅੰਤਿਮ ਰੂਪ ਦੇਣ, ਸਿਖਲਾਈ ਪ੍ਰਬੰਧਾਂ, ਖੇਤਰੀ ਤਿਆਰੀ, ਅੰਤਰ-ਵਿਭਾਗੀ ਤਾਲਮੇਲ, ਖੇਤਰੀ ਕਾਰਜਾਂ ਦੀ ਨਿਗਰਾਨੀ, 'ਸਵੈ-ਗਣਨਾ' ਦੇ ਪ੍ਰਚਾਰ ਅਤੇ ਜ਼ਿਲ੍ਹਾ ਤੇ ਚਾਰਜ ਪੱਧਰ 'ਤੇ ਸੰਚਾਲਨ ਸਬੰਧੀ ਮੁੱਦਿਆਂ ਦੇ ਹੱਲ ਸਬੰਧੀ ਉਨ੍ਹਾਂ ਦੀਆਂ ਮੁੱਖ ਜ਼ਿੰਮੇਵਾਰੀਆਂ ਬਾਰੇ ਵੀ ਜਾਣੂ ਕਰਵਾਇਆ ਗਿਆ।

ਕਾਨਫਰੰਸ ਦੀ ਸਮਾਪਤੀ ਅਗਲੀ ਰਣਨੀਤੀ ਬਾਰੇ ਵਿਸਤ੍ਰਿਤ ਚਰਚਾ ਨਾਲ ਹੋਈ, ਜਿਸ ਦੌਰਾਨ ਬਿਨਾਂ ਕਿਸੇ ਖੁੰਝੇ ਜਾਂ ਦੁਹਰਾਓ ਦੇ ਪੂਰੀ ਕਵਰੇਜ ਯਕੀਨੀ ਬਣਾਉਣ ਅਤੇ ਪੰਜਾਬ ਵਿੱਚ ਜਨਗਣਨਾ- 2027 ਦੇ ਦੂਜੇ ਪੜਾਅ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਸਾਰੇ ਭਾਈਵਾਲਾਂ ਵੱਲੋਂ ਤਾਲਮੇਲ ਭਰਪੂਰ, ਸਮਾਂ-ਬੱਧ ਅਤੇ ਜਵਾਬਦੇਹ ਕਾਰਵਾਈ 'ਤੇ ਜ਼ੋਰ ਦਿੱਤਾ ਗਿਆ।

ਮੁੱਖ ਸਕੱਤਰ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਖੇਤਰੀ ਪੱਧਰ ਦੇ ਅਧਿਕਾਰੀਆਂ/ਕਰਮਚਾਰੀਆਂ ਦੁਆਰਾ ਸਮੂਹਿਕ ਜ਼ਿੰਮੇਵਾਰੀ, ਨੇੜਲੇ ਤਾਲਮੇਲ ਅਤੇ ਨਿਰੰਤਰ ਨਿਗਰਾਨੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਤਿਆਰੀਆਂ ਦੀ ਨਿੱਜੀ ਤੌਰ 'ਤੇ ਅਗਵਾਈ ਅਤੇ ਨੇੜਿਓਂ ਨਜ਼ਰਸਾਨੀ ਕਰਨ ਅਤੇ ਹਰ ਪੜਾਅ ਨੂੰ ਸਮਰਪਣ, ਜ਼ਿੰਮੇਵਾਰੀ, ਸੁਹਿਰਦਤਾ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਕਿਹਾ।

# ਜੱਸੋਵਾਲ ਦੰਗਲ ਮੇਲੇ ਵਿੱਚ ਝੰਡੀ ਦੀ ਕੁਸ਼ਤੀ ਲੱਕੀ ਗਰਚਾ ਤੇ ਸੁੱਖ ਮੰਡ ਚੌਂਤਾ ਵਿਚਕਾਰ ਰਹੀ ਬਰਾਬਰ



**ਮਾਛੀਵਾੜਾ ਸਾਹਿਬ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਜੱਸੋਵਾਲ ਵਿਖੇ ਧੰਨ ਧੰਨ ਬਾਬਾ ਗੁੱਗਾ ਜਾਹਰ ਵੀਰ ਦੀ ਯਾਦ ਵਿੱਚ ਸਲਾਨਾ ਦੰਗਲ ਮੇਲਾ ਕਰਵਾਇਆ ਗਿਆ। ਇਸ ਦੰਗਲ ਮੇਲੇ ਵਿੱਚ ਝੰਡੀ ਦੀ ਇੱਕ ਨੰਬਰ ਕੁਸ਼ਤੀ ਲੱਕੀ ਗਰਚਾ ਅਤੇ ਸੁੱਖ ਮੰਡ ਚੌਂਤਾ ਵਿਚਕਾਰ ਕਰਵਾਈ ਗਈ।

ਤਕਰੀਬਨ 20 ਮਿੰਟ ਚੱਲੀ ਇਸ ਕੁਸ਼ਤੀ ਵਿੱਚ ਕੋਈ ਭਲਵਾਨ ਇੱਕ ਦੂਜੇ ਨੂੰ ਚਿੱਤ ਨਾ ਕਰ ਸਕਿਆ ਜਿਸ ਤੇ ਇਹ ਕੁਸ਼ਤੀ ਬਰਾਬਰ ਰਹੀ। ਝੰਡੀ ਦੀ ਦੂਜੀ ਕੁਸ਼ਤੀ ਲਾਲੀ ਮੰਡ ਚੌਂਤਾ ਅਤੇ ਬਾਜ਼ ਮਾਛੀਵਾੜਾ ਵਿਚਕਾਰ ਹੋਈ ਤੇ ਇਹ ਕੁਸ਼ਤੀ ਵੀ ਬਰਾਬਰ ਰਹੀ। ਪ੍ਰਬੰਧਕਾਂ ਵੱਲੋਂ ਦਾਨੀ ਸੱਜਣਾਂ ਨੂੰ ਸਿਰੋਪਾਓ ਅਤੇ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਰਾਸ਼ੀ ਅਤੇ ਦੇਸੀ ਘਿਓ ਦੇ ਕੇ ਸਨਮਾਨਿਤ ਕੀਤਾ। ਇਸ ਦੰਗਲ ਮੇਲੇ ਲਈ ਦਾਨੀ ਸੱਜਣ ਪਵਨਦੀਪ ਸਿੰਘ ਤੇ ਆਕਾਸ਼ਦੀਪ ਸਿੰਘ ਯੂਐਸਏ ਪੁੱਤਰ ਅਮਰੀਕ ਸਿੰਘ ਵੱਲੋਂ 31000, ਅਵਤਾਰ ਸਿੰਘ ਪ੍ਰੋਪਰਟੀ ਡੀਲਰ ਵੱਲੋਂ ਸੋਨੇ ਦੀ ਮੁੰਦਰੀ, ਅਭੀ ਰਾਜ ਸਿੰਘ ਪੁੱਤਰ ਲਖਵਿੰਦਰ ਸਿੰਘ ਵੱਲੋਂ 5100, ਜਗਦੇਵ ਸਿੰਘ ਸਾਬਕਾ ਸਰਪੰਚ ਵੱਲੋਂ 3100, ਬਹਾਦਰ ਸਿੰਘ ਪੀਪੀ ਵੱਲੋਂ 3100, ਮਨਪ੍ਰੀਤ ਸਿੰਘ ਰਾਜਵੀਰ ਸਿੰਘ ਗੁਰਬਾਜ ਸਿੰਘ ਪੋਤਰੇ ਜੇਠਾ ਸਿੰਘ ਵੱਲੋਂ 5100, ਕੰਵਲਦੀਪ ਸਿੰਘ ਯੂਐਸਏ ਵੱਲੋਂ 3100, ਜੰਗਸ਼ੇਰ ਸਿੰਘ ਪੁੱਤਰ ਮਲਕੀਤ ਸਿੰਘ ਵੱਲੋਂ 5100, ਸਾਹਿਲਪ੍ਰੀਤ ਸਿੰਘ ਪੁੱਤਰ ਤਜਿੰਦਰ ਸਿੰਘ ਜਰਮਨ ਲੁਧਿਆਣਾ ਵੱਲੋਂ 5100, ਬਲਵੀਰ ਸਿੰਘ ਪੁੱਤਰ ਹਰਨਾਮ ਸਿੰਘ ਵੱਲੋਂ ਦੇਸੀ ਘਿਓ ਦਾ ਟੀਨ, ਬੀਰ ਸਿੰਘ ਸੂਬੇਦਾਰ ਰੂੜੇਵਾਲ ਵੱਲੋਂ 5100, ਵਿੱਕੀ ਗਿੱਲ ਪਰਿਵਾਰ ਜੋਧਵਾਲ ਤੋਂ 5100, ਜਸਵੀਰ ਸਿੰਘ ਬਿੱਟੂ ਵੱਲੋਂ ਲੰਗਰਾਂ ਦੀ ਸੇਵਾ, ਪਿਆਰਾ ਸਿੰਘ ਦੇ ਪਰਿਵਾਰ ਵੱਲੋਂ ਗੁੱਗਾ ਮੈੜੀ ਤੇ ਲੰਗਰ ਵੀ ਸੇਵਾ, ਮੰਗੂ ਸੁੱਜੋਂ ਵੱਲੋਂ ਠੰਡਿਆ ਦੀ ਸੇਵਾ ਤੇ ਬੁੱਧ ਸਿੰਘ ਪੁੱਤਰ ਜਰਨੈਲ ਸਿੰਘ ਜਰਮਨ ਵੱਲੋਂ ਭਲਵਾਨਾਂ ਲਈ ਦੁੱਧ ਦੀ ਸੇਵਾ ਕੀਤੀ ਗਈ। ਅਨਵੀਰ ਸਿੰਘ ਪੱਪੀ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਵੇਗੀ।

ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਵਿੱਚ ਮੁੱਖ ਸੇਵਾਦਾਰ ਅਨਬੀਰ ਸਿੰਘ ਪੱਪੀ , ਅਵਤਾਰ ਸਿੰਘ ਪ੍ਰਾਪਰਟੀ ਡੀਲਰ, ਸੁਰਜੀਤ ਸਿੰਘ ਕੈਸ਼ੀਅਰ, ਜਗਦੇਵ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਜੱਸੋਵਾਲ, ਬਲਵੀਰ ਸਿੰਘ, ਚੰਨਣ ਸਿੰਘ, ਲਾਲ ਸਿੰਘ, ਹਰਬੰਸ ਸਿੰਘ ਪ੍ਰਧਾਨ, ਅਜੈਬ ਸਿੰਘ, ਜਗਤਾਰ ਸਿੰਘ ਆਮ ਆਦਮੀ ਪਾਰਟੀ, ਜਸਪਾਲ ਸਿੰਘ ਸਰਪੰਚ, ਜਸਵਿੰਦਰ ਸਿੰਘ, ਪਰਮਜੀਤ ਸਿੰਘ, ਦੀਦਾਰ ਸਿੰਘ, ਗੁਰਮੁੱਖ ਸਿੰਘ, ਬਲਜੀਤ ਸਿੰਘ, ਬੀਰ ਸਿੰਘ ਸੂਬੇਦਾਰ ਰੂੜੇਵਾਲ, ਤਰਸੇਮ ਸਿੰਘ ਰੂੜੇਵਾਲ, ਵਿਕੀ ਗਿੱਲ ਮਨੀਲਾ ਵਾਲੇ ਜੋਧਵਾਲ ਤੋਂ ਸਮੂਹ ਕਮੇਟੀ ਮੈਂਬਰਾਂ ਦਾ ਅਹਿਮ ਯੋਗਦਾਨ ਰਿਹਾ।

# ਪੰਜਾਬ ਸਰਕਾਰ ਨੇ ਸਿਹਤ ਤੇ ਸਿੱਖਿਆ ਖੇਤਰ 'ਚ ਚੁੱਕੇ ਵੱਡੇ ਕਦਮ : ਡਾ. ਰਵਜੋਤ ਸਿੰਘ



**ਹੁਸ਼ਿਆਰਪੁਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਨੇੜਲੇ ਪਿੰਡ ਨਸਰਾਲਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਰਿਵਾਰਾਂ ਦੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਵਾਲੇ ਸਿਹਤ ਬੀਮਾ ਕਾਰਡ ਸੌਂਪਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਯੋਜਨਾ ਹਰੇਕ ਪਰਿਵਾਰ ਲਈ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਸਿਹਤ ਬੀਮਾ ਯੋਜਨਾ ਦੇ ਕਾਰਡ ਸੌਂਪਦਿਆਂ ਕਿਹਾ ਕਿ ਇਸ ਸਕੀਮ ਤਹਿਤ ਸੂਬੇ ਭਰ ਵਿਚ ਪਰਿਵਾਰਾਂ ਨੂੰ ਪ੍ਰਮੁੱਖ ਨਿੱਜੀ ਹਸਪਤਾਲਾਂ ਵਿਚ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ ਇਲਾਜ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਦੇ ਲੋਕਾਂ ਲਈ ਸਿਹਤ ਸੁਰੱਖਿਆ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਖੇਤਰ ਵਿਚ ਵੱਡੇ ਕਦਮ ਚੁੱਕੇ ਗਏ ਹਨ ਜਿਸ ਨਾਲ ਰਾਜ ਦੇ ਹਰ ਖੇਤਰ ਦੇ ਲਗਭਗ ਹਰ ਪਰਿਵਾਰ ਨੂੰ ਚੰਗੀਆਂ ਸਿਹਤ ਸਹੂਲਤਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਇਕ ਹਜ਼ਾਰ ਦੇ ਕਰੀਬ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਜਿਨ੍ਹਾਂ ਵਿਚ 600 ਦੇ ਕਰੀਬ ਪੇਂਡੂ ਖੇਤਰਾਂ ਵਿਚ ਖੋਲ੍ਹੇ ਗਏ ਹਨ ਤਾਂ ਜੋ ਲੋਕਾਂ ਨੂੰ ਘਰਾਂ ਨੇੜੇ ਹੀ ਮੁੱਢਲੀਆਂ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਮਰੀਜ਼ਾਂ ਨੂੰ ਲਗਭਗ 110 ਤਰ੍ਹਾਂ ਦੀਆਂ ਵੱਖ-ਵੱਖ ਦਵਾਈਆਂ ਅਤੇ 50 ਦੇ ਕਰੀਬ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਟੈਸਟਾਂ ਦੀ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਹੁਣ ਤੱਕ ਛੇ ਕਰੋੜ ਦੇ ਕਰੀਬ ਮਰੀਜ਼ਾਂ ਵਲੋਂ ਆਪਣਾ ਚੈਕਅਪ ਕਰਵਾ ਕੇ ਸਿਹਤ ਸਹੂਲਤਾਂ ਦਾ ਲਾਭ ਲਿਆ ਜਾ ਚੁੱਕਾ ਹੈ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਬਿਹਤਰ ਅਤੇ ਆਸਾਨ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ।

ਉਨ੍ਹਾਂ ਕਿਹਾ ਕਿ ਸਿਹਤ ਨਾਲ ਜੁੜੇ ਇਲਾਜ ਦੇ ਖਰਚੇ ਕਾਰਨ ਕਿਸੇ ਵੀ ਪਰਿਵਾਰ ਨੂੰ ਆਰਥਿਕ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਰਕਾਰ ਵੱਲੋਂ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਸਿਹਤ ਸੁਰੱਖਿਆ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਪਰਿਵਾਰ ਦੇ ਯੋਗ ਮੈਂਬਰਾਂ ਦੇ ਸਿਹਤ ਕਾਰਡ ਬਣਵਾਉਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕ ਹਿੱਤਾਂ ਦੇ ਮੱਦੇਨਜ਼ਰ ਆਪਣੀਆਂ ਸਾਰੀਆਂ ਗਰੰਟੀਆਂ ਨੂੰ ਪੂਰਾ ਕਰਦਿਆਂ ਸੂਬੇ ਵਿਚ ਸਿਹਤ ਅਤੇ ਸਿੱਖਿਆ ਨੂੰ ਪੂਰੀ ਤਰਜੀਹ ਦਿੰਦਿਆਂ ਇਨ੍ਹਾਂ ਖੇਤਰਾਂ ਵਿਚ ਬੇਮਿਸਾਲ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਪਿੰਡਾਂ ਵਿਚ 1100 ਕਰੋੜ ਰੁਪਏ ਦੀ ਲਾਗਤ ਨਾਲ 3000 ਤੋਂ ਵੱਧ ਆਧੁਨਿਕ ਖੇਡ ਮੈਦਾਨ ਬਣਾਏ ਜਾ ਰਹੇ ਹਨ ਜਦਕਿ 6000 ਹੋਰ ਖੇਡ ਮੈਦਾਨਾਂ ਦਾ ਕੰਮ ਜਲਦ ਸ਼ੁਰੂ ਹੋਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਦੇ ਮੱਦੇਨਜ਼ਰ ਅਹਿਮ ਫੈਸਲੇ ਲੈਂਦਿਆਂ ਸੂਬੇ ਦੀ ਤਰੱਕੀ ਨੂੰ ਨਵੀਂ ਰਫ਼ਤਾਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸ਼ਾਮਚੁਰਾਸੀ ਵਿਚ ਸੜਕਾਂ ਦੇ ਕੰਮ ਵਿਚ ਤੇਜੀ ਲਿਆਂਦੀ ਜਾ ਰਹੀ ਹੈ ਅਤੇ ਆਉਂਦੇ ਕੁਝ ਹਫ਼ਤਿਆਂ ਵਿਚ ਇਹ ਕੰਮ ਮੁਕੰਮਲ ਕਰਵਾ ਕੇ ਲੋਕਾਂ ਨੂੰ ਹੋਰ ਸੁਖਾਲੀ ਆਵਾਜਾਈ ਦੀ ਸਹੂਲਤ ਮਿਲੇਗੀ।

ਇਸ ਮੌਕੇ ਇਲਾਕਾ ਵਾਸੀਆਂ ਨੇ ਸਿਹਤ ਸੁਰੱਖਿਆ ਨਾਲ ਸਬੰਧਤ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿਹਤ ਕਾਰਡ ਮਿਲਣ ਨਾਲ ਲੋੜ ਪੈਣ 'ਤੇ ਪਰਿਵਾਰਾਂ ਨੂੰ ਇਲਾਜ ਦੇ ਖਰਚੇ ਸਬੰਧੀ ਵੱਡੀ ਰਾਹਤ ਮਿਲੇਗੀ।

# ਏਸ਼ੀਅਨ ਹਾਕੀ ਫੈਡਰੇਸ਼ਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਾਪਾਨ ਵਿੱਚ ਏਸ਼ੀਆਈ ਖੇਡਾਂ ਦੇ ਹਾਕੀ ਸੈਮੀਫਾਈਨਲ ਅਤੇ ਫਾਈਨਲ ਦੇਖਣ ਦਾ ਸੱਦਾ ਦਿੱਤਾ

**➢ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਹਾਕੀ ਵਿੱਚ ਪੰਜਾਬ ਦੀ ਵਧਦੀ ਭੂਮਿਕਾ ਦਾ ਪ੍ਰਮਾਣ ਹੈ ਸੱਦਾ ➢ ਮਹਿਲਾ ਤੇ ਪੁਰਸ਼ ਹਾਕੀ ਦੇ ਸੈਮੀਫਾਈਨਲ 30 ਸਤੰਬਰ ਅਤੇ 1 ਅਕਤੂਬਰ ਨੂੰ, ਫਾਈਨਲ 2 ਅਤੇ 3 ਅਕਤੂਬਰ ਨੂੰ**

**ਚੰਡੀਗੜ੍ਹ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਤਰਰਾਸ਼ਟਰੀ ਹਾਕੀ ਦੇ ਨਕਸ਼ੇ 'ਤੇ ਪੰਜਾਬ ਦੀ ਵਧਦੀ ਸਰਦਾਰੀ ਨੂੰ ਪ੍ਰਵਾਨਗੀ ਦਿੰਦਿਆਂ ਏਸ਼ੀਅਨ ਹਾਕੀ ਫੈਡਰੇਸ਼ਨ (ਏ.ਐਚ.ਐਫ.) ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦੇ ਇੱਕ ਵਫ਼ਦ ਨੂੰ ਏਸ਼ੀਆਈ ਖੇਡਾਂ ਆਈਚੀ-ਨਾਗੋਆ-2026 ਵਿੱਚ ਮਹਿਲਾ ਅਤੇ ਪੁਰਸ਼ ਹਾਕੀ ਮੁਕਾਬਲਿਆਂ ਦੇ ਸੈਮੀਫਾਈਨਲ ਅਤੇ ਫਾਈਨਲ ਮੈਚ ਦੇਖਣ ਲਈ ਜਾਪਾਨ ਆਉਣ ਦਾ ਸੱਦਾ ਦਿੱਤਾ ਹੈ। ਇਹ ਸੱਦਾ ਅਜਿਹੇ ਮਹੱਤਵਪੂਰਨ ਸਮੇਂ ਆਇਆ ਹੈ ਜਦੋਂ ਪੰਜਾਬ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਹਿਲੀ ਵਾਰ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੀ ਮੇਜ਼ਬਾਨੀ ਕਰਨ ਦੀ ਤਿਆਰੀ ਕਰ ਰਿਹਾ ਹੈ।

ਏਸ਼ੀਅਨ ਹਾਕੀ ਫੈਡਰੇਸ਼ਨ ਦੇ ਪ੍ਰਧਾਨ ਫੂਮੀਓ ਓਗੁਰਾ ਵੱਲੋਂ ਦਿੱਤਾ ਗਿਆ ਇਹ ਸੱਦਾ 30 ਸਤੰਬਰ ਅਤੇ 1 ਅਕਤੂਬਰ ਨੂੰ ਹੋਣ ਵਾਲੇ ਮਹਿਲਾ ਅਤੇ ਪੁਰਸ਼ ਹਾਕੀ ਦੇ ਸੈਮੀਫਾਈਨਲ, ਅਤੇ ਉਸ ਤੋਂ ਬਾਅਦ 2 ਅਤੇ 3 ਅਕਤੂਬਰ ਨੂੰ ਹੋਣ ਵਾਲੇ ਫਾਈਨਲ ਮੈਚਾਂ ਲਈ ਹੈ। ਏ.ਐਚ.ਐਫ. ਨੇ ਵਿਸ਼ੇਸ਼ ਤੌਰ 'ਤੇ ਕਿਹਾ ਹੈ ਕਿ ਪੰਜਾਬ ਸਰਕਾਰ ਦੇ ਵਫ਼ਦ ਦੀ ਮੌਜੂਦਗੀ ਨਾਲ ਵੱਡੇ ਅੰਤਰਰਾਸ਼ਟਰੀ ਖੇਡ ਸਮਾਗਮ ਦੇ ਆਯੋਜਨ ਅਤੇ ਸੰਚਾਲਨ ਦਾ ਸਿੱਧਾ ਤਜਰਬਾ ਮਿਲੇਗਾ।

ਇਹ ਤਜਰਬਾ ਖਾਸ ਮਹੱਤਵ ਰੱਖਦਾ ਹੈ ਕਿਉਂਕਿ ਪੰਜਾਬ 27 ਅਕਤੂਬਰ ਤੋਂ 5 ਨਵੰਬਰ ਤੱਕ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਲਈ ਏਸ਼ੀਆ ਦੀਆਂ ਪ੍ਰਮੁੱਖ ਹਾਕੀ ਟੀਮਾਂ ਦਾ ਸਵਾਗਤ ਕਰਨ ਲਈ ਤਿਆਰ ਹੈ। ਇਸ ਟੂਰਨਾਮੈਂਟ ਦੀ ਮੇਜ਼ਬਾਨੀ ਜਲੰਧਰ ਅਤੇ ਮੋਹਾਲੀ ਵੱਲੋਂ ਸਾਂਝੇ ਰੂਪ ਵਿੱਚ ਕੀਤੀ ਜਾਵੇਗੀ, ਜਿਸ ਵਿੱਚ ਜਲੰਧਰ ਉਦਘਾਟਨੀ ਸਮਾਰੋਹ ਅਤੇ ਲੀਗ-ਗ੍ਰੇਡ ਮੈਚਾਂ ਦੀ ਮੇਜ਼ਬਾਨੀ ਕਰੇਗਾ, ਜਦਕਿ ਮੋਹਾਲੀ ਸੈਮੀਫਾਈਨਲ ਅਤੇ ਫਾਈਨਲ ਦੀ ਮੇਜ਼ਬਾਨੀ ਕਰੇਗਾ।

ਪੰਜਾਬ ਵੱਲੋਂ ਵੱਕਾਰੀ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰਨ ਦਾ ਪਹਿਲਾ ਮੌਕਾ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਟੂਰਨਾਮੈਂਟ ਨੂੰ ਉਸ ਧਰਤੀ 'ਤੇ ਹਾਕੀ ਲਈ ਸ਼ਾਨਦਾਰ ਮੌਕਾ ਦੱਸਿਆ ਹੈ, ਜਿਸ ਨੇ ਭਾਰਤੀ ਹਾਕੀ ਦੇ ਨਾਇਕਾਂ ਦੀਆਂ ਕਈ ਪੀੜ੍ਹੀਆਂ ਤਿਆਰ ਕੀਤੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦੇ ਵਫ਼ਦ ਨੂੰ ਇਹ ਸੱਦਾ ਅਜਿਹੇ ਸਮੇਂ 'ਚ ਮਿਲਿਆ ਹੈ, ਜਦੋਂ ਪੰਜਾਬ ਅੰਤਰਰਾਸ਼ਟਰੀ ਹਾਕੀ ਦੀ ਵਾਪਸੀ ਅਤੇ ਦੇਸ਼ ਦੇ ਪ੍ਰਮੁੱਖ ਹਾਕੀ ਕੇਂਦਰ ਵਜੋਂ ਆਪਣੀ ਪਛਾਣ ਨੂੰ ਮਜ਼ਬੂਤ ਕਰਨ ਵਿੱਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਆਉਣ ਵਾਲੇ ਇਸ ਟੂਰਨਾਮੈਂਟ ਵਿੱਚ ਭਾਰਤ, ਜਾਪਾਨ, ਦੱਖਣੀ ਕੋਰੀਆ, ਮਲੇਸ਼ੀਆ, ਚੀਨ ਤੇ ਹੋਰ ਮੁਲਕ ਪੰਜਾਬ ਵਿੱਚ ਮੁਕਾਬਲਾ ਕਰਨਗੇ। ਏ.ਐਚ.ਐਫ. ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਦੇ ਵਫ਼ਦ ਦੁਆਰਾ ਆਈਚੀ-ਨਾਗੋਆ ਵਿੱਚ ਹਾਸਲ ਕੀਤਾ ਗਿਆ ਤਜਰਬਾ ਜਲੰਧਰ ਅਤੇ ਮੋਹਾਲੀ ਵਿੱਚ ਹੋਣ ਵਾਲੀ ਏਸ਼ੀਅਨ ਚੈਂਪੀਅਨਜ਼ ਟਰਾਫੀ ਅਤੇ ਭਵਿੱਖ ਵਿੱਚ ਪੰਜਾਬ ਵਿੱਚ ਅਜਿਹੇ ਵੱਡੇ ਖੇਡ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਵਰਤਿਆ ਜਾ ਸਕਦਾ ਹੈ।

ਇਹ ਸੱਦਾ ਏਸ਼ੀਅਨ ਚੈਂਪੀਅਨਜ਼ ਟਰਾਫੀ ਲਈ ਪੰਜਾਬ ਦੀਆਂ ਤਿਆਰੀਆਂ ਨੂੰ ਦਿੱਤੀ ਜਾ ਰਹੀ ਅਹਿਮੀਅਤ ਨੂੰ ਵੀ ਦਰਸਾਉਂਦਾ ਹੈ, ਕਿਉਂਕਿ ਸੂਬਾ ਹਾਕੀ ਸੱਭਿਆਚਾਰ ਨੂੰ ਵੱਡੇ ਮਹਾਂਦੀਪ ਵਾਲੇ ਖੇਡ ਸਮਾਗਮ ਦੀ ਮੇਜ਼ਬਾਨੀ ਲਈ ਲੋੜੀਂਦੇ ਬੁਨਿਆਦੀ ਢਾਂਚੇ, ਪ੍ਰਬੰਧਨ ਅਤੇ ਅੰਤਰਰਾਸ਼ਟਰੀ ਮਿਆਰਾਂ ਨਾਲ ਜੋੜਨਾ ਚਾਹੁੰਦਾ ਹੈ।

ਏਸ਼ੀਅਨ ਹਾਕੀ ਫੈਡਰੇਸ਼ਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਫ਼ਦ ਅਤੇ ਇਸ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਦੀ ਬੇਨਤੀ ਕੀਤੀ ਹੈ ਤਾਂ ਜੋ ਯਾਤਰਾ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

# ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਨੇ ਜਲ ਅਤੇ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਚੈੱਕ ਗਣਰਾਜ ਜਾਣ ਵਾਲੇ ਭਾਰਤੀ ਵਫ਼ਦ ਦੀ ਅਗਵਾਈ ਕੀਤੀ

**ਪ੍ਰਾਗ, ਚੈੱਕ ਗਣਰਾਜ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ, ਜਲ ਪ੍ਰਬੰਧਨ, ਰਹਿੰਦ-ਖੂੰਹਦ ਪ੍ਰਬੰਧਨ ਅਤੇ ਸਰਕੂਲਰ ਇਕੌਨਮੀ 'ਤੇ ਕੇਂਦ੍ਰਿਤ ਪੰਜ ਦਿਨਾਂ ਦੇ ਮਿਸ਼ਨ ਲਈ ਚੈੱਕ ਗਣਰਾਜ ਗਏ ਉੱਚ-ਪੱਧਰੀ ਭਾਰਤੀ ਵਫ਼ਦ ਦੀ ਅਗਵਾਈ ਕਰ ਰਹੇ ਹਨ।

ੑ 25 ਸਤੰਬਰ ਤੱਕ ਆਯੋਜਿਤ ਇਸ ਮਿਸ਼ਨ ਦਾ ਉਦੇਸ਼ ਟਿਕਾਊ ਜਲ ਪ੍ਰਬੰਧਨ, ਵੇਸਟਵਾਟਰ ਟ੍ਰੀਟਮੈਂਟ, ਰੀਸਾਇਕਲਿੰਗ, ਸੰਸਾਧਨਾਂ ਦਾ ਕੁਸ਼ਲ ਉਪਯੋਗ ਅਤੇ ਵਾਤਾਵਰਣ ਅਨੁਕੂਲ ਤਕਨੀਕਾਂ ਦੇ ਖੇਤਰ ਵਿੱਚ ਭਾਰਤ ਅਤੇ ਚੈੱਕ ਗਣਰਾਜ ਦੇ ਦਰਮਿਆਨ ਸਹਿਯੋਗ ਨੂੰ ਮਜ਼ਬੂਤ ਕਰਨਾ ਹੈ।

ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਵਿਸ਼ੇਸ਼ ਤੌਰ 'ਤੇ ਭਾਰਤੀ ਸੰਦਰਭ ਵਿੱਚ 'ਵਾਟਰ ਇਕੌਨਮੀ' ਨੂੰ ਵਿਕਸਿਤ ਅਤੇ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਬਲ ਦਿੱਤਾ।

ਉਨ੍ਹਾਂ ਨੇ ਕਿਹਾ ਕਿ ਜਲ ਨੂੰ ਇੱਕ ਮਹੱਤਵਪੂਰਨ ਸੰਸਾਧਨ ਦੇ ਰੂਪ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਇਸ ਦੀ ਸੰਭਾਲ਼, ਕੁਸ਼ਲ ਉਪਯੋਗ, ਵੇਸਟਵਾਟਰ ਟ੍ਰੀਟਮੈਂਟ, ਦੁਬਾਰਾ ਉਪਯੋਗ, ਰੀਸਾਇਕਲਿੰਗ ਅਤੇ ਟਿਕਾਊ ਪ੍ਰਬੰਧਨ 'ਤੇ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ।

ਮੁੱਖ ਸਕੱਤਰ ਨੇ ਕਿਹਾ ਕਿ ਜਲ ਅਤੇ ਵਾਤਾਵਰਣ ਸਬੰਧੀ ਉੱਭਰਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਸਰਕਾਰੀ ਨੀਤੀਆਂ, ਤਕਨੀਕ, ਅਕਾਦਮਿਕ ਖੋਜ ਅਤੇ ਉਦਯੋਗਾਂ ਦੇ ਜ਼ਰੀਏ ਵਿਵਹਾਰਿਕ ਲਾਗੂਕਰਨ ਨੂੰ



ਆਪਸ ਵਿੱਚ ਜੋੜਨਾ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਅੰਤਰਰਾਸ਼ਟਰੀ ਸਹਿਯੋਗ ਨਾਲ ਅਜਿਹੇ ਨਵੇਂ ਸਮਾਧਾਨ ਤਲਾਸ਼ਣ ਵਿੱਚ ਮਦਦ ਮਿਲ ਸਕਦੀ ਹੈ, ਜਿਨ੍ਹਾਂ ਨੂੰ ਭਾਰਤ ਦੀਆਂ ਸ਼ਹਿਰੀ, ਉਦਯੋਗਿਕ ਅਤੇ ਖੇਤੀਬਾੜੀ ਸਬੰਧੀ ਜ਼ਰੂਰਤਾਂ ਦੇ ਅਨੁਸਾਰ ਬੜੇ ਪੱਧਰ 'ਤੇ ਅਪਣਾਇਆ ਜਾ ਸਕੇ।

ਵਫ਼ਦ ਦਾ ਸੁਆਗਤ ਕਰਦੇ ਹੋਏ ਚੈੱਕ ਗਣਰਾਜ ਦੇ ਵਾਤਾਵਰਣ ਉਪ-ਮੰਤਰੀ ਸ਼੍ਰੀ ਇਵੋ ਮਾਰਸਿਨ ਨੇ ਸਾਂਝੀਆਂ ਵਾਤਾਵਰਣਕ ਚੁਣੌਤੀਆਂ ਨਾਲ ਨਜਿੱਠਣ ਵਿੱਚ ਅੰਤਰਰਾਸ਼ਟਰੀ ਸਹਿਯੋਗ ਦੇ ਮਹੱਤਵ 'ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਕਿਹਾ ਕਿ ਰਹਿੰਦ-ਖੂੰਹਦ ਨੂੰ ਕੇਵਲ ਨਿਪਟਾਰੇ ਦੀ ਵਸਤੂ ਮੰਨਣ ਦੀ ਬਜਾਏ ਉਸ ਦੇ ਦੁਬਾਰਾ ਉਪਯੋਗ, ਰੀਸਾਇਕਲਿੰਗ, ਪੁਨਰਪ੍ਰਾਪਤੀ ਅਤੇ ਸੰਸਾਧਨਾਂ ਦੇ ਕੁਸ਼ਲ ਇਸਤੇਮਾਲ 'ਤੇ ਧਿਆਨ ਦੇਣਾ ਜ਼ਰੂਰੀ ਹੈ।

ਇਸ ਵਫ਼ਦ ਵਿੱਚ ਲੋਕ ਪ੍ਰਸ਼ਾਸਨ, ਨੀਤੀ ਨਿਰਮਾਣ, ਸਿੱਖਿਆ, ਖੋਜ ਸੰਸਥਾਵਾਂ ਅਤੇ ਪ੍ਰਮੁੱਖ ਕੰਪਨੀਆਂ ਦੇ ਪ੍ਰਤੀਨਿਧੀ ਸ਼ਾਮਲ ਹਨ। ਆਈਆਈਟੀ ਰੋਪੜ ਅਤੇ ਚਿਤਕਾਰਾ ਯੂਨੀਵਰਸਿਟੀ ਦੇ ਪ੍ਰੋਫੈਸਰ ਅਤੇ ਸਿੱਖਿਆ ਸ਼ਾਸਤਰੀ ਵੀ ਮਿਸ਼ਨ ਵਿੱਚ ਹਿੱਸਾ ਲੈ ਰਹੇ ਹਨ, ਜਿਸ ਨਾਲ ਇਸ ਨੂੰ ਰਿਸਰਚ ਅਤੇ ਇਨੋਵੇਸ਼ਨ ਦੇ ਖੇਤਰ ਵਿੱਚ ਮਜ਼ਬੂਤੀ ਮਿਲੀ ਹੈ।

ਇਹ ਪਹਿਲ ਚੈੱਕ ਗਣਰਾਜ ਦੇ ਮਾਣਯੋਗ ਵਣਜ ਦੂਤ ਮੇਜਰ ਗੁਨੀਤ ਚੌਧਰੀ ਦੁਆਰਾ ਕੀਤੀ ਗਈ ਹੈ। ਇਹ ਮਿਸ਼ਨ ਭਾਰਤ ਵਿੱਚ ਚੈੱਕ ਗਣਰਾਜ ਦੇ ਦੂਤਾਵਾਸ ਅਤੇ ਚੈੱਕ ਗਣਰਾਜ ਦੇ ਵਾਤਾਵਰਣ ਮੰਤਰਾਲੇ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

ਇਹ ਵਫ਼ਦ ਪ੍ਰਾਗ, ਜ਼ਲੀਨ ਅਤੇ ਓਸਟ੍ਰਾਵਾ ਦਾ ਦੌਰਾ ਕਰੇਗਾ ਅਤੇ ਚੈੱਕ ਸਰਕਾਰੀ ਅਧਿਕਾਰੀਆਂ, ਕੰਪਨੀਆਂ, ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਨਾਲ ਵਿਚਾਰ-ਵਟਾਂਦਰਾ ਕਰੇਗਾ। ਵਿਚਾਰ-ਵਟਾਂਦਰੇ ਤਕਨੀਕੀ ਸਹਿਯੋਗ, ਸੰਯੁਕਤ ਖੋਜ, ਪਾਇਲਟ ਪ੍ਰੋਜੈਕਟਾਂ, ਸੰਸਥਾਗਤ ਭਾਈਵਾਲੀ, ਨਿਵੇਸ਼ ਅਤੇ ਵਪਾਰਕ ਸਹਿਯੋਗ 'ਤੇ ਕੇਂਦ੍ਰਿਤ ਹੋਣਗੇ।

ਇਸ ਮਿਸ਼ਨ ਤੋਂ ਭਾਰਤ ਅਤੇ ਚੈੱਕ ਗਣਰਾਜ ਦੇ ਹਿੱਸੇਦਾਰਾਂ ਵਿਚਕਾਰ ਪਾਣੀ ਪ੍ਰਬੰਧਨ, ਰਹਿੰਦ-ਖੂੰਹਦ ਪ੍ਰਬੰਧਨ ਅਤੇ ਸਰਕੂਲਰ ਅਰਥਵਿਵਸਥਾ ਦੇ ਖੇਤਰਾਂ ਵਿੱਚ ਵਿਵਹਾਰਕ ਅਤੇ ਆਪਸੀ ਲਾਭਦਾਇਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਦੀ ਉਮੀਦ ਹੈ।

# ਸਤਲੁਜ ਪ੍ਰੈਸ ਕਲੱਬ ਰੂਪਨਗਰ ਵੱਲੋਂ ਡੀ ਪੀ ਆਰ ਓ ਕਰਨ ਮਹਿਤਾ ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆ



**ਰੂਪਨਗਰ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਤਲੁਜ ਪ੍ਰੈੱਸ ਕਲੱਬ ਰੋਪੜ ਵੱਲੋਂ ਰੂਪਨਗਰ ਦੇ ਡੀ ਪੀ ਆਰ ਓ ਕਰਨ ਮਹਿਤਾ ਜੀ ਦੇ ਜਨਮਦਿਨ ਮੌਕੇ ਕੇਕ ਕੱਟ ਕੇ ਜਨਮਦਿਨ ਦੀਆਂ ਵਧਾਈਆਂ ਦਿੱਤੀਆ। ਇਸ ਮੌਕੇ ਸਰਬਜੀਤ ਸਿੰਘ ਪ੍ਰਧਾਨ ਸਤਲੁਜ ਪ੍ਰੈੱਸ ਕਲੱਬ ਰੋਪੜ, ਸ਼ਮਸ਼ੇਰ ਸਿੰਘ ਬੱਗਾ ਜਰਨਲ ਸਕੱਤਰ, ਮਨਪ੍ਰੀਤ ਸਿੰਘ , ਸੰਦੀਪ ਜੋਸ਼ੀ, ਪਰਮਜੀਤ ਸਿੰਘ ਪੰਮੀ ਨੇ ਡੀ ਪੀ ਆਰ ਓ ਕਰਨ ਮਹਿਤਾ ਜੀ ਨੂੰ ਵਧਾਈਆਂ ਦਿੱਤੀਆ। ਇਸ ਮੌਕੇ ਡੀ ਪੀ ਆਰ ਓ ਕਰਨ ਮਹਿਤਾ ਨੇ ਸਤਲੁਜ ਪ੍ਰੈੱਸ ਕਲੱਬ ਦੇ ਪ੍ਰਧਾਨ ਸਰਬਜੀਤ ਸਿੰਘ ਤੇ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਬੱਗਾ ਸਮੇਤ ਸਾਰੇ ਅਹੁਦੇਦਾਰ ਪੱਤਰਕਾਰਾਂ ਦਾ ਧੰਨਵਾਦ ਕੀਤਾ ਜਿਹਨਾਂ ਨੇ ਉਹਨਾ ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆ।

# ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਪਿੰਡ ਪੁਰੀਆਂ ਖੁਰਦ ਪਹੁੰਚੇ, ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ

**ਬਟਾਲਾ, 26 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਰਾਲੀ ਪ੍ਰਬੰਧਨ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਪਰਾਲੀ ਪ੍ਰਬੰਧਨ ਦਾ ਕੰਮ ਗੱਠਾਂ ਬਣਵਾ ਕੇ ਸ਼ੁਰੂ ਕੀਤਾ ਗਿਆ ਅਤੇ ਉਹਨਾਂ ਦੇ ਨਾਲ ਡਾ. ਸ਼ਾਹਬਾਜ਼ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ,ਇੰਜੀਨੀਅਰ ਦੀਪਕ ਕੁਮਾਰ ਟੈਕਨੀਸ਼ੀਅਨ ਗੋਬਿੰਦ ਪਾਲ ਸਿੰਘ ਵੀ ਮੌਜੂਦ ਸਨ।

ਬਲਾਕ ਬਟਾਲਾ ਦੇ ਪਿੰਡ ਪੁਰੀਆਂ ਖੁਰਦ ਵਿਖੇ ਕਿਸਾਨ ਸ. ਕੁੰਨਨ ਸਿੰਘ ਜੀ ਦੇ ਖੇਤ ਵਿੱਚ ਬੇਲਰ ਮਸ਼ੀਨ ਰਾਹੀਂ ਝੋਨੇ ਦੀ ਪਰਾਲੀ ਦੀਆਂ ਗੱਠਾਂ ਬਣਾਉਣ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਖੇਤੀਬਾੜੀ ਮੰਤਰੀ ਵੱਲੋਂ ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ ਗਈਆਂ ਅਤੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ।

ਇਸ ਮੌਕੇ ਕਿਸਾਨਾਂ ਨੂੰ ਸੰਦੇਸ਼ ਦਿੱਤਾ ਗਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ



ਨਾ ਲਗਾਈ ਜਾਵੇ। ਪਰਾਲੀ ਦੇ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਡ੍ਰਿੱਲ ਆਦਿ ਆਧੁਨਿਕ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਉਪਰੰਤ ਕਣਕ ਦੀ ਬਿਜਾਈ ਸਮੇਂ ਸਿਰ ਅਤੇ ਵਾਤਾਵਰਣ ਪੱਖੀ ਢੰਗ ਨਾਲ ਕੀਤੀ ਜਾ ਸਕਦੀ ਹੈ।

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਸੰਭਾਲਿਆ ਜਾਵੇ ਜਾਂ ਬੇਲਰਾਂ ਰਾਹੀਂ ਗੱਠਾਂ ਬਣਵਾ ਕੇ ਇਸ ਦਾ ਯੋਗ ਪ੍ਰਬੰਧਨ ਕੀਤਾ ਜਾਵੇ।

ਇਸ ਨਾਲ ਜਿੱਥੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ, ਉੱਥੇ ਮਿੱਟੀ ਦੀ ਸਿਹਤ ਨੂੰ ਵੀ ਬਰਕਰਾਰ ਰੱਖਿਆ ਜਾ ਸਕਦਾ ਹੈ।

ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਦੇ ਹੋਏ ਪਰਾਲੀ ਨੂੰ ਅੱਗ ਨਹੀਂ, ਖੇਤ ਨੂੰ ਪੋਸ਼ਣ ਦੇ ਸੰਦੇਸ਼ ਨੂੰ ਅਪਣਾਇਆ ਜਾਵੇ ਅਤੇ ਜ਼ਿਲ੍ਹਾ ਗੁਰਦਾਸਪੁਰ ਨੂੰ ਪਰਾਲੀ ਸਾੜਨ ਤੋਂ ਮੁਕਤ ਬਣਾਉਣ ਲਈ ਸਹਿਯੋਗ ਦਿੱਤਾ ਜਾਵੇ।



ਗੁਰਦੁਆਰਾ ਗੁਰੂਸਰ ਮਹਿਰਾਜ ਜੀ, ਜਿਸ ਵਿਚ ਦੋ ਨਿਸ਼ਾਨ ਸਾਹਿਬ ਨਜ਼ਰ ਆਉਂਦੇ ਹਨ।



ਗੁਰਦੁਆਰਾ ਸ਼ਹੀਦ ਗੰਜ ਸਾਹਿਬ।



ਗੁਰਦੁਆਰਾ ਸ਼ਹੀਦ ਗੰਜ ਵਿਚ ਜੋਤ, ਜੋ ਹਮੇਸ਼ਾ ਜਗਦੀ ਰਹਿੰਦੀ ਹੈ।

**ਮਹਿਰਾਜ ਦੇ ਯੁੱਧ 'ਚ ਗੁਰੂ ਹਰਗੋਬਿੰਦ ਜੀ ਨੇ ਖ਼ੁਦ ਸ਼ਾਮਿਲ ਹੋ ਕੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾਏ। ਉਨ੍ਹਾਂ ਜ਼ਖਮੀ ਮੁਗ਼ਲ ਸੈਨਿਕਾਂ ਦੀ ਮੱਲ੍ਹਮ ਪੱਟੀ ਕਰਵਾਈ ਅਤੇ ਮਾਰੇ ਗਿਆਂ ਨੂੰ ਦਫਨਾਇਆ। ਗੁਰੂ ਜੀ ਨੇ ਆਪਣੇ ਬਹਾਦਰ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ...**

# ਮਹਿਰਾਜ ਯੁੱਧ ਦੀ ਅਨੂਠੀ ਦਾਸਤਾਨ



• ਚੰਦਰ ਪ੍ਰਕਾਸ਼
98762 15150

ਪੰਜਾਬ ਦੀ ਧਰਤੀ ਦੇ ਇਕ ਹਿੱਸੇ ਮਹਿਰਾਜ ਪਿੰਡ ਵਿਖੇ 1631 ਵਿਚ ਉਸ ਵੇਲੇ ਬਹੁਤ ਵੱਡੇ ਇਤਿਹਾਸ ਦੀ ਰਚਨਾ ਹੋਈ ਜਦ ਗੁਰੂ ਹਰਗੋਬਿੰਦ ਜੀ ਦੀ 4 ਹਜ਼ਾਰ ਫ਼ੌਜ ਨੇ ਮੁਗ਼ਲ ਸ਼ਾਸਕ ਸ਼ਾਹਜਹਾਂ ਦੀ 35 ਹਜ਼ਾਰ ਦੇ ਲਗਪਗ ਫ਼ੌਜ ਨੂੰ ਨੇਸਤੋ ਨਾਬੂਦ ਕਰ ਦਿੱਤਾ। ਲਾਹੌਰ ਦੇ ਮੁਗ਼ਲ ਸ਼ਾਸਕ ਦੀ ਦੋ ਘੋੜਿਆਂ ਨੂੰ ਪ੍ਰਾਪਤ ਕਰਨ ਅਤੇ ਉਸ ਨੂੰ ਗੁਰੂ ਹਰਗੋਬਿੰਦ ਜੀ ਦੇ ਕਬਜ਼ੇ ਵਿੱਚੋਂ ਛੁਡਾਉਣ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਨੇ ਮਹਿਰਾਜ ਦੇ ਯੁੱਧ ਨੂੰ ਜਨਮ ਦਿੱਤਾ, ਜੋ ਕਿ ਗੁਰੂ ਹਰਗੋਬਿੰਦ ਦੀ ਮੁਗ਼ਲਾਂ ਨਾਲ ਤੀਜੀ ਲੜਾਈ ਸੀ। ਇਸ ਯੁੱਧ ਵਿਚ 34 ਹਜ਼ਾਰ ਦੇ ਲਗਪਗ ਮੁਗ਼ਲ ਫ਼ੌਜੀ ਮਾਰੇ ਗਏ ਅਤੇ ਮੁਗ਼ਲ ਸ਼ਾਸਕ ਸ਼ਾਹਜਹਾਂ ਘੋੜਿਆਂ ਦੀ ਪ੍ਰਾਪਤੀ ਨਾ ਕਰ ਸਕਿਆ ਅਤੇ ਉਸ ਨੂੰ ਕਰਾਰੀ ਹਾਰ ਦਾ ਮੂੰਹ ਦੇਖਣਾ ਪਿਆ।

## ਯੁੱਧ ਦਾ ਕਾਰਨ ਬਣੇ ਦਿਲਬਾਗ ਤੇ ਗੁਲਬਾਗ ਘੋੜੇ

ਬਠਿੰਡਾ ਜ਼ਿਲ੍ਹੇ ਦਾ ਮਹਿਰਾਜ ਪਿੰਡ ਦੁਨੀਆ ਦੇ ਨਕਸ਼ੇ 'ਤੇ ਇਕ ਵਿਸ਼ੇਸ਼ ਥਾਂ ਇਸ ਕਰਕੇ ਰੱਖਦਾ ਹੈ ਕਿ ਗੁਰੂ ਹਰਗੋਬਿੰਦ ਜੀ ਨੇ ਮੁਗ਼ਲਾਂ ਦੇ ਵਿਰੁੱਧ ਆਪਣਾ ਤੀਜਾ ਯੁੱਧ ਇਸ ਧਰਤੀ 'ਤੇ ਲੜਿਆ ਅਤੇ ਚਾਰ ਹਜ਼ਾਰ ਫ਼ੌਜ ਨਾਲ ਮੁਗ਼ਲਾਂ ਦੀ 35 ਹਜ਼ਾਰ ਫ਼ੌਜ ਨੂੰ ਕਰਾਰੀ ਹਾਰ ਦਿੱਤੀ। ਮਹਿਰਾਜ ਦਾ ਯੁੱਧ ਇਸ ਕਰਕੇ ਵੀ ਦੁਨੀਆ ਵਿਚ ਇਕ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਦਾ ਮੁੱਖ ਕਾਰਨ ਦੋ ਬਹੁਤ ਸੋਹਣੇ ਅਤੇ ਫੁਰਤੀਲੇ ਘੋੜਿਆਂ, ਜਿਨ੍ਹਾਂ ਦਾ ਨਾਂ ਦਿਲਬਾਗ ਤੇ ਗੁਲਬਾਗ ਸੀ, ਦੀ ਪ੍ਰਾਪਤੀ ਲਈ ਸ਼ਾਹਜਹਾਂ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਸੀ। ਇਹ ਯੁੱਧ ਇਸ ਕਰਕੇ ਵੀ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਵਿਚ 12 ਸੌ ਸਿੰਘ ਜਿਨ੍ਹਾਂ ਵਿਚ ਭਾਈ ਜੇਠਾ ਜੀ, ਜਿਸ ਨੂੰ ਗੁਰੂ ਜੀ ਦਾ ਸ਼ੇਰ ਵੀ ਕਿਹਾ ਜਾਂਦਾ ਸੀ, ਸ਼ਹੀਦ ਹੋਏ, ਜਦਕਿ ਮੁਗ਼ਲਾਂ ਦੇ 34 ਹਜ਼ਾਰ ਸੈਨਿਕਾਂ ਨੂੰ ਮੌਤ ਦਾ ਸਾਹਮਣਾ ਕਰਨਾ ਪਿਆ।

## ਗੁਰੂ ਦਾ ਉਪਾਸ਼ਕ ਸੇਠ ਕਰੋੜੀ ਮੱਲ

ਮਾਲਵੇ ਦੇ ਸਭ ਤੋਂ ਵੱਡੇ ਪਿੰਡ ਮਹਿਰਾਜ ਵਿਚ ਕਿਸੇ ਵੇਲੇ 9 ਪੰਚਾਇਤਾਂ ਸਨ ਅਤੇ ਇਹ 9 ਪੱਤੀਆਂ ਚ ਵੰਡਿਆ ਹੋਇਆ ਸੀ। ਹੁਣ ਇਸ ਦਾ ਕੰਮਕਾਜ ਨਗਰ ਪੰਚਾਇਤ ਚਲਾ ਰਹੀ ਹੈ। ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਇਹ ਪੁਰਖਿਆਂ ਦਾ ਪਿੰਡ ਹੈ ਉਸ ਦੇ ਪੁਰਖੇ ਜੈਸਲਮੇਰ ਤੇ ਬੀਕਾਨੇਰ ਤੋਂ ਆ ਕੇ ਇੱਥੇ ਕਈ ਸੌ ਸਾਲ ਪਹਿਲਾਂ ਆ ਕੇ ਵਸੇ ਸਨ। ਇਤਿਹਾਸਕ ਤੱਥਾਂ ਤੋਂ ਪ੍ਰਾਪਤ ਕੀਤੀ ਜਾਣਕਾਰੀ ਮੁਤਾਬਕ ਕਾਬਲ ਇਲਾਕੇ ਦਾ ਇਕ ਮਸ਼ਹੂਰ ਵਪਾਰੀ ਸੇਠ ਕਰੋੜੀ ਮੱਲ, ਜੋ ਕਿ ਗੁਰੂ ਹਰਗੋਬਿੰਦ ਦਾ ਉਪਾਸ਼ਕ ਸੀ ਦੋ ਘੋੜਿਆਂ ਨੂੰ ਲੈ ਕੇ ਗੁਰੂ ਸਾਹਿਬ ਦੇ ਦਰਸ਼ਨਾਂ ਲਈ ਪੰਜਾਬ ਵੱਲ ਤੁਰ ਪਿਆ। ਰਸਤੇ ਵਿਚ ਇਨ੍ਹਾਂ ਦਰਿਆਈ ਘੋੜਿਆਂ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੁੰਦੀ ਰਹੀ ਅਤੇ ਕਈ ਵਪਾਰੀਆਂ ਨੇ ਜਾਂ ਅਮੀਰ ਬੰਦਿਆਂ ਨੇ ਸੇਠ ਕਰੋੜੀ ਮੱਲ ਤੋਂ ਇਨ੍ਹਾਂ ਘੋੜਿਆਂ ਨੂੰ ਖ਼ਰੀਦਣ ਦੀ ਕੋਸ਼ਿਸ਼ ਵੀ ਕੀਤੀ ਪਰ ਸੇਠ ਕਰੋੜੀ ਮੱਲ ਨੇ ਹਰੇਕ ਖ਼ਰੀਦਦਾਰ ਨੂੰ ਇਹ ਕਹਿ ਕੇ ਚੁੱਪ ਕਰਵਾ ਦਿੱਤਾ ਕਿ ਇਹ ਦੋਵੇਂ ਘੋੜੇ ਤਾਂ ਗੁਰੂ ਸਾਹਿਬ ਦੇ ਹਨ।

## ਬਿਧੀ ਚੰਦ ਨੂੰ ਸੌਂਪੀ ਡਿਊਟੀ

ਜਦ ਇਨ੍ਹਾਂ ਘੋੜਿਆਂ ਦੀ ਜਾਣਕਾਰੀ ਲਾਹੌਰ ਦੇ ਉਸ ਵੇਲੇ ਦੇ ਸੂਬੇਦਾਰ ਕਾਸਮ ਬੇਗ ਨੂੰ ਮਿਲੀ ਤਾਂ ਉਸ ਨੇ ਸੇਠ ਕਰੋੜੀ ਮੱਲ ਤੋਂ ਮੱਲੋ ਮੱਲੀ ਉਹ ਘੋੜੇ ਲੈ ਲਏ ਅਤੇ ਉਸ ਨੂੰ 2 ਲੱਖ 5 ਹਜ਼ਾਰ ਰੁਪਏ ਦੀ ਹੁੰਡੀ ਸ਼ਾਹੀ ਦਰਬਾਰ ਵਿਚ ਬੁਲਾ ਕੇ ਦੇ ਦਿੱਤੀ। ਇਨ੍ਹਾਂ ਘੋੜਿਆਂ ਦੀ ਜਾਣਕਾਰੀ ਕਾਸਮ ਬੇਗ ਨੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਨੂੰ ਵੀ ਦੇ ਦਿੱਤੀ।

ਉਦਾਸ ਮਨ ਨਾਲ ਅਤੇ ਭਰੀਆਂ ਅੱਖਾਂ ਨਾਲ ਜਦ ਸੇਠ ਕਰੋੜੀ ਮੱਲ ਨੇ ਗੁਰੂ ਹਰਗੋਬਿੰਦ ਦੇ ਸਾਹਮਣੇ ਪੇਸ਼ ਹੋ ਕੇ ਸਾਰੀ ਕਹਾਣੀ ਗੁਰੂਸਰ ਸੁਧਾਰ ਵਿਖੇ ਦੱਸੀ ਤਾਂ ਗੁਰੂ ਜੀ ਨੇ ਉਸ ਨੂੰ ਕਿਹਾ ਕਿ ਤੂੰ ਕਿਸੇ ਗੱਲ ਦੀ ਵੀ ਚਿੰਤਾ ਨਾ ਕਰ, ਤੇਰੇ ਘੋੜੇ ਗੁਰੂ ਘਰ ਵਿਚ ਪ੍ਰਵਾਨ ਹੋ ਚੁੱਕੇ ਹਨ ਅਤੇ ਆਪਣੇ ਆਪ ਗੁਰੂ ਘਰ ਵਿਚ ਆ ਜਾਣਗੇ। ਉਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਇਕ ਹੋਰ ਸਿੱਖ ਭਾਈ ਬਿਧੀ ਚੰਦ ਦੀ ਜ਼ਿੰਮੇਵਾਰੀ ਲਗਾ ਦਿੱਤੀ ਕਿ ਲਾਹੌਰ ਦਰਬਾਰ ਵਿੱਚੋਂ ਦੋਵੇਂ ਘੋੜੇ ਲੈ ਕੇ ਆਵੇ।

## ਬਿਧੀ ਚੰਦ ਦੀ ਸਕੀਮ

ਗੁਰੂ ਦੇ ਹੁਕਮ ਮਿਲਦੇ ਹੀ ਭਾਈ ਬਿਧੀ ਚੰਦ ਲਾਹੌਰ ਵੱਲ ਕੂਚ ਕਰ ਗਿਆ ਅਤੇ ਕੁਝ ਦਿਨਾਂ ਦੇ ਅੰਦਰ-ਅੰਦਰ ਹੀ ਉਹ ਘਸੇਰਾ ਬਣ ਕੇ ਘਾਹ ਲਿਆ ਕੇ ਵੇਚਣ ਲੱਗ ਪਿਆ ਅਤੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ, ਜਿੱਥੇ ਦੋਵੇਂ ਘੋੜੇ ਰੱਖੇ ਹੋਏ ਸਨ, ਆਉਣਾ ਜਾਣਾ ਸ਼ੁਰੂ ਕਰ ਦਿੱਤਾ ਅਤੇ ਉਥੋਂ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨਾਲ ਵਿਸ਼ਵਾਸ ਪੈਦਾ ਕਰ ਲਿਆ।

ਕੁਝ ਦਿਨਾਂ ਬਾਅਦ ਈਦ ਵਾਲੇ ਦਿਨ ਭਾਈ ਬਿਧੀ ਚੰਦ ਨੇ ਸ਼ਾਹੀ ਦਰਬਾਰ ਦੇ ਤਬੇਲੇ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨੂੰ ਕਿਸੇ ਨਸ਼ੇ ਵਾਲੀ ਚੀਜ਼ ਦਾ ਸੇਵਨ ਕਰਵਾ ਕੇ ਮਦਹੋਸ਼ ਕਰ ਦਿੱਤਾ ਅਤੇ ਰਾਤ ਨੂੰ ਗੁਲਬਾਗ ਘੋੜਾ ਲੈ ਕੇ ਉੱਥੋਂ ਚੱਲ ਪਿਆ ਅਤੇ ਮਾਲਵੇ ਦੇ ਭਾਈਰੂਪੇ ਪਿੰਡ ਵਿਚ ਗੁਰੂ ਸਾਹਿਬ ਦੇ ਹਵਾਲੇ ਕਰ ਦਿੱਤਾ।

ਉਸ ਤੋਂ ਬਾਅਦ ਦੂਜਾ ਘੋੜਾ ਲੈ ਕੇ ਆਉਣ ਲਈ ਭਾਈ ਬਿਧੀ ਚੰਦ ਨੇ ਜੋਤਸ਼ੀ ਜਾਂ ਨਜੂਮੀ ਦਾ ਰੂਪ ਧਾਰਨ ਕਰ ਕੇ ਇਕ ਵਾਰ ਫਿਰ ਲਾਹੌਰ ਦੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ ਆਪਣਾ ਆਉਣਾ ਜਾਣਾ ਸ਼ੁਰੂ ਕਰ ਦਿੱਤਾ। ਕੁਝ ਦਿਨਾਂ ਵਿਚ ਹੀ ਦਿਲਬਾਗ ਘੋੜਾ ਗੁਰੂ ਹਰਗੋਬਿੰਦ ਦੇ ਚਰਨਾਂ ਵਿਚ ਪਿੰਡ ਕਾਂਗੜ ਵਿਖੇ ਹਾਜ਼ਰ ਕਰ ਦਿੱਤਾ। ਗੁਰੂ ਜੀ ਕੋਲ ਜਦ ਇਹ ਦੋਵੇਂ ਘੋੜੇ ਪਹੁੰਚ ਗਏ ਤਾਂ ਉਨ੍ਹਾਂ ਨੇ ਦਿਲਬਾਗ ਦਾ ਨਾਂ ਜਾਨ ਭਾਈ ਰੱਖਿਆ ਅਤੇ ਗੁਲਬਾਗ ਦਾ ਨਾਂ ਸੁਹੇਲਾ ਰੱਖਿਆ।

## ਦੂਜੇ ਘੋੜੇ ਲਈ ਤਿਆਰੀ

ਜਦ ਭਾਈ ਬਿਧੀ ਚੰਦ ਦੂਸਰਾ ਘੋੜਾ ਲਾਹੌਰ ਦੇ ਸ਼ਾਹੀ ਦਰਬਾਰ ਵਿੱਚੋਂ ਲੈ ਕੇ ਆ ਰਿਹਾ ਸੀ ਤਾਂ ਉਸ ਨੇ ਸ਼ਾਹੀ ਦਰਬਾਰ ਦੇ ਪਹਿਰੇਦਾਰਾਂ, ਸੈਨਿਕਾਂ ਤੇ ਹੋਰ ਉੱਚ ਕੋਟੀ ਦੇ ਕਰਮਚਾਰੀਆਂ ਨੂੰ ਦੱਸ ਦਿੱਤਾ ਕਿ ਇਹ ਘੋੜੇ ਗੁਰੂ ਜੀ ਦੇ ਸਨ ਅਤੇ ਉਹ ਇਹ ਘੋੜੇ ਗੁਰੂ ਜੀ ਕੋਲ ਮਾਲਵੇ ਦੀ ਧਰਤੀ 'ਤੇ ਲੈ ਕੇ ਚੱਲਿਆ ਹੈ। ਉਸ ਨੇ ਇਹ ਵੀ ਐਲਾਨ ਕਰ ਦਿੱਤਾ ਕਿ ਉਹ ਗੁਰੂ ਦਾ ਸਿੰਘ ਬਿਧੀ ਚੰਦ ਹੈ ਜੇ ਕਿਸੇ ਵਿਚ ਤਾਕਤ ਹੈ ਤਾਂ ਉਸ ਦਾ ਪਿੱਛਾ ਕਰ ਕੇ ਦੇਖ ਲਵੇ। ਜਦ ਭਾਈ ਬਿਧੀ ਚੰਦ ਨੇ ਗੁਰੂ ਜੀ ਨੂੰ ਇਹ ਸਾਰੀ ਕਹਾਣੀ ਦੱਸੀ ਤਾਂ ਗੁਰੂ ਜੀ ਨੇ ਉਨ੍ਹਾਂ ਕੋਲ ਬੈਠੇ ਭਾਈ ਰਾਏ ਜੋਧ ਨੂੰ ਕਿਹਾ ਕਿ ਮੁਗ਼ਲ ਫ਼ੌਜ ਯੁੱਧ ਕਰਨ ਪਿੱਛੇ ਅਵੱਸ਼ ਆਵੇਗੀ ਇਸ ਕਰਕੇ ਕੋਈ ਇਸ ਤਰ੍ਹਾਂ ਦੀ ਜਗ੍ਹਾ ਦੱਸੀ ਜਾਵੇ, ਜਿੱਥੇ ਯੁੱਧ ਲੜ ਕੇ ਮੁਗ਼ਲ ਫ਼ੌਜ 'ਤੇ ਫ਼ਤਹਿ ਪ੍ਰਾਪਤ ਕੀਤੀ ਜਾ ਸਕੇ।

### ਸਿਧਾਂਤਾਂ ਤੇ ਚਿੰਨ੍ਹਾਂ ਦੀ ਉਤਪਤੀ

ਇਨ੍ਹਾਂ ਯੁੱਧਾਂ ਵਿੱਚੋਂ ਹੀ ਹਿੰਦੂ ਸਿੱਖ ਅਤੇ ਹੋਰ ਧਰਮਾਂ ਦੇ ਕਈ ਸਿਧਾਂਤ ਅਤੇ ਚਿੰਨ੍ਹ ਪੈਦਾ ਹੋਏ। ਜਿਸ ਤਰ੍ਹਾਂ ਮਹਾਭਾਰਤ ਦੇ ਯੁੱਧ ਵਿਚ ਭਗਵਾਨ ਕ੍ਰਿਸ਼ਨ ਨੇ ਅਰਜੁਨ ਨੂੰ ਉਪਦੇਸ਼ ਦਿੱਤਾ ਸੀ ਕਿ ਲੜਾਈ ਦੇ ਮੈਦਾਨ ਵਿਚ ਕੋਈ ਵੀ ਰਿਸ਼ਤੇਦਾਰ ਜਾਂ ਸਕਾ ਸਬੰਧੀ ਨਹੀਂ ਹੁੰਦਾ ਅਤੇ ਸਾਰੇ ਬਰਾਬਰ ਹੁੰਦੇ ਹਨ, ਉਸੇ ਤਰ੍ਹਾਂ ਹੀ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਨੇ ਮਹਿਰਾਜ ਵਿਚ ਹੋਈ ਮੁਗ਼ਲਾਂ ਦੀ ਲੜਾਈ ਜਿੱਤ ਕੇ ਸਿੱਖ ਸ਼ਰਧਾਲੂਆਂ ਨੂੰ ਇਹ ਸੰਦੇਸ਼ ਦਿੱਤਾ ਕਿ ਮੌਤ ਪਿੱਛੋਂ ਕੋਈ ਵੀ ਦੁਸ਼ਮਣ ਨਹੀਂ ਰਹਿ ਜਾਂਦਾ ਅਤੇ ਇਸ ਕਰਕੇ ਹਰੇਕ ਦੁਸ਼ਮਣ ਦੀ ਮੌਤ ਤੋਂ ਬਾਅਦ ਉਸ ਦਾ ਅੰਤਿਮ ਸੰਸਕਾਰ ਉਸ ਦੇ ਧਰਮ ਦੇ ਰੀਤੀ ਰਿਵਾਜਾਂ ਅਨੁਸਾਰ ਕੀਤਾ ਜਾਵੇ।

## ਯੁੱਧ ਦੀ ਤਿਆਰੀ

ਰਾਏ ਜੋਧ ਦੇ ਕਹਿਣ 'ਤੇ ਗੁਰੂ ਜੀ ਨੇ ਮਹਿਰਾਜ ਵਿਖੇ ਆਪਣੇ ਤੰਬੂ ਗੱਡ ਲਏ ਕਿਉਂਕਿ ਇਸ ਦੇ ਲਾਗੇ ਹੀ ਪਾਣੀ ਦੀ ਢਾਬ ਸੀ ਜਿਸ ਨੂੰ ਕਾਲੂ ਨਾਥ ਦੀ ਰੰਗਾ ਵੀ ਕਹਿੰਦੇ ਸਨ, ਇਹ ਇਲਾਕਾ ਯੁੱਧ ਨੀਤੀ ਦੇ ਪੱਖੋਂ ਪਰਪੱਕ ਸੀ। ਇਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਸਿੰਘ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਅਤੇ ਥੋੜ੍ਹੇ ਸਮੇਂ ਵਿਚ ਹੀ ਗੁਰੂ ਜੀ ਕੋਲ ਰਾਏ ਜੋਧ, ਸਲੇਮ ਸ਼ਾਹ, ਭਾਈ ਜੇਠਾ, ਭਾਈ ਮੰਝ, ਭਾਈ ਮਿੱਟੂ, ਭਾਈ ਭੋਮਾ, ਭਾਈ ਕਟਾਰਾ, ਭਾਈ ਭਾਗੂ, ਭਾਈ ਭਾਗਾ, ਭਾਈ ਬਿਧੀ ਚੰਦ ਅਤੇ ਭਾਈ ਜੈਤਾ ਆਪਣੀ ਸਿੱਖ ਫ਼ੌਜ ਸਮੇਤ ਹਾਜ਼ਰ ਹੋ ਗਏ। ਇਸ ਇਲਾਕੇ ਦੇ ਬਸ਼ਿੰਦਿਆਂ ਨੇ ਗੁਰੂ ਜੀ ਦੀ ਅਤੇ ਸਿੰਘਾਂ ਦੀ ਫ਼ੌਜ ਰਸਦ ਦਾ ਇੰਤਜ਼ਾਮ ਬਹੁਤ ਵੱਡੀ ਤਾਦਾਦ ਵਿਚ ਕਰ ਦਿੱਤਾ।

ਮੁਗ਼ਲ ਅਤੇ ਤੁਰਕ ਫ਼ੌਜਾਂ ਦੇ ਲਗਪਗ 35 ਹਜ਼ਾਰ ਸਿਪਾਹੀ ਚੋਣਵੇਂ ਜਰਨੈਲਾਂ, ਜਿਨ੍ਹਾਂ ਵਿਚ ਲਾਲ ਬੇਗ, ਉਸ ਦਾ ਭਰਾ ਕਮਰ ਬੇਗ, ਕਾਬਲੀ ਬੇਗ, ਇਸਮਾਈਲ ਖ਼ਾਨ, ਨਾਹਰ ਖ਼ਾਨ, ਜ਼ਾਲਮ ਖ਼ਾਨ ਅਤੇ ਸ਼ਮਸ਼ ਬੇਗ ਦੀ ਕਮਾਨ ਹੇਠ ਮਹਿਰਾਜ ਦੇ ਲਾਗੇ ਪਹੁੰਚ ਗਏ ਅਤੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਦੇ ਹੁਕਮ 'ਤੇ ਗੁਰੂ ਹਰਗੋਬਿੰਦ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੜਾਈ ਦੇ ਮੈਦਾਨ ਵਿਚ ਮਾਰਨ ਲਈ ਤਿਆਰੀ ਕਰਨ ਲੱਗ ਪਏ।



ਪਵਿੱਤਰ ਬੇਰੀ, ਜਿੱਥੇ ਗੁਰੂ ਸਾਹਿਬ ਨੇ ਆਪਣਾ ਘੋੜਾ ਬੰਨ੍ਹਿਆ ਸੀ।

ਮੁਗ਼ਲ ਫ਼ੌਜਾਂ ਬਹੁਤ ਵੱਡੀ ਗਿਣਤੀ ਵਿਚ ਗੁਰੂ ਜੀ 'ਤੇ ਹਮਲਾ ਕਰਨ ਲਈ ਮਹਿਰਾਜ ਵਿਖੇ ਲਾਹੌਰ ਤੋਂ ਚੱਲ ਕੇ ਹਰੀਕੇ ਪੱਤਣ ਸਤਲੁਜ ਦਰਿਆ ਪਾਰ ਕਰ ਕੇ ਪਹੁੰਚ ਗਈਆਂ। ਜਦ ਮੁਗ਼ਲ ਫ਼ੌਜਾਂ ਕੌੜੀਆਂ ਦੀ ਮਾੜੀ ਲਾਗੇ ਪਾਣੀ ਦੀ ਭਾਲ ਵਿਚ ਰਾਤ ਦੇ ਸਮੇਂ ਪਹੁੰਚੀਆਂ ਤਾਂ ਗੁਰੂ ਹਰਗੋਬਿੰਦ ਦੇ ਸਿੰਘ ਜੋ ਪੂਰੀ ਵਿਉਂਤਬੰਦੀ ਕਰ ਕੇ ਛੋਟੇ-ਛੋਟੇ ਜੱਥਿਆਂ ਦੇ ਰੂਪ ਵਿਚ ਉਸ ਇਲਾਕੇ ਵਿਚ ਪੂਰੀ ਤਿਆਰੀ ਨਾਲ ਬੈਠੇ ਸਨ ਅਤੇ ਇਸ ਮੌਕੇ ਦੀ ਤਲਾਸ਼ ਵਿਚ ਸਨ, ਇਕਦਮ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਥੋੜ੍ਹੇ ਸਮੇਂ ਵਿਚ ਹੀ ਬਹੁਤ ਵੱਡੀ ਗਿਣਤੀ ਵਿਚ ਮੁਗ਼ਲ ਫ਼ੌਜਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਹਜ਼ਾਰਾਂ ਮੁਗ਼ਲ ਫ਼ੌਜੀਆਂ ਦੀ ਮੌਤ ਦੇ ਪਿੱਛੋਂ ਇਨ੍ਹਾਂ ਦੇ ਜਰਨੈਲ ਲਾਲ ਬੇਗ ਨੇ ਆਪਣੇ ਭਰਾ ਕਮਰ ਬੇਗ ਨੂੰ 7 ਹਜ਼ਾਰ ਫ਼ੌਜੀਆਂ ਨਾਲ ਸਿੰਘਾਂ ਦਾ ਮੁਕਾਬਲਾ ਕਰਨ ਲਈ ਕਹਿ ਦਿੱਤਾ ਅਤੇ ਆਪ ਹੋਰ ਫ਼ੌਜੀ ਅਫ਼ਸਰਾਂ ਦੇ ਲਈ ਤੰਬੂ, ਰਸਦ ਅਤੇ ਹੋਰ ਇੰਤਜ਼ਾਮਾਂ ਵਿਚ ਰੁੱਝ ਗਿਆ ਪਰ ਸਿੰਘਾਂ ਦੀ ਦੇਗ ਚਲਾਉਣ ਦੀ ਗਤੀ ਨੂੰ ਵੇਖ ਕੇ ਮੁਗ਼ਲ ਫ਼ੌਜੀ ਅਫ਼ਸਰ ਭੈਭੀਤ ਹੋ ਗਏ ਅਤੇ ਯੁੱਧ ਦੇ ਮੈਦਾਨ ਵਿੱਚੋਂ ਦੂਰ ਜਾ ਕੇ ਅੱਗ ਸੇਕ ਕੇ ਠੰਢ ਨੂੰ ਦੂਰ ਕਰਨ ਲੱਗ ਪਏ।

## ਮੁਗ਼ਲ ਫ਼ੌਜ ਦੇ ਛੱਕੇ ਛੁਡਾਏ

ਗੁਰੂ ਦੇ ਸਿੰਘ ਯੋਧੇ ਜਿਨ੍ਹਾਂ ਵਿਚ ਰਾਏ ਜੋਧ ਅਤੇ ਸਲੇਮ ਸ਼ਾਹ ਆਪਣੀ ਪੰਜ-ਪੰਜ ਸੌ ਫ਼ੌਜੀਆਂ ਦੀ ਟੁਕੜੀ ਨਾਲ ਲੜਾਈ ਲੜ ਰਹੇ ਸਨ, ਨੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾ ਦਿੱਤੇ ਅਤੇ ਕੁਝ ਘੰਟਿਆਂ ਵਿਚ ਹੀ ਲੜਾਈ ਦਾ ਮੈਦਾਨ ਮੁਗ਼ਲ ਫ਼ੌਜਾਂ ਦੇ ਸਿਪਾਹੀਆਂ ਦੇ ਅਤੇ ਉਨ੍ਹਾਂ ਦੇ ਘੋੜਿਆਂ ਦੇ ਕੱਟੇ ਹੋਏ ਅੰਗਾਂ ਨਾਲ ਭਰ ਗਿਆ। ਮੁਗ਼ਲ ਫ਼ੌਜੀ ਹਨੇਰੀ ਤੇ ਠੰਢੀ ਰਾਤ ਨੂੰ ਲੜਾਈ ਦੇ ਮੈਦਾਨ 'ਚ ਤਾਸ਼ ਦੇ ਪੱਤਿਆਂ ਵਾਂਗ ਧਰਤੀ 'ਤੇ ਡਿੱਗ ਰਹੇ ਸਨ। ਇਸ ਤਰ੍ਹਾਂ ਸਿੰਘ ਯੋਧਿਆਂ ਨੇ 7 ਹਜ਼ਾਰ ਮੁਗ਼ਲ ਫ਼ੌਜਾਂ ਦੀ ਟੁਕੜੀ ਨੂੰ ਲੜਾਈ ਦੇ ਮੈਦਾਨ ਵਿੱਚੋਂ ਸਾਫ਼ ਕਰ ਦਿੱਤਾ।

ਦੂਸਰੇ ਦਿਨ ਫਿਰ ਲਾਲ ਬੇਗ, ਕਮਰ ਬੇਗ ਅਤੇ ਕੁਝ ਚੋਣਵੇਂ ਜਰਨੈਲ ਸਵੇਰੇ ਹੀ 8000 ਫ਼ੌਜੀਆਂ ਦੀ ਟੁਕੜੀ ਲੈ ਕੇ ਯੁੱਧ ਦੇ ਮੈਦਾਨ ਵਿਚ ਕੁੱਦ ਪਏ। ਸਿੰਘ ਯੋਧੇ, ਜਿਨ੍ਹਾਂ ਦਾ ਹੌਸਲਾ ਚੜ੍ਹਦੀਕਲਾ ਵਿਚ ਸੀ ਬਗ਼ੈਰ ਕਿਸੇ ਸਮੇਂ ਦੀ ਬਰਬਾਦੀ ਤੋਂ ਫਿਰ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਕੁੱਝ ਹੀ ਘੰਟਿਆਂ ਵਿਚ 8000 ਫ਼ੌਜੀਆਂ ਨੂੰ ਵੀ ਜੀਵਨ ਮੁਕਤੀ ਦੇ ਦਿੱਤੀ।

## ਕਰੋ ਜਾਂ ਮਰੋ ਦੀ ਰਣਨੀਤੀ

8000 ਮੁਗ਼ਲ ਫ਼ੌਜੀਆਂ ਦੇ ਮਾਰੇ ਜਾਣ ਪਿੱਛੋਂ ਲਾਲ ਬੇਗ ਨੇ ਆਪਣੇ ਭਾਣਜੇ ਕਾਬਲੀ ਬੇਗ ਨਾਲ ਸਲਾਹ ਕੀਤੀ ਕਿ ਹੁਣ ਗੁਰੂ ਹਰਗੋਬਿੰਦ ਤੇ ਉਸ ਦੀਆਂ ਫ਼ੌਜਾਂ 'ਤੇ ਅਗਲੇ ਦਿਨ ਹਮਲਾ ਕਰੋ ਜਾਂ ਮਰੋ ਦੀ ਰਣਨੀਤੀ ਨਾਲ ਕੀਤਾ ਜਾਵੇਗਾ ਤਾਂ ਕਿ ਗੁਰੂ ਹਰਗੋਬਿੰਦ ਉੱਤੇ ਇਸ ਯੁੱਧ ਵਿਚ ਜਿੱਤ ਪ੍ਰਾਪਤ ਕੀਤੀ ਜਾ ਸਕੇ। ਪਰ ਲਾਲ ਬੇਗ ਦੇ ਦੋ ਪੁੱਤਰ ਕਾਸਮ ਬੇਗ ਅਤੇ ਸ਼ਮਸ਼ ਬੇਗ, ਜਿਹੜੇ ਬਹੁਤ ਗੁੱਸੇ ਵਿਚ ਸਨ, ਆਪਣੇ ਪਿਤਾ ਦੀ ਗੱਲ ਨਾ ਮੰਨਦੇ ਹੋਏ ਇਸ ਗੱਲ 'ਤੇ ਬਾਜ਼ਿੱਦ ਹੋ ਗਏ ਕਿ ਗੁਰੂ ਦੇ ਸਿੰਘਾਂ 'ਤੇ ਹਮਲਾ ਅੱਜ ਰਾਤ ਨੂੰ ਹੀ ਕਈ ਹਜ਼ਾਰ ਫ਼ੌਜ ਦੀ ਟੁਕੜੀ ਲੈ ਕੇ ਕੀਤਾ ਜਾਵੇਗਾ।

ਇਸ ਹਮਲੇ ਦਾ ਮੂੰਹ ਤੋੜ ਜਵਾਬ ਦੇਣ ਲਈ ਇਕ ਹਜ਼ਾਰ ਸਿੰਘ ਯੋਧਿਆਂ ਦਾ ਇਕ ਜਥਾ ਭਾਈ ਬਿਧੀ ਚੰਦ ਦੀ ਅਗਵਾਈ ਹੇਠ ਲੜਾਈ ਦੇ ਮੈਦਾਨ ਵਿਚ ਆ ਗਿਆ ਅਤੇ ਉਨ੍ਹਾਂ ਨੇ ਇਸ ਤਰ੍ਹਾਂ ਤੇਗ਼ ਵਾਹੀ ਕਿ ਦਿਨ ਚੜ੍ਹਦੇ ਨੂੰ ਮੁਗ਼ਲ ਫ਼ੌਜਾਂ ਵਿਚ ਭਾਜੜ ਪਾ ਦਿੱਤੀ ਅਤੇ ਲਾਸ਼ਾਂ ਦੇ ਢੇਰ ਵਿਛਾ ਦਿੱਤੇ। ਅਸਮਾਨ ਵਿਚ ਗਿਰਜਾਂ ਮੰਡਰਾਉਣ ਲੱਗ ਪਈਆਂ ਅਤੇ ਧਰਤੀ ਦਾ ਰੰਗ ਲਾਲ ਕਰ ਦਿੱਤਾ।

## ਗੁਰੂ ਜੀ ਮੈਦਾਨ 'ਚ ਕੁੱਦੇ

ਲਗਪਗ 25 ਹਜ਼ਾਰ ਮੁਗ਼ਲ ਫ਼ੌਜੀ ਮਰਵਾਉਣ ਪਿੱਛੋਂ ਲਾਲ ਬੇਗ 10 ਹਜ਼ਾਰ ਫ਼ੌਜੀਆਂ ਨਾਲ ਸਿੰਘ ਯੋਧਿਆਂ ਉੱਤੇ ਫਿਰ ਚੜ੍ਹਾਈ ਕਰਨ ਲੱਗ ਪਿਆ। ਇਸ ਦਾ ਜਵਾਬ ਦੇਣ ਲਈ ਰਾਏ ਜੋਧ, ਉਸਦਾ ਭਰਾ ਅਤੇ ਚਾਚਾ ਅੱਗੇ ਆਏ ਅਤੇ ਮੁਕਾਬਲਾ ਕੀਤਾ। ਗੁਰੂ ਜੀ ਖ਼ੁਦ ਸੁਹੇਲੇ ਤੇ ਸਵਾਰ ਹੋ ਕੇ ਮੈਦਾਨ ਵਿਚ ਕੁੱਦ ਪਏ ਅਤੇ ਆਪਣੇ ਸੂਹੀਏ ਤੋਂ ਸਾਰੀ ਜਾਣਕਾਰੀ ਲੈ ਕੇ ਸਭ ਤੋਂ ਪਹਿਲਾ ਤੀਰ ਲਾਲ ਬੇਗ 'ਤੇ ਛੱਡ ਦਿੱਤਾ। ਲਾਲ ਬੇਗ ਦੇ ਸਿਰ ਦਾ ਤਾਜ ਉਡ ਕੇ ਧਰਤੀ 'ਤੇ ਡਿੱਗ ਪਿਆ। ਗੁਰੂ ਜੀ ਵੱਲੋਂ ਕੀਤੀ ਤੀਰਾਂ ਦੀ ਬੁਛਾੜ ਨੇ ਮੁਗ਼ਲਾਂ ਦੇ ਹੋਸ਼ ਉਡਾ ਦਿੱਤੇ ਅਤੇ ਉਨ੍ਹਾਂ ਵਿਚ ਕੰਬਣੀ ਛੇੜ ਦਿੱਤੀ। ਮੁਗ਼ਲ ਫ਼ੌਜਾਂ ਦੇ ਵੱਡੇ-ਵੱਡੇ ਅਧਿਕਾਰੀ, ਜੋ ਆਪਣੇ ਆਪ ਨੂੰ ਮਹਾਨ ਯੋਧਾ ਅਖਵਾਉਂਦੇ ਸਨ, ਢਹਿ ਢੇਰੀ ਹੋਣ ਲੱਗ ਪਏ।

ਭਾਵੇਂ ਗੁਰੂ ਜੀ ਇਸ ਯੁੱਧ ਵਿਚ ਜ਼ਖ਼ਮੀ ਹੋ ਗਏ ਪਰ ਉਨ੍ਹਾਂ ਨੇ ਕਾਬਲੀ ਬੇਗ 'ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਟੋਟੇ ਕਰ ਦਿੱਤੇ। ਉਧਰ ਰਾਏ ਜੋਧ ਨੇ ਕਮਰ ਬੇਗ ਦੀ ਸਾਂਗ ਨਾਲ ਛਾਤੀ ਪਾੜ ਕੇ ਉਸ ਦੇ ਦੋ ਟੋਟੇ ਕਰ ਦਿੱਤੇ। ਇਸ ਤੋਂ ਇਲਾਵਾ ਗੁਰੂ ਦੇ ਸਿੰਘ ਭਲਣ ਨੇ ਸ਼ਮਸ਼ ਬੇਗ ਅਤੇ ਰਾਏ ਲਾਲ ਨੇ ਕਾਸਮ ਬੇਗ ਨੂੰ ਬਰਛਿਆਂ ਨਾਲ ਮਾਰ ਦਿੱਤਾ।

ਇਨ੍ਹਾਂ ਮੁਗ਼ਲ ਜਰਨੈਲਾਂ ਦੀ ਮੌਤ ਤੋਂ ਬਾਅਦ ਕੁਝ ਹੋਰ ਮੁਗ਼ਲ ਜਰਨੈਲ ਗੁੱਲ ਖ਼ਾਂ, ਅਸਮਾਈਲ ਖ਼ਾਂ, ਅਬਦਾਲੀ, ਜ਼ਾਲਮ ਖ਼ਾਂ, ਨਾਹਰ ਖ਼ਾਂ ਅਤੇ ਹਬਸ਼ੀ ਜੋ ਬੜੇ ਜ਼ੋਰਾਵਰ ਲੜਾਕੇ ਅਖਵਾਉਂਦੇ ਸਨ, ਨੇ ਲਾਲ ਬੇਗ ਦੀ ਅਗਵਾਈ ਹੇਠਾਂ ਸਿੱਖ ਯੋਧਿਆਂ 'ਤੇ ਫਿਰ ਹਮਲਾ ਬੋਲ ਦਿੱਤਾ।

ਸਿੱਖ ਯੋਧੇ ਜਿਨ੍ਹਾਂ ਵਿਚ ਸਲੇਮ ਸ਼ਾਹ, ਭਾਈ ਬਿਧੀ ਚੰਦ ਚੌਧਰੀ ਚੂਹੜ, ਦੁਲਟ, ਭਾਈ ਜੈਤਾ ਜੋ ਗੁਰੂ ਜੀ ਦਾ ਸ਼ੇਰ ਅਖਵਾਉਂਦਾ ਸੀ, ਭਗਤਾ ਅਤੇ ਨੰਦਾ, ਇਸ ਲੜਾਈ ਵਿਚ ਬੜੀ ਦਲੇਰੀ ਨਾਲ ਦਿਲ ਖੋਲ੍ਹ ਕੇ ਲੜੇ ਅਤੇ ਆਪਣੀ ਜਾਨ ਤਲੀ 'ਤੇ ਧਰਦੇ ਹੋਏ ਇਸ ਤਰ੍ਹਾਂ ਤੇਗਾਂ ਵਾਹੁੰਦੇ ਰਹੇ ਕਿ ਮੁਗ਼ਲ ਫ਼ੌਜਾਂ ਉਨ੍ਹਾਂ ਲਈ ਰਾਹ ਛੱਡਦੀਆਂ ਰਹੀਆਂ।

### ਯੁੱਧਾਂ ਦੀ ਧਰਤ ਪੰਜਾਬ

ਅਣਵੰਡੇ ਪੰਜਾਬ ਦੇ ਕੋਨੇ-ਕੋਨੇ ਵਿਚ ਪੁਰਾਤਨ ਕਾਲ ਤੋਂ ਲੈ ਕੇ ਆਧੁਨਿਕ ਕਾਲ ਤਕ ਕਈ ਧਰਮ, ਕਈ ਸਮਾਜ ਅਤੇ ਕਈ ਸਮਾਜ ਸੁਧਾਰਕ ਲਹਿਰਾਂ ਦਾ ਜਨਮ ਹੋਇਆ ਅਤੇ ਵੱਖਰੇ-ਵੱਖਰੇ ਧਰਮਾਂ ਦੇ ਲੋਕਾਂ ਵਿਚ ਆਪਣੇ ਧਰਮ ਨੂੰ ਬਚਾਉਣ ਲਈ ਜਾਂ ਆਪਣੇ ਸਮਾਜ ਦੀਆਂ ਕਦਰਾਂ ਕੀਮਤਾਂ ਨੂੰ ਬਚਾਉਣ ਲਈ ਬਹੁਤ ਵੱਡੇ ਯੁੱਧ ਹੋਏ ਹਨ। ਜੇ ਅਣਵੰਡੇ ਪੰਜਾਬ ਦੀ ਕੁਰੂਕਸ਼ੇਤਰ ਦੀ ਧਰਤੀ ਵਿਖੇ ਮਹਾਭਾਰਤ ਦਾ ਮਹਾਂਯੁੱਧ ਹੋਇਆ ਹੈ ਤਾਂ ਪੰਜਾਬ ਦੀ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਵਿਖੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਅਖ਼ੀਰਲੇ ਯੁੱਧ ਵਿਚ ਮੁਗ਼ਲਾਂ ਦੇ ਦੰਦ ਖੱਟੇ ਕੀਤੇ। ਅਣਵੰਡੇ ਪੰਜਾਬ ਵਿਚ ਸਿੱਖ ਗੁਰੂਆਂ ਅਤੇ ਪਹਾੜੀ ਹਿੰਦੂ ਰਾਜਿਆਂ ਦਾ ਯੁੱਧ, ਸਿੱਖ ਗੁਰੂਆਂ ਤੇ ਮੁਗ਼ਲਾਂ ਦਾ ਯੁੱਧ, ਸਿੱਖ ਰਾਜਿਆਂ ਦਾ ਮੁਗ਼ਲਾਂ ਨਾਲ ਯੁੱਧ, ਸਿੱਖ ਰਾਜਿਆਂ ਦਾ ਅੰਗਰੇਜ਼ਾਂ ਨਾਲ ਯੁੱਧ ਪੰਜਾਬ ਦੀ ਧਰਤੀ 'ਤੇ ਵੱਖਰੇ-ਵੱਖਰੇ ਥਾਵਾਂ 'ਤੇ ਥੋੜ੍ਹੇ-ਥੋੜ੍ਹੇ ਸਮੇਂ ਪਿੱਛੋਂ ਹੁੰਦਾ ਰਿਹਾ ਅਤੇ ਇਹ ਪੰਜ ਦਰਿਆਵਾਂ ਦੀ ਧਰਤੀ ਲੰਬੇ ਸਮੇਂ ਤਕ ਸੂਹੇ ਰੰਗ ਦੀ ਚਾਦਰ ਵਿਚ ਲਿਪਟੀ ਰਹੀ।

## ਫ਼ੌਜ ਦੇ ਕੀਤੇ ਦੰਦੇ ਖੱਟੇ

ਭਾਵੇਂ ਗੁਰੂ ਜੀ ਇਸ ਯੁੱਧ ਦੌਰਾਨ ਜ਼ਖ਼ਮੀ ਹੋ ਗਏ ਸਨ ਪਰ ਫਿਰ ਵੀ ਉਨ੍ਹਾਂ ਨੇ ਮੁਗ਼ਲ ਜਰਨੈਲਾਂ ਨੂੰ ਮੂੰਹ ਤੋੜ ਜਵਾਬ ਦੇਣ ਲਈ ਯੁੱਧ ਦੇ ਮੈਦਾਨ ਵਿਚ ਆ ਕੇ ਮੁਗ਼ਲਾਂ ਦੇ ਛੱਕੇ ਛੁਡਾਉਣੇ ਸ਼ੁਰੂ ਕਰ ਦਿੱਤੇ। ਥੋੜ੍ਹੇ ਜਿਹੇ ਹੀ ਚਿਰ ਪਿੱਛੋਂ 18 ਸੇਰ ਦੇ ਖੰਡੇ ਨਾਲ ਗੁਰੂ ਜੀ ਨੇ ਲਾਲ ਬੇਗ ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਫਾੜ੍ਹ ਹੋ ਗਏ। ਦੂਜੇ ਪਾਸੇ ਭੱਲਣ ਸਿੰਘ ਨੇ ਹਬਸ਼ੀ ਮੁਗ਼ਲ ਲੜਾਕੂ ਨੂੰ ਆਪਣੀ ਸਾਂਗ ਨਾਲ ਮਾਰ ਕੇ ਉਸ ਵਿਚ ਹੀ ਪਰੋ ਲਿਆ। ਭਾਈ ਬਿਧੀ ਚੰਦ ਨੇ ਗੁਲਾਬ ਖ਼ਾਂ ਨੂੰ, ਰਾਏ ਲਾਲ ਨੇ ਇਸਮਾਈਲ ਖ਼ਾਂ ਨੂੰ, ਭਾਈ ਜੈਤੇ ਨੇ ਬਹਿਲੋਲ ਅਤੇ ਰਾਏ ਜੋਧ ਨੇ ਕਮਰ ਬੇਗ ਨੂੰ ਮਾਰ ਕੇ ਮੁਗ਼ਲ ਫ਼ੌਜਾਂ ਦੇ ਦੰਦ ਖੱਟੇ ਕਰ ਦਿੱਤੇ। ਇਸ ਲੜਾਈ ਵਿਚ ਭਾਈ ਜੇਠਾ, ਜੋ ਕਿ ਗੁਰੂ ਦਾ ਸ਼ੇਰ ਅਖਵਾਉਂਦਾ ਸੀ, ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਸ਼ਹੀਦੀ ਪ੍ਰਾਪਤ ਕਰ ਗਿਆ।

## ਯੁੱਧ ਦੀ ਸਮਾਪਤੀ

ਗਹਿਗੱਚ ਅਤੇ ਘਮਾਸਾਨ ਯੁੱਧ ਦੀ ਸਮਾਪਤੀ ਪਿੱਛੋਂ ਗੁਰੂ ਜੀ ਨੇ ਆਪਣੇ ਅਤੇ ਪਰਾਏ ਸਾਰੇ ਜ਼ਖ਼ਮੀਆਂ ਦੀ ਮੱਲ੍ਹਮ ਪੱਟੀ ਕਰ ਕੇ ਇਲਾਜ ਕੀਤਾ ਅਤੇ ਸੰਗਤਾਂ ਨੂੰ ਹੁਕਮ ਦਿੱਤਾ ਕਿ ਖੂਹ ਪੁੱਟ ਕੇ ਮਰੇ ਹੋਏ ਫ਼ੌਜੀਆਂ ਨੂੰ ਹਥਿਆਰਾਂ ਸਮੇਤ ਦਫਨਾਉਣ ਦਾ ਕਾਰਜ ਕਰੋ ਅਤੇ ਇਸ ਥਾਂ 'ਤੇ ਆ ਕੇ ਗੁਰੂ ਜੀ ਨੇ ਆਪਣਾ ਘੋੜਾ ਬੇਰੀ ਨਾਲ ਬੰਨ੍ਹਿਆ, ਜੋ ਅੱਜ ਵੀ ਮੌਜੂਦ ਹੈ। ਇਸ ਬੇਰੀ ਦੀ ਵਿਲੱਖਣਤਾ ਇਹ ਹੈ ਕਿ ਇਸ ਬੇਰੀ ਦੀ ਟਾਹਣੀ, ਜਿੱਥੇ ਵੀ ਧਰਤੀ ਨਾਲ ਲੱਗਦੀ ਹੈ, ਉੱਥੇ ਹੀ ਨਵੀਂ ਬੇਰੀ ਫੁੱਟ ਪੈਂਦੀ ਹੈ। ਇਸ ਬੇਰੀ ਦੀ ਸਾਂਭ ਸੰਭਾਲ ਲਈ ਮਾਹਿਰਾਂ ਦੀ ਵੀ ਮਦਦ ਲਈ ਜਾਂਦੀ ਹੈ।

ਮੁਗ਼ਲ ਫ਼ੌਜੀਆਂ ਨੂੰ ਦਫਨਾਉਣ ਤੋਂ ਪਿੱਛੋਂ ਉਸ ਖੂਹ ਨੂੰ ਬੰਦ ਕਰਵਾ ਕੇ ਉਸ ਉੱਪਰ ਇਕ ਉੱਚਾ ਥੜ੍ਹਾ ਬਣਵਾ ਕੇ ਸਾਰੇ ਸ਼ਹੀਦ ਸਿੰਘ ਯੋਧਿਆਂ ਦਾ ਆਪਣੇ ਹੱਥੀਂ ਸੰਸਕਾਰ ਕੀਤਾ। ਅੱਜ ਕਲ੍ਹ ਇੱਥੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੌਜੂਦ ਹਨ। ਇਸ ਗੁਰਦੁਆਰਾ ਸਾਹਿਬ ਵਿਚ ਗੁਰੂ ਹਰਗੋਬਿੰਦ ਦੀ ਜੋਤ ਸਦਾ ਜਗਦੀ ਰਹਿੰਦੀ ਹੈ। ਇਸ ਤੋਂ ਬਾਅਦ ਗੁਰੂ ਜੀ ਕੁਝ ਦਿਨ ਇਸੇ ਧਰਤੀ 'ਤੇ ਬਿਰਾਜਮਾਨ ਰਹੇ ਅਤੇ ਕੁਰੂਕਸ਼ੇਤਰ ਦੀ ਧਰਤੀ ਹੋਣ ਦਾ ਵਰ ਦਿੱਤਾ ਅਤੇ ਗੁਰੂਸਰ ਦਾ ਨਾਮ ਦਿੱਤਾ। ਇਸ ਪਾਕ ਪਵਿੱਤਰ ਜਗ੍ਹਾ ਦੀ ਦੇਖਰੇਖ ਲਈ ਇਕ ਸਿੱਖ ਨੂੰ ਜ਼ਿੰਮੇਵਾਰੀ ਦਿੱਤੀ ਗਈ।

## ਗੁਰੂ ਜੀ ਵੱਲੋਂ ਸਨਮਾਨ

ਲੜਾਈ ਉਪਰੰਤ ਗੁਰੂ ਨੇ ਭਾਈ ਬਿਧੀ ਚੰਦ, ਭਾਈ ਰਾਏ ਜੋਧ ਅਤੇ ਹੋਰ ਸਿੰਘ ਯੋਧਿਆਂ ਨੂੰ ਵਿਸ਼ੇਸ਼ ਸਨਮਾਨ ਨਾਲ ਵੀ ਨਿਵਾਜਿਆ। ਨਾਭਾ ਰਿਆਸਤ ਦੇ ਰਾਜੇ ਮਹਾਰਾਜਾ ਹੀਰਾ ਸਿੰਘ ਨੇ ਇਸ ਪਵਿੱਤਰ ਥਾਂ 'ਤੇ ਜਿੱਥੇ ਗੁਰੂ ਜੀ ਨੇ ਤੰਬੂ ਗੱਡੇ ਸਨ 1871 ਤੋਂ ਲੈ ਕੇ 1911 ਵਿਚ ਗੁਰਦੁਆਰਾ ਸਾਹਿਬ ਦੀ ਉਸਾਰੀ ਕੀਤੀ। 1980 ਵਿਚ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਕਾਰ ਸੇਵਾ ਕਰ ਕੇ ਸੰਭਾਲ ਕੀਤੀ ਗਈ।

ਫੋਟੋਆਂ : **ਯਸ਼ਵੀਰ ਗੋਇਲ**
9780436841

---

**ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਇਥੇ ਪੂਰੀ ਹੁੰਦੀ ਹੈ। ਇੱਥੇ ਬਣੇ ਮਿੱਟੀ ਦੇ ਟਿੱਲੇ 'ਤੇ ਲੋਕ ਮਿੱਟੀ ਚੜ੍ਹਾਉਂਦੇ ਹਨ...**

**ਅੱਜ ਮੇਲੇ 'ਤੇ ਵਿਸ਼ੇਸ਼**



# ਭਾਈਚਾਰਕ ਏਕਤਾ ਦਾ ਪ੍ਰਤੀਕ ਸ਼੍ਰੀ ਦੁਰਗਾ ਮਾਤਾ ਮੰਦਰ ਮਾਇਸਰਖਾਨਾ

*ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ ਸੰਨ 1515 ਈ. ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ...*



• ਵੇਦ ਤਾਇਲ
90412-00402

ਬਠਿੰਡਾ-ਮਾਨਸਾ ਹਾਈਵੇ 'ਤੇ ਪ੍ਰਾਚੀਨ ਸ਼੍ਰੀ ਦੁਰਗਾ ਮੰਦਰ ਮਾਈਸਰਖਾਨਾ ਲੋਕਾਂ ਦੀ ਸ਼ਰਧਾ ਦਾ ਕੇਂਦਰ ਹੈ। ਇਸ ਮੰਦਰ ਦੀ ਦੇਖ ਰੇਖ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤੀ ਜਾ ਰਹੀ ਹੈ। ਜਿਸ ਵਿਚ ਮੇਲੇ ਦੌਰਾਨ 5 ਲੱਖ ਤੋਂ ਵਧੇਰੇ ਸ਼ਰਧਾਲੂ ਨਤਮਸਤਕ ਹੁੰਦੇ ਹਨ। ਜਿਸ ਤਰ੍ਹਾਂ ਹਿਮਾਚਲ ਦੇ ਮੰਦਰਾਂ ਵਿਚ ਮਾਤਾ ਜੀ ਪਿੰਡੀ ਰੂਪ ਵਿਚ ਬਿਰਾਜਮਾਨ ਹਨ ਉਸੇ ਤਰ੍ਹਾਂ ਇਸ ਮੰਦਰ ਵਿਚ ਵੀ ਮਾਤਾ ਜੀ ਦੀ ਪ੍ਰਾਚੀਨ ਮੂਰਤੀ ਪਿੰਡੀ ਰੂਪ ਵਿਚ ਹੈ। ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ ਸੰਨ 1515 ਈ. ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ।

ਇਕ ਵਾਰ ਕਮਾਲੂ ਭਗਤ ਨੇ ਜਵਾਲਾ ਜੀ ਜਾ ਕੇ ਬਾਬਾ ਕਾਲੂ ਨਾਥ ਨੂੰ ਕਿਹਾ ਕਿ ਬਾਬਾ ਜੀ ਮਾਤਾ ਜੀ ਦਾ ਇਹ ਮੇਲਾ ਮੇਰੇ ਪਿੰਡ ਮਾਇਸਰਖਾਨਾ ਵਿਖੇ ਲੱਗਿਆ ਕਰੇ ਤਾਂ ਕਿੰਨਾ ਚੰਗਾ ਹੋਵੇਗਾ। ਬਾਬਾ ਕਮਾਲੂ ਸੰਤਾਂ ਵਾਸਤੇ ਹਰ ਰੋਜ਼ ਮਾਇਸਰਖਾਨੇ ਤੋਂ ਨਥਾਨੇ ਦੁੱਧ ਲੈ ਕੇ ਜਾਇਆ ਕਰਦਾ ਸੀ। ਇਕ ਦਿਨ ਜਦੋਂ ਬਾਬਾ ਜੀ ਨਥਾਨੇ ਦੁੱਧ ਲੈ ਕੇ ਗਏ ਤਾਂ ਬਾਬਾ ਕਾਲੂ ਨਾਥ ਕੋਲ ਕੋਹੜੀਆਂ ਦੀ ਇਕ ਟੋਲੀ ਆਈ ਸੀ ਜੋ ਬਾਬਾ ਜੀ ਤੋਂ ਅਸ਼ੀਰਵਾਦ ਲੈ ਕੇ ਆਪਣਾ ਕੋਹੜ ਠੀਕ ਕਰਵਾਉਣ ਆਏ ਸਨ। ਬਾਬਾ ਕਾਲੂ ਨਾਥ ਨੇ ਕਮਾਲੂ ਦਾ ਲਿਆਂਦਾ ਹੋਇਆ ਦੁੱਧ ਉਨ੍ਹਾਂ ਕੋਹੜੀਆਂ ਨੂੰ ਦੇ ਦਿੱਤਾ ਅਤੇ ਕੋਹੜੀਆਂ ਦਾ ਬਚਿਆ ਦੁੱਧ ਇਕੱਠਾ ਕਰਕੇ ਬਾਬਾ ਕਾਲੂ ਨਾਥ ਨੂੰ ਪੀਣ ਲਈ ਦੇ ਦਿੱਤਾ। ਬਾਬਾ ਕਮਾਲੂ ਨੇ ਉਹ ਜੂਠਾ ਦੁੱਧ ਗਲਾਨੀ ਕਰਕੇ ਪੀਣ ਦੀ ਥਾਂ ਉੱਥੇ ਕੋਲ ਖੜ੍ਹੇ ਸੁੱਕੇ ਜੰਡ ਦੇ ਦਰੱਖ਼ਤ ਵਿਚ ਡੋਲ੍ਹ ਦਿੱਤਾ। ਦੁੱਧ ਡੁੱਲ੍ਹਦੇ ਸਾਰ ਹੀ ਉਹ ਜੰਡ ਦਾ ਸੁੱਕਾ ਦਰੱਖ਼ਤ ਹਰਿਆ ਭਰਿਆ ਹੋ ਗਿਆ ਅਤੇ ਕੋਹੜੀਆਂ ਦਾ ਰੋਗ ਠੀਕ ਹੋ ਗਿਆ। ਦੁੱਧ ਡੋਲ੍ਹਣ ਪਿੱਛੋਂ ਬਾਬਾ ਕਾਲੂ ਨਾਥ ਨੇ ਬਾਬਾ ਕਮਾਲੂ ਦਾਸ ਨੂੰ ਕਿਹਾ ਕਿ ਕਮਲਿਆ ਕਮਾਲੂਆ ਤੂੰ ਇਹ ਕੀ ਕੀਤਾ ਮੈਂ ਤੈਨੂੰ ਇਸ ਵਿਚ ਰਿਧੀਆਂ ਸਿੱਧੀਆਂ ਪਾ ਕੇ ਦਿੱਤੀਆਂ ਸਨ ਪਰ ਤੇਰੇ ਕਰਮਾਂ ਵਿਚ ਨਹੀਂ ਸਨ। ਬਾਬਾ ਕਾਲੂ ਨਾਥ ਕਮਾਲੂ 'ਤੇ ਕ੍ਰੋਧਿਤ ਹੋ ਗਏ ਤੇ ਆਪਣੀ ਤਪੱਸਿਆ ਵਿਚ ਲੀਨ ਹੋ ਗਏ।

ਬਾਬਾ ਕਮਾਲੂ ਦਾਸ ਬਹੁਤ ਉਦਾਸ ਹੋ ਕੇ ਬਾਬਾ ਕਾਲੂ ਨਾਥ ਕੋਲ ਪਿੰਡ ਨਥਾਨੇ ਰਹਿਣ ਲੱਗ ਪਏ। ਦੂਜੇ ਪਾਸੇ ਜਦੋਂ ਬਾਬਾ ਕਮਾਲੂ ਨਾਥ ਬਿਰਧ ਅਵਸਥਾ ਵਿਚ ਪਹੁੰਚ ਗਏ ਤਾਂ ਉਹ ਮਾਤਾ ਜੀ ਦੇ ਦਰਸ਼ਨ ਕਰਨ ਜਵਾਲਾ ਜੀ ਨਹੀਂ ਜਾ ਸਕਦੇ ਸੀ ਤਾਂ ਉਨ੍ਹਾਂ ਨੇ ਮਾਤਾ ਜੀ ਨੂੰ ਬੇਨਤੀ ਕੀਤੀ ਕਿ ਮਾਤਾ ਜੀ ਮੈਨੂੰ ਮੇਰੇ ਪਿੰਡ ਆ ਕੇ ਦਰਸ਼ਨ ਦਿਓ। ਇਕ ਦਿਨ ਬਾਬਾ ਕਾਲੂ ਨਾਥ ਨੇ ਸਮਾਧੀ ਖੋਲ੍ਹੀ ਅਤੇ ਬਾਬਾ ਕਮਾਲੂ ਨੂੰ ਕਿਹਾ ਕਿ ਜਾ ਹੁਣ ਤੂੰ ਆਪਣੇ ਪਿੰਡ ਮਾਇਸਰਖਾਨੇ ਜਾ ਉੱਥੇ ਮਾਤਾ ਜਵਾਲਾ ਜੀ ਕੋਹੜਨ ਦੇ ਰੂਪ ਵਿਚ ਆਈ ਹੋਈ ਹੈ ਹੁਣ ਗ਼ਲਤੀ ਨਾ ਕਰੀਂ। ਬਾਬਾ ਕਮਾਲੂ ਨਥਾਨੇ ਤੋਂ ਮਾਇਸਰਖਾਨਾ ਪੁੱਜਾ ਉਸ ਸਮੇਂ ਚਾਰੇ ਪਾਸੇ ਹਨੇਰਾ ਸੀ ਤੇਜ਼ ਹਵਾ ਚੱਲ ਰਹੀ ਸੀ। ਇਕ ਬਜ਼ੁਰਗ ਔਰਤ ਬੈਲ ਗੱਡੀ ਵਿਚ ਬੈਠੀ ਸੀ। ਬਾਬਾ ਕਮਾਲੂ ਉਸ ਬਜ਼ੁਰਗ ਔਰਤ ਦੇ ਪੈਰਾਂ ਵਿਚ ਡਿੱਗ ਪਿਆ। ਬਜ਼ੁਰਗ ਔਰਤ ਉਸਨੂੰ ਕਹਿਣ ਲੱਗੀ ਕਿ ਮੈਨੂੰ ਕੋਹੜ ਦੀ ਬਿਮਾਰੀ ਹੈ ਤੈਨੂੰ ਲੱਗ ਜਾਵੇਗੀ ਤੂੰ ਪਿੱਛੇ ਹੱਟਜਾ, ਪ੍ਰੰਤੂ ਭਗਤ ਕਮਾਲੂ ਬਾਬਾ ਕਾਲੂ ਨਾਥ ਦੀ ਗੱਲ ਮੰਨ ਕੇ ਪਿੱਛੇ ਨਹੀਂ ਹਟਿਆ ਅਤੇ ਮਾਤਾ ਨੂੰ ਅਸ਼ੀਰਵਾਦ ਦੇਣ ਲਈ ਆਖਣ ਲੱਗਾ। ਵਾਰ-ਵਾਰ ਕਹਿਣ 'ਤੇ ਮਾਤਾ ਜੀ ਨੇ ਆਪਣੇ ਅਸਲੀ ਰੂਪ ਵਿਚ ਦਰਸ਼ਨ ਦਿੱਤੇ ਅਤੇ ਭਗਤ ਕਮਾਲੂ ਨੂੰ ਵਰ ਮੰਗਣ ਲਈ ਕਿਹਾ।

ਭਗਤ ਕਮਾਲੂ ਨੇ ਮਾਤਾ ਜੀ ਨੂੰ ਸਾਲ ਵਿਚ ਇਕ ਵਾਰੀ ਮਾਇਸਰਖਾਨੇ ਦਰਸ਼ਨ ਦੇਣ ਨੂੰ ਕਿਹਾ ਪ੍ਰੰਤੂ ਮਾਤਾ ਜੀ ਨੇ ਕਿਹਾ ਕਿ ਉਹ ਸਾਲ ਵਿਚ ਦੋ ਵਾਰ ਅੱਸੂ ਅਤੇ ਚੇਤ ਦੇ ਨਵਰਾਤਿਆਂ ਦੀ ਛਟ ਨੂੰ ਇੱਥੇ ਆ ਕੇ ਦਰਸ਼ਨ ਦਿਆ ਕਰਾਂਗੀ ਜੋ ਵੀ ਭਗਤ ਇੱਥੇ ਮੇਰੇ ਦਰਸ਼ਨ ਕਰੇਗਾ ਉਸਦੀ ਸਭ ਮਨੋਕਾਮਨਾ ਪੂਰੀ ਹੋਵੇਗੀ।

ਇਸੇ ਤਰ੍ਹਾਂ ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਇੱਥੇ ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਪੂਰੀ ਹੁੰਦੀ ਹੈ। ਇੱਥੇ ਇਕ ਮਿੱਟੀ ਦਾ ਟਿੱਲਾ ਵੀ ਬਣਿਆ ਹੋਇਆ ਹੈ ਜਿੱਥੇ ਸ਼ਰਧਾਲੂ ਆਪਣੀ ਸੁੱਖ ਪੂਰੀ ਹੋਣ ਤੋਂ ਬਾਦ ਮਿੱਟੀ ਚੜ੍ਹਾਉਂਦੇ ਹਨ। ਮੰਦਰ ਵਿਖੇ ਇਕ ਬੇਰੀ ਦਾ ਪ੍ਰਾਚੀਨ ਦਰੱਖ਼ਤ ਅੱਜ ਵੀ ਮੌਜੂਦ ਹੈ। ਇਸ ਤੋਂ ਇਲਾਵਾ ਮੰਦਰ ਅੰਦਰ ਇਕ ਬੋਹੜ ਦਾ ਦਰੱਖ਼ਤ ਵੀ ਹੈ ਅਤੇ ਮੰਦਰ ਦੇ ਸਾਹਮਣੇ ਇਕ ਸੁੰਦਰ ਸਰੋਵਰ ਵੀ ਹੈ। ਜਿਸ ਵਿਚ ਇਸ਼ਨਾਨ ਕਰਦੇ ਹਨ।

ਮੰਦਰ ਦੇ ਅੰਦਰ ਬਾਬਾ ਕਮਾਲੂ ਨਾਥ ਦੀ ਸੁੰਦਰ ਸਮਾਧੀ ਵੀ ਬਣੀ ਹੋਈ ਹੈ। ਮੰਦਰ ਅੰਦਰ ਸੁੰਦਰ ਸੇਜ ਘਰ ਅਤੇ ਯੱਗਸ਼ਾਲਾ ਬਣੀ ਹੋਈ ਹੈ। ਮੰਦਰ 'ਚ ਜਵਾਲਾ ਜੀ ਦੀ ਪਵਿੱਤਰ ਜੋਤ ਅਖੰਡ ਰੂਪ ਵਿਚ ਚੱਲ ਰਹੀ ਹੈ। ਮਾਨਤਾ ਹੈ ਕਿ ਨਵਰਾਤਿਆਂ ਦੀ ਛਟ ਨੂੰ ਮਾਤਾ ਜੀ ਜਵਾਲਾ ਜੀ ਤੋਂ ਆ ਕੇ ਇਸ ਜੋਤ ਵਿਚ ਪ੍ਰਵੇਸ਼ ਕਰਦੇ ਹਨ। ਇਸ ਦਾ ਪ੍ਰਬੰਧ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਪਿੰਡ ਵਿਚ ਸੁੰਦਰ ਗੁਰਦੁਆਰਾ ਸਾਹਿਬ ਵੀ ਸੁਸ਼ੋਭਿਤ ਹੈ।

# ਚਾਹ ਉਦਯੋਗ ਦੇ ਦਿੱਗਜ ਵਾਘ ਬੱਕਰੀ ਟੀ ਗਰੁੱਪ ਦੇ ਚੇਅਰਮੈਨ ਪੀਊਸ਼ਭਾਈ ਦੇਸਾਈ ਦਾ ਦਿਹਾਂਤ

**ਕੌਮੀ ਪਤ੍ਰਿਕਾ**

ਅਹਿਮਦਾਬਾਦ 26 ਸਤੰਬਰ। ਵਾਘ ਬੱਕਰੀ ਟੀ ਗਰੁੱਪ ਦੇ ਚੇਅਰਮੈਨ ਪੀਊਸ਼ਭਾਈ ਦੇਸਾਈ ਦਾ 15 ਸਤੰਬਰ ਨੂੰ ਦਿਹਾਂਤ ਹੋ ਗਿਆ। ਉਹ 86 ਸਾਲ ਦੇ ਸਨ। ਚਾਹ ਕਾਰੋਬਾਰ ਨੂੰ ਗਾਂਧੀਵਾਦੀ ਕਦਰਾਂ-ਕੀਮਤਾਂ, ਪਰਉਪਕਾਰ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਣ ਵਾਲੀ ਦੇਸਾਈ ਦੇ ਦਿਹਾਂਤ ਦੀ ਜਾਣਕਾਰੀ ਵਾਘ ਬੱਕਰੀ ਟੀ ਗਰੁੱਪ ਨੇ ਇਕ ਬਿਆਨ 'ਚ ਦਿੱਤੀ। ਗਰੁੱਪ ਵਲੋਂ ਜਾਰੀ ਸੋਗ ਸੰਦੇਸ਼ ਅਨੁਸਾਰ, ਦੇਸਾਈ 6 ਦਹਾਕਿਆਂ ਤੋਂ ਵੱਧ ਸਮੇਂ ਤੋਂ ਚਾਹ ਕਾਰੋਬਾਰ ਨਾਲ ਜੁੜੇ ਸਨ ਅਤੇ ਉਨ੍ਹਾਂ ਨੇ ਵਾਘ ਬੱਕਰੀ ਨੂੰ ਗੁਜਰਾਤ ਤੋਂ ਬਾਹਰ ਕਈ ਸੂਬਿਆਂ 'ਚ ਪਹੁੰਚਾਉਣ 'ਚ ਮਹੱਤਵਪੂਰਨ ਭੂਮਿਕਾ ਨਿਭਾਈ। ਗਰੁੱਪ ਨੇ ਕਿਹਾ ਕਿ ਦੇਸਾਈ ਨੂੰ ਚਾਹ ਦੀ ਡੂੰਘੀ ਸਮਝ ਸੀ। ਗੁਜਰਾਤ ਵਿਦਿਆਪੀਠ ਦੇ ਸਾਬਕਾ ਵਾਈਸ ਚਾਂਸਲਰ ਸੁਦਰਸ਼ਨ ਅਯੰਗਰ ਨੇ ਉਨ੍ਹਾਂ ਨੂੰ ਅਜਿਹੇ ਉੱਦਮੀ ਵਜੋਂ ਯਾਦ ਕੀਤਾ, ਜਿਨ੍ਹਾਂ ਦੇ ਜੀਵਨ 'ਚ ਮਹਾਤਮਾ ਗਾਂਧੀ ਦੇ ਆਦਰਸ਼ਾਂ ਦੀ ਝਲਕ ਮਿਲਦੀ ਸੀ। ਅਯੰਗਰ ਅਨੁਸਾਰ, ਦੇਸਾਈ ਦਾ ਗਾਂਧੀ ਨਾਲ ਜੁੜਾਵ ਉਨ੍ਹਾਂ ਦੇ ਦਾਦਾ ਰਾਹੀਂ ਸੀ, ਜਿਨ੍ਹਾਂ ਨੇ ਦੱਖਣੀ ਅਫਰੀਕਾ 'ਚ ਮਹਾਤਮਾ ਗਾਂਧੀ ਨਾਲ ਮੁਲਾਕਾਤ ਕੀਤੀ। ਇਸ ਪਰਿਵਾਰਕ ਸੰਬੰਧ ਕਾਰਨ ਗਾਂਧੀ ਦੇ



'ਟ?ਰਸਟੀਸ਼ਿਪ' ਦੇ ਵਿਚਾਰ ਦੇ ਅਨੁਰੂਪ ਲੋਕਾਂ ਦੀ ਮਦਦ ਕਰਨਾ ਅਤੇ ਸਾਦਗੀ ਨਾਲ ਜੀਵਨ ਜਿਊਂਣਾ ਦੇਸਾਈ ਦੀ ਪਹਿਲ 'ਚ ਸ਼ਾਮਲ ਸੀ। ਅਯੰਗਰ ਨੇ ਵਾਘ ਬੱਕਰੀ ਨਾਮ ਦੇ ਪਿੱਛੇ ਦੇਸਾਈ ਵਲੋਂ ਦੱਸੀ ਗਈ ਵਿਆਖਿਆ ਨੂੰ ਵੀ ਯਾਦ ਕੀਤਾ। ਉਨ੍ਹਾਂ ਦੇ ਅਨੁਸਾਰ, ਦੇਸਾਈ ਕਹਿੰਦੇ ਸਨ ਕਿ ਇਕ ਅਜਿਹੀ ਜਗ?ਹਾ ਜਿੱਥੇ ਇਕ ਸ਼ੇਰ ਅਤੇ ਇਕ ਬੱਕਰੀ ਇਕੱਠੇ ਪਾਣੀ ਪੀ ਸਕਦੇ ਹਨ, ਉਹ ਅਹਿੰਸਕ ਸਮਾਜ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਹ ਬ੍ਰਾਂਡ ਮਸ਼ਹੂਰ ਹੋ ਗਿਆ, ਪਰ ਇਸ ਦੇ ਪਿੱਛੇ ਇਕ ਅਹਿੰਸਕ ਸਮਾਜ ਦਾ ਸੰਕਲਪ ਸੀ, ਜਿਸ ਰਾਹੀਂ ਦੇਸਾਈ ਗਾਂਧੀ ਦੇ ਸੰਦੇਸ਼ ਨੂੰ ਅੱਗੇ ਵਧਾ ਰਹੇ ਸਨ। ਸੋਗ ਸੰਦੇਸ਼ ਦੇ ਅਨੁਸਾਰ, ਦੇਸਾਈ ਗੁਜਰਾਤ ਵਿਦਿਆਪੀਠ ਨਾਲ ਡੂੰਘਾਈ ਨਾਲ ਜੁੜੇ ਰਹੇ ਅਤੇ ਗਾਂਧੀਵਾਦੀ ਵਿਚਾਰਾਂ ਨਾਲ ਸਬੰਧਤ ਪਹਿਲਕਦਮੀਆਂ ਅਯੰਗਰ ਨੇ ਦੇਸਾਈ ਦੇ ਵਾਘ ਬੱਕਰੀ ਨਾਮ ਦੇ ਸਪੱਸ਼ਟੀਕਰਨ ਨੂੰ ਵੀ ਯਾਦ ਕੀਤਾ। ਉਨ੍ਹਾਂ ਦੇ ਅਨੁਸਾਰ, ਦੇਸਾਈ ਕਹਿੰਦੇ ਸਨ ਕਿ ਇਕ ਅਜਿਹੀ ਜਗ?ਹਾ ਜਿੱਥੇ ਇਕ ਸ਼ੇਰ ਅਤੇ ਇੱਕ ਬੱਕਰੀ ਇਕੱਠੇ ਪਾਣੀ ਪੀ ਸਕਦੇ ਹਨ, ਇਕ ਅਹਿੰਸਕ ਸਮਾਜ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਹ ਬ੍ਰਾਂਡ ਮਸ਼ਹੂਰ ਹੋ ਗਿਆ, ਪਰ ਇਸ ਦੇ ਪਿੱਛੇ ਇਕ ਅਹਿੰਸਕ ਸਮਾਜ ਦਾ ਸੰਕਲਪ ਸੀ ਜਿਸ ਰਾਹੀਂ ਦੇਸਾਈ ਗਾਂਧੀ ਦੇ ਸੰਦੇਸ਼ ਨੂੰ ਅੱਗੇ ਵਧਾ ਰਹੇ ਸਨ। ਸੋਗ ਸੰਦੇਸ਼ ਦੇ ਅਨੁਸਾਰ, ਦੇਸਾਈ ਗੁਜਰਾਤ ਵਿਦਿਆਪੀਠ ਨਾਲ ਡੂੰਘਾਈ ਨਾਲ ਜੁੜੇ ਰਹੇ ਅਤੇ ਗਾਂਧੀਵਾਦੀ ਵਿਚਾਰਾਂ ਨਾਲ ਸਬੰਧਤ ਪਹਿਲਕਦਮੀਆਂ 'ਚ ਯੋਗਦਾਨ ਪਾਇਆ। ਅਯੰਗਰ ਨੇ ਕਿਹਾ ਕਿ ਦੇਸਾਈ ਅਨੁਵਾਦ ਫਾਊਂਡੇਸ਼ਨ ਦੇ ਸੰਸਥਾਪਕ ਨਿਰਦੇਸ਼ਕ ਸਨ, ਜਿਸ ਦੀ ਸਥਾਪਨਾ ਗੁਜਰਾਤ ਵਿਦਿਆਪੀਠ ਦੇ ਸਾਬਕਾ ਚਾਂਸਲਰ ਨਾਰਾਇਣ ਦੇਸਾਈ ਨਾਲ ਸਾਂਝੇ ਤੌਰ 'ਤੇ ਕੀਤੀ ਗਈ ਸੀ।ਚ ਯੋਗਦਾਨ ਪਾਇਆ। ਅਯੰਗਰ ਨੇ ਕਿਹਾ ਕਿ ਦੇਸਾਈ ਅਨੁਵਾਦ ਫਾਊਂਡੇਸ਼ਨ ਦੇ ਸੰਸਥਾਪਕ ਨਿਰਦੇਸ਼ਕ ਸਨ, ਜਿਸ ਦੀ ਸਥਾਪਨਾ ਗੁਜਰਾਤ ਵਿਦਿਆਪੀਠ ਦੇ ਤਤਕਾਲੀ ਚਾਂਸਲਰ ਨਾਰਾਇਣ ਦੇਸਾਈ ਨਾਲ ਸਾਂਝੇ ਤੌਰ 'ਤੇ ਕੀਤੀ ਗਈ ਸੀ।

## ਠੰਢੇ ਬਸਤੇ 'ਚ ਨਹੀਂ ਗਈ ਮੀਨਾ ਕੁਮਾਰੀ ਦੀ ਬਾਇਓਪਿਕ, ਪਰਿਣੀਤੀ ਚੋਪੜਾ ਦੀ ਵਜਹਾ ਕਰਕੇ ਫਿਲਮ 'ਚ ਫਸਿਆ ਪੇਂਚ?

ਨਵੀਂ ਦਿੱਲੀ 26 ਸਤੰਬਰ। ਮੀਨਾ ਕੁਮਾਰੀ ਅਤੇ ਕਮਲ ਅਮਰੋਹੀ ਦੀ ਪ੍ਰੇਮ ਕਹਾਣੀ 'ਤੇ ਆਧਾਰਿਤ ਫਿਲਮ *ਕਮਲ ਔਰ ਮੀਨਾ* ਦਾ ਐਲਾਨ 2024 ਵਿੱਚ ਕੀਤਾ ਗਿਆ ਸੀ ਪਰ ਲਗਪਗ ਦੋ ਸਾਲ ਬਾਅਦ ਵੀ ਨਿਰਮਾਣ ਸ਼ੁਰੂ ਨਹੀਂ ਹੋਇਆ ਹੈ। ਹਾਲਾਂਕਿ, ਨਿਰਮਾਤਾ ਸਿਧਾਰਥ ਪੀ. ਮਲਹੋਤਰਾ ਨੇ ਹਾਲ ਹੀ ਵਿੱਚ ਵੇਰਵੇ ਸਾਂਝੇ ਕੀਤੇ ਹਨ ਜੋ ਸੁਝਾਅ ਦਿੰਦੇ ਹਨ ਕਿ ਆਉਣ ਵਾਲੀ ਫਿਲਮ ਠੱਪ ਨਹੀਂ ਹੋਈ ਹੈ। ਸਿਧਾਰਥ ਪੀ. ਮਲਹੋਤਰਾ ਨੇ ਹਾਲ ਹੀ ਵਿੱਚ ਖੁਲਾਸਾ ਕੀਤਾ ਹੈ ਕਿ ਮੀਨਾ ਕੁਮਾਰੀ ਬਾਇਓਪਿਕ ਤੋਂ ਪਹਿਲਾਂ ਉਹ ਪਰਿਣੀਤੀ ਚੋਪੜਾ ਅਭਿਨੀਤ ਵੈੱਬ ਸੀਰੀਜ਼ *ਸ਼ਕ* 'ਤੇ ਧਿਆਨ ਕੇਂਦਰਿਤ ਕਰ ਰਿਹਾ ਹੈ। *ਅਮਰ ਸਿੰਘ ਚਮਕੀਲਾ* ਅਤੇ *ਸਾਇਨਾ* ਵਰਗੀਆਂ ਫਿਲਮਾਂ ਲਈ ਜਾਣੀ ਜਾਂਦੀ ਪਰਿਣੀਤੀ ਚੋਪੜਾ ਹੁਣ ਵੈੱਬ ਸੀਰੀਜ਼ ਦੀ ਦੁਨੀਆ ਵਿੱਚ ਆਪਣੀ ਸ਼ੁਰੂਆਤ ਕਰਨ ਲਈ ਤਿਆਰ ਹੈ। ਉਹ ਵੈੱਬ ਸੀਰੀਜ਼ *ਤਲਾਸ਼: ਏ ਮਦਰਜ਼ ਸਰਚ* (ਸਿਧਾਰਥ ਦੁਆਰਾ ਨਿਰਮਿਤ) ਨਾਲ ਆਪਣਾ ਡਿਜੀਟਲ ਡੈਬਿਊ ਕਰੇਗੀ। ਹਾਲਾਂਕਿ, ਸ਼ੋਅ ਦਾ ਸਿਰਲੇਖ ਬਦਲਣ ਲਈ ਤਿਆਰ ਹੈ। ਸਿਧਾਰਥ ਦੱਸਦੇ ਹਨ, ਸ਼ੋਅ ਦਾ ਨਾਮ ਬਦਲ ਕੇ *ਸ਼ਕ* ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਯੋਜਨਾ ਇਸ ਨੂੰ ਇੱਕ ਮਹੀਨੇ ਦੇ ਅੰਦਰ-ਅੰਦਰ ਨੈੱਟਫਲਿਕਸ 'ਤੇ ਰਿਲੀਜ਼ ਕਰਨ ਦੀ ਹੈ। ਰੰਗਿਲ ਦੁਆਰਾ ਨਿਰਦੇਸ਼ਤ ਸ਼ੋਅ ਵਿੱਚ ਸ਼ਾਮਲ ਹੋਣ ਲਈ ਪਰਿਣੀਤੀ ਨੂੰ ਮਨਾਉਣਾ ਇੱਕ ਆਸਾਨ ਕੰਮ ਸੀ। ਇਹ ਲੜੀ ਅੱਠ ਐਪੀਸੋਡਾਂ ਤੱਕ ਫੈਲੇਗੀ ਅਤੇ ਅਦਾਕਾਰਾ 210 ਪੰਨਿਆਂ ਦੀ ਸਕ੍ਰਿਪਟ ਪੜ੍ਹਨ ਤੋਂ ਬਾਅਦ ਇਸ ਪ੍ਰੋਜੈਕਟ ਲਈ ਸਹਿਮਤ ਹੋ ਗਈ। ਪਰਿਣੀਤੀ ਚੋਪੜਾ ਦੇ ਨਾਲ, ਕਲਾਕਾਰਾਂ ਵਿੱਚ ਜੈਨੀਫਰ ਵਿੰਗੇਟ, ਸੋਨੀ ਰਾਜਦਾਨ, ਅਨੂਪ ਸੋਨੀ ਅਤੇ ਤਾਹਿਰ ਰਾਜ ਭਸੀਨ ਵਰਗੇ ਕਲਾਕਾਰ ਮੁੱਖ ਭੂਮਿਕਾਵਾਂ ਵਿੱਚ ਹਨ। ਸਿਧਾਰਥ ਦੇ ਅਨੁਸਾਰ, ਉਸਨੂੰ ਅਜੇ ਤੱਕ ਕਹਾਣੀ ਦੀਆਂ ਜ਼ਰੂਰਤਾਂ ਦੇ ਅਨੁਸਾਰ ਸਹੀ ਮੁੱਖ ਅਦਾਕਾਰ ਅਤੇ ਨਿਰਮਾਤਾ ਨਹੀਂ ਮਿਲੇ ਹਨ। ਫਿਲਮ ਦਾ ਉਦੇਸ਼ ਉਨ੍ਹਾਂ ਦੇ ਰਿਸ਼ਤੇ ਨੂੰ ਦਰਸਾਉਣਾ ਹੈ ਲਗਪਗ 20 ਸਾਲਾਂ ਤੱਕ ਫੈਲਿਆ ਅਤੇ ਉਨ੍ਹਾਂ ਦੁਆਰਾ ਅਨੁਭਵ ਕੀਤੇ ਗਏ ਵੱਖ-ਵੱਖ ਉਤਰਾਅ-ਚੜ੍ਹਾਅ। 1950 ਤੋਂ 1970 ਦੇ ਦਹਾਕੇ ਦੀ ਪਿਛੋਕੜ ਵਿੱਚ ਸੈੱਟ ਕੀਤੀ ਗਈ, ਇਸ ਪੀਰੀਅਡ ਫਿਲਮ ਦਾ ਬਜਟ ?50-60 ਕਰੋੜ ਤੋਂ ਵੱਧ ਹੈ। ਸਿਧਾਰਥ ਦਾ ਕਹਿਣਾ ਹੈ ਕਿ ਇੰਨੇ ਵੱਡੇ ਬਜਟ ਵਾਲੀ ਫਿਲਮ ਲਈ, ਨਿਵੇਸ਼ ਦੀ ਵਸੂਲੀ ਕਰਨ ਦੇ ਸਮਰੱਥ ਕਲਾਕਾਰ ਜ਼ਰੂਰੀ ਹਨ। ਇਸ ਕਾਰਨ ਕਰਕੇ ਕਾਸਟਿੰਗ ਅਤੇ ਪ੍ਰੋਡਕਸ਼ਨ ਦੀ ਖੋਜ ਅਜੇ ਵੀ ਜਾਰੀ ਹੈ ਅਤੇ ਫਿਲਮਾਂਕਣ ਅਜੇ ਸ਼ੁਰੂ ਨਹੀਂ ਹੋਇਆ ਹੈ।

### ਸ਼ਕਤੀਪੀਠ ਐਕਸਪ੍ਰੈੱਸਵੇਅ ਦੇ ਵਿਰੋਧ 'ਚ ਕਿਸਾਨਾਂ ਦਾ ਪ੍ਰਦਰਸ਼ਨ, ਮੰਤਰੀ ਦੇ ਕਾਫ਼ਲੇ ਦਾ ਰੋਕਿਆ ਰਾਹ

ਹਿੰਗੋਲੀ 26 ਸਤੰਬਰ। ਮਹਾਰਾਸ਼ਟਰ ਦੇ ਹਿੰਗੋਲੀ ਸ਼ਹਿਰ 'ਚ ਵੀਰਵਾਰ ਨੂੰ ਔਰਤਾਂ ਸਮੇਤ ਸੈਂਕੜੇ ਕਿਸਾਨਾਂ ਨੇ ਪ੍ਰਸਤਾਵਿਤ ਸ਼ਕਤੀਪੀਠ ਐਕਸਪ੍ਰੈੱਸਵੇਅ ਲਈ ਖੇਤੀਬਾੜੀ ਜ਼ਮੀਨ ਦੇ ਐਕੁਆਇਰ ਦੇ ਵਿਰੋਧ 'ਚ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨ ਵਾਲੀ ਜਗ?ਹਾ ਸ਼ਹੀਦ ਸਮਾਰਕ ਪਾਰਕ ਦੇ ਨੇੜੇ ਸੀ, ਜਿੱਥੇ ਹਿੰਗੋਲੀ ਦੇ ਇੰਚਾਰਜ ਮੰਤਰੀ ਨਰਹਰੀ ਝਿਰਵਾਲ ਨੇ ਮਰਾਠਵਾੜਾ ਮੁਕਤੀ ਦਿਵਸ ਦੇ ਮੌਕੇ 'ਤੇ ਝੰਡਾ ਲਹਿਰਾਉਣ ਦੀ ਰਸਮ 'ਚ ਸ਼ਾਮਲ ਹੋਣਾ ਸੀ। ਕਿਸਾਨ ਸਮਾਗਮ ਵਾਲੀ ਜਗ?ਹਾ ਵੱਲ ਜਾਣ ਵਾਲੀ ਸੜਕ 'ਤੇ ਡਟੇ ਰਹੇ ਅਤੇ ਉਨ੍ਹਾਂ ਨੇ ਮੰਤਰੀ ਦੇ ਕਾਫ਼ਲੇ ਦਾ ਰਾਹ ਰੋਕ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਨਾਅਰੇਬਾਜ਼ੀ ਕਰਦਿਆਂ ਝਿਰਵਾਲ ਨਾਲ ਮੁਲਾਕਾਤ ਦੀ ਮੰਗ ਕੀਤੀ। ਪੁਲਸ ਵੱਲੋਂ ਸੜਕ ਖਾਲੀ ਕਰਵਾਉਣ ਦੀ ਕੋਸ਼ਿਸ਼ ਕਰਨ 'ਤੇ ਪ੍ਰਦਰਸ਼ਨਕਾਰੀਆਂ ਅਤੇ ਪੁਲਸ ਵਿਚਾਲੇ ਮਾਮੂਲੀ ਝੜਪ ਵੀ ਹੋਈ। ਕੁਝ ਪ੍ਰਦਰਸ਼ਨਕਾਰੀਆਂ ਨੇ ਕਥਿਤ ਤੌਰ 'ਤੇ ਪੁਲਸ ਵੱਲੋਂ ਲਗਾਏ ਗਏ ਬੈਰੀਕੇਡ ਹਟਾ ਦਿੱਤੇ। ਕਿਸਾਨਾਂ ਅਨੁਸਾਰ, ਝਿਰਵਾਲ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਸੀ ਕਿ ਉਨ੍ਹਾਂ ਦੀਆਂ ਮੰਗਾਂ ਦੇ ਸਬੰਧ 'ਚ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨਾਲ ਉਨ੍ਹਾਂ ਦੀ ਬੈਠਕ ਕਰਵਾਈ ਜਾਵੇਗੀ ਪਰ ਹੁਣ ਤੱਕ ਅਜਿਹੀ ਕੋਈ ਬੈਠਕ ਨਹੀਂ ਹੋਈ ਹੈ। ਨਾਗਪੁਰ-ਗੋਆ ਸ਼ਕਤੀਪੀਠ ਐਕਸਪ੍ਰੈੱਸਵੇਅ ਇਕ ਪ੍ਰਸਤਾਵਿਤ ਗ੍ਰੀਨਫੀਲਡ ਪ੍ਰਾਜੈਕਟ ਹੈ, ਜਿਸ ਦੀ ਲੰਬਾਈ ਲੱਗਭਗ 802 ਤੋਂ 810 ਕਿਲੋਮੀਟਰ ਅਤੇ ਅਨੁਮਾਨਿਤ ਲਾਗਤ ਲੱਗਭਗ 86,300 ਕਰੋੜ ਰੁਪਏ ਤੋਂ ਇਕ ਲੱਖ ਕਰੋੜ ਰੁਪਏ ਦੇ ਵਿਚਾਲੇ ਦੱਸੀ ਗਈ ਹੈ।

# ਪੈਨਸ਼ਨ ਦਾ ਬਕਾਇਆ ਨਾ ਦੇਣ 'ਤੇ ਅਧਿਕਾਰੀਆਂ ਦੀ ਤਨਖ਼ਾਹ ਰੋਕਣ ਦੇ ਹੁਕਮ

ਚੰਡੀਗੜ੍ਹ 26 ਸਤੰਬਰ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 17 ਸਾਲਾਂ ਤੋਂ ਆਪਣੀ ਮਰਹੂਮ ਪਤਨੀ ਦੀ ਪੈਨਸ਼ਨ ਲਈ ਸਰਕਾਰੀ ਦਫ਼ਤਰਾਂ ਤੇ ਬੈਂਕ ਦੇ ਚੱਕਰ ਕੱਟ ਰਹੇ 80 ਸਾਲਾ ਜਗਦੀਸ਼ ਰਾਜ ਅਰੋੜਾ ਨੂੰ ਵੱਡੀ ਰਾਹਤ ਦਿੰਦਿਆਂ ਡੀ. ਈ. ਓ., ਡੀ. ਟੀ. ਓ. ਤੇ ਬੈਂਕ ਅਧਿਕਾਰੀਆਂ ਦੀ ਤਨਖ਼ਾਹ ਰੋਕਣ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਅਧਿਕਾਰੀਆਂ ਤੇ ਬੈਂਕ ਵਿਚਕਾਰ ਜ਼ਿੰਮੇਵਾਰੀ ਇਕ-ਦੂਜੇ 'ਤੇ ਪਾਉਣ ਦੇ ਮਾਮਲੇ 'ਚ ਸਖ਼ਤ ਰੁਖ਼ ਅਪਨਾਉਂਦਿਆਂ ਕਿਹਾ ਕਿ ਪਟੀਸ਼ਨਰ ਨੂੰ ਆਪਣੇ ਜਾਇਜ਼ ਹੱਕ ਲਈ ਭਟਕਣ ਲਈ ਮਜਬੂਰ ਕੀਤਾ ਗਿਆ ਜਦੋਂ ਤੱਕ ਪੈਨਸ਼ਨ ਦੇ ਬਕਾਏ ਦੀ ਅਦਾਇਗੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰਾ ਨਹੀਂ ਹੋ ਜਾਂਦਾ, ਉਦੋਂ ਤੱਕ ਸਬੰਧਤ ਅਧਿਕਾਰੀ ਤੇ ਬੈਂਕ ਅਧਿਕਾਰੀ ਅਦਾਲਤ ਦੀ ਅਗਾਊਂ ਇਜਾਜ਼ਤ ਤੋਂ ਬਿਨਾਂ ਆਪਣੀ ਤਨਖ਼ਾਹ ਨਹੀਂ ਕਢਵਾ ਸਕਣਗੇ। ਅਰੋੜਾ ਨੇ 2023 'ਚ ਪਟੀਸ਼ਨ ਦਾਖ਼ਲ ਕਰਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਵਜੋਂ ਸੇਵਾਮੁਕਤ ਪਤਨੀ ਸੁਦਰਸ਼ਨ ਕੁਮਾਰੀ ਦੀ ਪੈਨਸ਼ਨ ਦੇ ਬਕਾਏ ਦੀ ਅਦਾਇਗੀ ਦੀ ਮੰਗ ਕੀਤੀ ਸੀ। ਲਗਾਤਾਰ ਕੋਸ਼ਿਸ਼ਾਂ ਦੇ ਬਾਵਜੂਦ ਪੈਨਸ਼ਨ ਵੰਡ




ਅਥਾਰਟੀ ਤੇ ਬੈਂਕ ਇਕ-ਦੂਜੇ 'ਤੇ ਜ਼ਿੰਮੇਵਾਰੀ ਪਾਉਂਦੇ ਰਹੇ, ਜਿਸ ਕਾਰਨ ਬਕਾਇਆ ਰਾਸ਼ੀ ਦੀ ਅਦਾਇਗੀ ਨਹੀਂ ਹੋ ਸਕੀ। ਸੁਣਵਾਈ ਦੌਰਾਨ ਹਾਈ ਕੋਰਟ ਨੇ ਦੇਖਿਆ ਕਿ ਪੈਨਸ਼ਨ ਦੇ ਬਕਾਏ 'ਤੇ ਪਟੀਸ਼ਨਰ ਦੇ ਹੱਕ ਨੂੰ ਲੈ ਕੇ ਕੋਈ ਵਿਵਾਦ ਨਹੀਂ ਹੈ। ਗੁਰਦਾਸਪੁਰ ਦੇ ਜ਼ਿਲਾ ਸਿੱਖਿਆ ਅਫ਼ਸਰ ਨੇ ਆਪਣੇ ਜਵਾਬ 'ਚ ਕਿਹਾ ਕਿ ਪੰਜਾਬ ਦੇ ਅਕਾਊਂਟੈਂਟ ਜਨਰਲ ਦੇ ਦਫ਼ਤਰ ਵੱਲੋਂ 26 ਸਤੰਬਰ 2012 ਨੂੰ ਜ਼ਿਲਾ ਖ਼ਜ਼ਾਨਾ ਅਫ਼ਸਰ ਨੂੰ ਪੱਤਰ ਜਾਰੀ ਕੀਤਾ ਗਿਆ ਸੀ ਪਰ ਬੈਂਕ ਆਫ ਇੰਡੀਆ ਨੇ ਇਸ ਨੂੰ ਲਾਗੂ ਨਹੀਂ ਕੀਤਾ। ਦੂਜੇ ਪਾਸੇ ਬੈਂਕ ਨੇ ਕਿਹਾ ਕਿ ਜ਼ਿਲਾ ਖ਼ਜ਼ਾਨਾ ਅਫ਼ਸਰ ਵੱਲੋਂ ਕੁਝ ਕਾਰਵਾਈ ਪੂਰੀ ਨਾ ਕੀਤੇ ਜਾਣ ਕਾਰਨ ਬਕਾਇਆ ਪੈਨਸ਼ਨ ਜਾਰੀ ਨਹੀਂ ਕੀਤੀ ਜਾ ਸਕੀ। ਜੱਜ ਕੁਲਦੀਪ ਤਿਵਾੜੀ ਨੇ ਕਿਹਾ ਕਿ ਪਟੀਸ਼ਨਰ ਆਪਣੀ ਜ਼ਿੰਦਗੀ ਦੇ ਆਖ਼ਰੀ ਪੜਾਅ 'ਚ ਹੋਣ ਦੇ ਬਾਵਜੂਦ ਆਪਣੇ ਜਾਇਜ਼ ਹੱਕ ਲਈ ਭਟਕਦਾ ਰਿਹਾ।

# ਵਲੌਗਰ ਗੋਪੀ ਸ਼ੋਕਰ ਦੇ ਭਰਾ ਮਨੀ ਸ਼ੋਕਰ ਨੇ ਸਬ-ਇੰਸਪੈਕਟਰ 'ਤੇ ਚਲਾਈਆਂ ਗੋਲੀਆਂ, ਪੁਲਸ ਨੇ ਕੀਤਾ ਗ੍ਰਿਫਤਾਰ

**ਕੌਮੀ ਪਤ੍ਰਿਕਾ**

ਜਲੰਧਰ 26 ਸਤੰਬਰ। ਵਲੌਗਰ ਗੋਪੀ ਸ਼ੋਕਰ ਦੇ ਭਰਾ ਮਨੀ ਸ਼ੋਕਰ ਨੂੰ ਲੈ ਕੇ ਵੱਡੀ ਖਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਸ ਨੇ ਮਨੀ ਸ਼ੋਕਰ ਨੂੰ ਜੰਡਿਆਲਾ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਨਰਿੰਦਰ ਮੋਹਨ 'ਤੇ ਗੋਲੀਆਂ ਚਲਾਉਣ ਦੇ ਦੋਸ਼ ਵਿੱਚ ਗ੍ਰਿਫਤਾਰ ਕਰ ਲਿਆ ਹੈ। ਏ. ਸੀ. ਪੀ. ਜਲੰਧਰ ਕੈਂਟ ਕੁਲਵਿੰਦਰ ਸਿੰਘ ਵਿਰਕ ਮੁਕਾਬਕ ਕਮਿਸ਼ਨਰੇਟ ਪੁਲਸ ਜਲੰਧਰ ਦੇ ਥਾਣਾ ਸਦਰ ਜਮਸ਼ੇਰ ਦੀ ਜੰਡਿਆਲਾ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਨਰਿੰਦਰ ਮੋਹਨ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਜਲੰਧਰ ਮੋੜ ਜੰਡਿਆਲਾ ਵਿਖੇ ਵਿਸ਼ੇਸ਼ ਨਾਕਾਬੰਦੀ ਕੀਤੀ ਹੋਈ ਸੀ। ਇਸੇ ਦੌਰਾਨ ਐੱਸ. ਆਈ. ਨਰਿੰਦਰ ਮੋਹਨ ਨੇ ਫਗਵਾੜਾ ਸਾਈਡ ਤੋਂ ਆ ਰਹੀ ਕਾਲੇ ਰੰਗ ਦੀ ਗੱਡੀ ਨੰਬਰ ਪੀ ਬੀ 08 ਜੀ ਬੀ-1101 ਮਾਰਕਾ ਸਕਾਰਪੀਓ ਨੂੰ ਚੈਕਿੰਗ ਲਈ ਰੁਕਣ ਦਾ ਇਸ਼ਾਰਾ ਕੀਤਾ। ਗੱਡੀ ਵਿਚ 2 ਵਿਅਕਤੀ ਸਵਾਰ ਸਨ। ਸਰਦਾਰ ਨੌਜਵਾਨ ਗੱਡੀ ਚਲਾ ਰਿਹਾ ਸੀ ਅਤੇ ਇਕ ਮੋਨਾ ਨੌਜਵਾਨ ਨਾਲ ਵਾਲੀ ਸੀਟ 'ਤੇ ਬੈਠਾ ਹੋਇਆ ਸੀ। ਜੰਡਿਆਲਾ ਚੌਕੀ ਦੇ ਇੰਚਾਰਜ ਨੇ ਉਨ੍ਹਾਂ ਨੂੰ ਗੱਡੀ ਚੈੱਕ ਕਰਵਾਉਣ ਲਈ ਕਿਹਾ ਅਤੇ ਡਰਾਈਵਰ ਸੀਟ 'ਤੇ ਬੈਠੇ ਸਰਦਾਰ ਨੌਜਵਾਨ ਨੂੰ ਆਪਣਾ ਡਰਾਈਵਿੰਗ ਲਾਇਸੈਂਸ ਦਿਖਾਉਣ ਲਈ ਕਿਹਾ, ਜਿਸ 'ਤੇ ਉਸ ਨੇ ਕਿਹਾ ਕਿ ਡਰਾਈਵਿੰਗ ਲਾਇਸੈਂਸ ਨਹੀਂ ਹੈ। ਫਿਰ ਨਾਲ ਬੈਠੇ ਨੌਜਵਾਨ ਨੂੰ ਆਪਣੀ ਆਈ. ਡੀ. ਦਿਖਾਉਣ ਲਈ ਕਿਹਾ ਤਾਂ ਉਸ ਨੇ ਆਪਣੇ ਸੱਜੇ ਹੱਥ ਨਾਲ ਸੱਜੇ ਪਾਸੇ ਡੱਬ ਵਿਚ ਲਾਇਆ ਪਿਸਤੌਲ ਕੱਢ ਲਿਆ ਅਤੇ ਐੱਸ. ਆਈ. ਨਰਿੰਦਰ ਮੋਹਨ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਉਸ ਉੱਪਰ ਫਾਇਰ ਕਰਨ ਲੱਗਾ। ਚੌਕੀ ਇੰਚਾਰਜ ਨੇ ਉਸ ਦੇ ਸੱਜੇ ਪਾਸੇ ਵਾਲੇ ਡੌਲੇ ਨੂੰ ਫੜ ਕੇ ਪਾਸੇ ਕਰ ਦਿੱਤਾ। ਉਸ ਨੇ ਆਪਣੇ ਪਿਸਤੌਲ ਨਾਲ 2 ਰੌਂਦ ਫਾਇਰ ਕਰ ਦਿੱਤੇ, ਜੋ ਕਿ ਸਾਹਮਣੇ ਰਾਹੁਲ ਰਾਜ ਸਪੈਸ਼ਲ ਨਾਨ ਢਾਬੇ ਦੀ ਕੰਧ 'ਤੇ ਲੱਗੇ। ਏ. ਸੀ. ਪੀ. ਕੁਲਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਚੌਕੀ ਇੰਚਾਰਜ ਨਰਿੰਦਰ ਮੋਹਨ ਨੇ ਆਪਣੇ ਸਾਥੀਆਂ ਦੀ ਮਦਦ ਨਾਲ ਫਾਇਰਿੰਗ ਕਰਨ ਵਾਲੇ ਨੌਜਵਾਨ ਨੂੰ ਕਾਬੂ ਕਰ ਲਿਆ, ਜਿਸ ਮਗਰੋਂ ਗ੍ਰਿਫਤਾਰ ਕੀਤੇ ਗਏ ਨੌਜਵਾਨਾਂ ਦੀ ਪਛਾਣ ਯੂਟਿਊਬਰ ਮਨਪ੍ਰੀਤ ਸਿੰਘ ਉਰਫ਼ ਮਨੀ ਸ਼ੌਕਰ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਅੱਟੀ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ,



ਜਦਕਿ ਡਰਾਈਵਰ ਸੀਟ 'ਤੇ ਬੈਠੇ ਸਰਦਾਰ ਨੌਜਵਾਨ ਦੀ ਪਛਾਣ ਦਿਲਪ੍ਰੀਤ ਸਿੰਘ ਪੁੱਤਰ ਗੁਰਨੇਕ ਸਿੰਘ ਵਾਸੀ ਪਿੰਡ ਧਰਮ ਸਿੰਘ ਵਾਲਾ, ਥਾਣਾ ਫਤਿਹਗੜ੍ਹ ਪੰਜਤੂਰ, ਜ਼ਿਲ੍ਹਾ ਮੋਗਾ ਵਜੋਂ ਹੋਈ। ਪਿਸਤੌਲ ਲਾਇਆ ਪਿਸਤੌਲ ਕੱਢ ਲਿਆ ਅਤੇ ਐੱਸ. ਆਈ. ਨਰਿੰਦਰ ਮੋਹਨ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਉਸ ਉੱਪਰ ਫਾਇਰ ਕਰਨ ਲੱਗਾ। ਚੌਕੀ ਇੰਚਾਰਜ ਨੇ ਉਸ ਦੇ ਸੱਜੇ ਪਾਸੇ ਵਾਲੇ ਡੌਲੇ ਨੂੰ ਫੜ ਕੇ ਪਾਸੇ ਕਰ ਦਿੱਤਾ। ਉਸ ਨੇ ਆਪਣੇ ਪਿਸਤੌਲ ਨਾਲ 2 ਰੌਂਦ ਫਾਇਰ ਕਰ ਦਿੱਤੇ, ਜੋ ਕਿਰੱਖਣ ਸਬੰਧੀ ਦੋਵੇਂ ਨੌਜਵਾਨ ਅਸਲਾ ਲਾਇਸੈਂਸ ਪੇਸ਼ ਨਹੀਂ ਕਰ ਸਕੇ। ਪਿਸਤੌਲ ਦੀ ਚੈਕਿੰਗ ਕਰਨ 'ਤੇ ਉਸ 'ਤੇ ਮਾਰਕਾ ਗਲੌਕ 19 ਜੇਨ 4 ਆਸਟਰੀਆ 9/19 ਲਿਖਿਆ ਹੋਇਆ ਸੀ, ਜਿਸ ਦਾ ਮੈਗਜ਼ੀਨ ਕੱਢ ਕੇ ਚੈੱਕ ਕੀਤਾ ਤਾਂ ਉਸ ਵਿਚੋਂ ਤਿੰਨ ਜ਼ਿੰਦਾ ਰੌਂਦ ਅਤੇ 2 ਚੱਲੇ ਹੋਏ ਖੋਲ ਬਰਾਮਦ ਹੋਏ। ਦੋਵਾਂ ਨੌਜਵਾਨਾਂ ਖ਼?ਲਾਫ਼ ਥਾਣਾ ਸਦਰ ਜਮਸ਼ੇਰ ਵਿਚ ਅੰਡਰ ਸੈਕਸ਼ਨ 105 ਅਤੇ ਅਸਲਾ ਐਕਟ ਤਹਿਤ 367 ਨੰਬਰ ਐੱਫ਼. ਆਈ. ਆਰ. ਦਰਜ ਕੀਤੀ ਗਈ ਹੈ। ਪਿਸਤੌਲ, ਰੌਂਦ ਅਤੇ ਗੱਡੀ ਨੂੰ ਪੁਲਸ ਨੇ ਆਪਣੇ ਕਬਜ਼ੇ ਵਿਚ ਲੈ ਲਿਆ ਹੈ। ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰ ਕੇ 1 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਤੋਂ ਹੋਰ ਪੁੱਛਗਿੱਛ ਕੀਤੀ ਜਾ ਸਕੇ।

# ਇੱਕੋ ਝਟਕੇ 'ਚ ਉੱਜੜ ਗਿਆ ਪਰਿਵਾਰ ! ਹਾਦਸੇ 'ਚ ਪੁੱਤ ਦੀ ਮੌਤ ਮਗਰੋਂ ਸਦਮੇ 'ਚ ਪਿਓ ਨੇ ਵੀ ਛੱਡੀ ਦੁਨੀਆ

**ਕੌਮੀ ਪਤ੍ਰਿਕਾ**

ਪ੍ਰਯਾਗਰਾਜ 26 ਸਤੰਬਰ। ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ 'ਚ 28 ਸਾਲਾ ਨੌਜਵਾਨ ਦੀ ਕਾਰ ਦੀ ਟੱਕਰ ਨਾਲ ਮੌਤ ਹੋ ਗਈ। ਬੇਟੇ ਦੀ ਮੌਤ ਦੀ ਖ਼ਬਰ ਜਿਵੇਂ ਹੀ ਉਸ ਦੇ 52 ਸਾਲਾ ਪਿਤਾ ਨੂੰ ਮਿਲੀ ਤਾਂ ਉਸ ਦੀ ਚੀਕ ਨਿਕਲ ਗਈ। ਉਹ ਬਿਸਤਰ ਤੋਂ ਉੱਠੇ ਅਤੇ ਫਿਰ ਛਾਤੀ ਫੜ ਕੇ ਜ਼ਮੀਨ 'ਤੇ ਡਿੱਗ ਪਏ। ਪਰਿਵਾਰਕ ਮੈਂਬਰਾਂ ਨੇ ਉਸ ਨੂੰ ਹੋਸ਼ 'ਚ ਲਿਆਉਣ ਲਈ ਪਾਣੀ ਦੇ ਛਿੱਟੇ ਮੂੰਹ 'ਤੇ ਮਾਰੇ। ਹੋਸ਼ 'ਚ ਨਾ ਆਉਣ 'ਤੇ ਉਨ੍ਹਾਂ ਨੂੰ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਡਾਕਟਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਦਿਲ ਦਾ ਦੌਰਾ ਪਿਆ ਸੀ। ਕਿਸਾਨ ਦਾ ਪੁੱਤਰ ਸ਼ਨੀਵਾਰ ਦੇਰ ਸ਼ਾਮ ਰਿਸ਼ਤੇਦਾਰੀ ਤੋਂ ਬਾਈਕ 'ਤੇ ਘਰ ਵਾਪਸ ਆ ਰਿਹਾ ਸੀ। ਰਸਤੇ 'ਚ ਰਾਤ ਕਰੀਬ 10:30 ਵਜੇ ਦੇ ਕਰੀਬ ਇਕ ਕਾਰ ਨੇ ਉਸ ਦੀ ਬਾਈਕ ਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਉਸ ਦੀ ਮੌਤ ਹੋ ਗਈ। ਲਗਭਗ ਇਕ ਘੰਟੇ ਬਾਅਦ ਧੀ ਨੇ ਕਿਹਾ, ਪਾਪਾ, ਭਈਆ, ਹੁਣ ਨਹੀਂ ਰਹੇ। ਇਹ ਸੁਣਦਿਆਂ ਹੀ ਉਸ ਨੂੰ ਦਿਲ ਦਾ ਦੌਰਾ ਪਿਆ ਅਤੇ ਜਾਨ ਚਲੀ ਗਈ। ਘਟਨਾ ਥਾਣਾ ਸੋਰਾਓਂ 'ਚ ਵਾਪਰੀ। ਦਾਊਦਪੁਰ ਨਵਾਦਾ ਵਾਸੀ ਰਾਮ ਸਿੰਘ ਇਕ ਕਿਸਾਨ ਸੀ। ਉਹ ਦੁੱਧ ਦਾ ਕਾਰੋਬਾਰ ਕਰਦਾ ਸੀ। ਉਸ ਦੇ ਦੋ ਪੁੱਤਰ ਅਤੇ ਇਕ ਧੀ ਹੈ। ਸ਼ਨੀਵਾਰ ਨੂੰ ਉਸ ਦਾ ਛੋਟਾ ਪੁੱਤਰ ਸ਼ਿਵਮ ਯਾਦਵ ਉਰਫ਼ ਸੋਨੂੰ (28) ਬਾਈਕ 'ਤੇ ਕਲੰਦਰਪੁਰ ਰਿਸ਼ਤੇਦਾਰੀ 'ਚ ਗਿਆ ਸੀ। ਉਹ ਦੇਰ ਰਾਤ ਘਰ ਵਾਪਸ ਆ ਰਿਹਾ ਸੀ। ਰਸਤੇ 'ਚ ਉਸ ਨੇ ਇਕ ਦੁਕਾਨ ਤੋਂ ਰਾਸ਼ਨ ਖਰੀਦਿਆ ਅਤੇ ਬਾਈਕ ਦੇ ਪਿੱਛੇ ਬੰਨ੍ਹ ਦਿੱਤਾ। ਫਿਰ ਉਹ ਘਰ ਵੱਲ ਚਲਾ ਗਿਆ। ਰਸਤੇ 'ਚ ਮਾਧੋਪੁਰ ਸੰਘਣਗੰਜ ਦੇ ਨੇੜੇ, ਸੋਰਾਓਂ ਤੋਂ ਆ ਰਹੀ ਇਕ ਤੇਜ਼ ਰਫ਼ਤਾਰ ਮਾਰੂਤੀ ਕਾਰ ਨੇ ਸਾਹਮਣੇ ਤੋਂ ਬਾਈਕ ਨੂੰ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਸ਼ਿਵਮ ਸੜਕ 'ਤੇ ਲਗਭਗ 10 ਫੁੱਟ ਦੂਰ ਡਿੱਗ ਗਿਆ। ਉਸ ਦੇ ਸਿਰ 'ਚੋਂ ਖ਼ੂਨ ਵਹਿ ਰਿਹਾ ਸੀ। ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚੇ ਅਤੇ ਪੁਲਸ ਨੂੰ ਸੂਚਿਤ ਕੀਤਾ। ਦੋਸ਼ੀ ਫਿਰ ਕਾਰ ਛੱਡ ਕੇ ਭੱਜ ਗਿਆ। ਪੁਲਸ ਰਾਤ 11:00 ਵਜੇ ਦੇ ਕਰੀਬ ਘਟਨਾ ਸਥਾਨ 'ਤੇ ਪਹੁੰਚੀ। ਲੋਕਾਂ ਅਤੇ ਪੁਲਸ ਦੀ ਮਦਦ ਨਾਲ ਉਸ ਨੂੰ ਪ੍ਰਯਾਗਰਾਜ ਦੇ ਇਕ ਨਿੱਜੀ ਹਸਪਤਾਲ ਲਿਜਾਇਆ ਗਿਆ। ਸ਼ਿਵਮ ਦੀ ਉੱਥੇ ਇਲਾਜ ਦੌਰਾਨ ਮੌਤ ਹੋ ਗਈ। ਰਾਤ ਲਗਭਗ 11:30 ਵਜੇ ਸ਼ਿਵਮ ਦੀ ਜੇਬ 'ਚੋਂ ਇੱਕ ਮੋਬਾਈਲ ਫੋਨ ਕੱਢ ਕੇ ਉਸ ਦੇ ਘਰ ਫੋਨ ਕੀਤਾ। ਫੋਨ ਉਸ ਦੀ ਭੈਣ ਸੁਨੀਤਾ ਨੇ ਚੁੱਕਿਆ। ਪੁਲਸ ਨੇ ਉਸ ਨੂੰ ਦੱਸਿਆ ਕਿ ਸ਼ਿਵਮ ਦੀ



ਹਾਦਸੇ 'ਚ ਮੌਤ ਹੋ ਗਈ ਹੈ। ਆਪਣੇ ਭਰਾ ਦੀ ਮੌਤ ਦੀ ਖ਼ਬਰ ਸੁਣ ਕੇ ਉਹ ਉੱਚੀ-ਉੱਚੀ ਰੋਣ ਲੱਗੀ। ਰੋਂਦੀ ਹੋਈ ਉਹ ਆਪਣੇ ਪਿਤਾ ਕੋਲ ਗਈ, ਜੋ ਘਰ ਦੇ ਬਾਹਰ ਸੌਂ ਰਹੇ ਸਨ। ਉਸ ਨੇ ਉਸ ਨੂੰ ਦੱਸਿਆ ਕਿ ਉਸ ਦਾ ਭਰਾ ਹੁਣ ਨਹੀਂ ਰਿਹਾ। ਉਸ ਦੀ ਹਾਦਸੇ 'ਚ ਮੌਤ ਹੋ ਗਈ ਹੈ। ਇਹ ਸੁਣ ਕੇ ਰਾਮ ਸਿੰਘ ਵੀ ਉੱਚੀ-ਉੱਚੀ ਚੀਕਿਆ। ਉਹ ਰੋਂਦਾ ਹੋਇਆ ਮੰਜੇ ਤੋਂ ਉੱਠਿਆ। ਜਿਵੇਂ ਹੀ ਉਹ ਖੜ੍ਹਾ ਹੋਇਆ, ਉਸ ਦੀ ਛਾਤੀ 'ਚ ਤੇਜ਼ ਦਰਦ ਮਹਿਸੂਸ ਹੋਇਆ ਅਤੇ ਉਹ ਜ਼ਮੀਨ 'ਤੇ ਡਿੱਗ ਪਿਆ। ਪਰਿਵਾਰਕ ਮੈਂਬਰਾਂ ਨੇ ਉਸ ਨੂੰ ਹੋਸ਼ 'ਚ ਲਿਆਉਣ ਦੀ ਕੋਸ਼ਿਸ਼ ਕੀਤੀ। ਜਦੋਂ ਉਸ ਨੂੰ ਹੋਸ਼ ਨਹੀਂ ਆਇਆ, ਤਾਂ ਉਹ ਉਸ ਨੂੰ ਸ਼ਾਂਤੀਪੁਰਮ ਦੇ ਇਕ ਨਿੱਜੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਸੋਰਾਓਂ ਪੁਲਸ ਸਟੇਸ਼ਨ ਦੇ ਇੰਚਾਰਜ ਦੀਨਦਿਆਲ ਸਿੰਘ ਨੇ ਦੱਸਿਆ ਕਿ ਕਾਰ ਦੇ ਰਜਿਸਟ?ਰੇਸ਼ਨ ਨੰਬਰ ਦੇ ਆਧਾਰ 'ਤੇ ਫਰਾਰ ਡਰਾਈਵਰ ਦੀ ਭਾਲ ਕੀਤੀ ਜਾ ਰਹੀ ਹੈ। ਪਰਿਵਾਰ ਦੀ ਸ਼ਿਕਾਇਤ ਦੇ ਆਧਾਰ 'ਤੇ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਮਾਮਲੇ 'ਚ ਅਗਲੇਰੀ ਕਾਨੂੰਨੀ ਕਾਰਵਾਈ ਕਰ ਰਹੀ ਹੈ।

## ਜਥੇਦਾਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਤੇ ਗ੍ਰੰਥੀ ਮਲਕੀਤ ਸਿੰਘ ਨੂੰ ਪੰਥ 'ਚੋਂ ਛੇਕਿਆ

ਅੰਮ੍ਰਿਤਸਰ 26 ਸਤੰਬਰ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੰਜ ਸਿੰਘ ਸਾਹਿਬਾਨ ਦੀ ਅਹਿਮ ਇਕੱਤਰਤਾ ਹੋਈ। ਇਸ ਦੌਰਾਨ ਵੱਖ-ਵੱਖ ਮਾਮਲਿਆਂ 'ਤੇ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਵੱਡਾ ਫੈਸਲਾ ਸੁਣਾਇਆ ਗਿਆ। ਇਸ ਇਕੱਤਰਤਾ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ 'ਤੇ ਖੜ੍ਹੇ ਹੋ ਕੇ ਪੰਜ ਸਿੰਘ ਸਹਿਬਾਨ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਚਾਵਲਾ ਅਤੇ ਗ੍ਰੰਥੀ ਮਲਕੀਤ ਸਿੰਘ 'ਤੇ ਇੱਕ ਬੀਬੀ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਦੇ ਮਾਮਲੇ ਵਿੱਚ ਸਖ਼ਤ ਫੈਸਲਾ ਲਿਆ ਗਿਆ ਹੈ। ਪੰਜ ਸਿੰਘ ਸਾਹਿਬਾਨ ਨੇ ਦੋਵਾਂ ਨੂੰ ਖ਼ਾਲਸਾ ਪੰਥ ਵਿੱਚੋਂ ਖਾਰਜ ਕਰ ਦਿੱਤਾ ਹੈ। ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਗੰਭੀਰ ਦੋਸ਼ ਲੱਗਣ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਸਿੱਖ ਸੰਸਥਾਵਾਂ ਦੇ ਵਕਾਰ ਨੂੰ ਢਾਹ ਲੱਗੀ ਹੈ। ਸਮੂਹ ਸਿੱਖ ਸੰਗਤਾਂ ਨੂੰ ਆਦੇਸ਼ ਕੀਤਾ ਗਿਆ ਹੈ ਕਿ ਦੋਵਾਂ ਨਾਲ ਕਿਸੇ ਕਿਸਮ ਦੀ ਸਾਂਝ ਨਾ ਰੱਖੀ ਜਾਵੇ। ਦੋਵਾਂ 'ਤੇ ਜੀਵਨ ਭਰ ਲਈ ਸਿੱਖ ਸੰਸਥਾਵਾਂ ਅੰਦਰ ਕੰਮ ਕਰਨ ਦੀ ਮੁਕੰਮਲ ਰੋਕ ਲਗਾਈ



ਗਈ ਹੈ। ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਦੋਂ ਤੱਕ ਅਮਰਜੀਤ ਸਿੰਘ ਇਸ ਮਾਮਲੇ ਵਿੱਚੋਂ ਨਿਰਦੋਸ਼ ਸਾਬਤ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੁੰਦੇ, ਉਹ ਪੰਥ ਵਿੱਚੋਂ ਖਾਰਜ ਮੰਨੇ ਜਾਣਗੇ।ਅੱਜ ਹੋਈ ਇਸ ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖਸ਼ੀਸ਼ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਭਾਈ ਮੰਗਲ ਸਿੰਘ ਹਾਜ਼ਰ ਸਨ।

### ਪੰਜਾਬ 'ਚ ਨਸ਼ਿਆਂ ਖ਼ਿਲਾਫ਼ ਗਰਜੇ ਸੁਨੀਲ ਜਾਖੜ

ਬਠਿੰਡਾ 26 ਸਤੰਬਰ। ਭਾਜਪਾ ਵਲੋਂ ਪੰਜਾਬ 'ਚ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਯਾਤਰਾ' ਅੱਜ ਤਲਵੰਡੀ ਸਾਬੋ ਤੋਂ ਚੱਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਸਾਡੇ ਗੁਰੂਆਂ ਦੀ ਧਰਤੀ ਹੈ ਪਰ ਹੁਣ ਪੰਜਾਬ ਨੂੰ ਨਜ਼ਰ ਲੱਗ ਗਈ ਹੈ ਅਤੇ ਪੂਰਾ ਸੂਬਾ ਨਸ਼ਿਆਂ ਦੀ ਭੇਂਟ ਚੜਿ ਆ ਹੋਇਆ ਹੈ ਅਤੇ ਸੂਬੇ ਅੰਦਰ ਮਾੜੇ ਅਨਸਰ ਹੀ ਨਸ਼ਿਆਂ ਨੂੰ ਪੰਜਾਬ 'ਚ ਲਿਆ ਰਹੇ ਹਨ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦਿਆਂ ਜਾਖੜ ਨੇ ਕਿਹਾ ਕਿ ਇਨ੍ਹਾਂ ਨੇ ਪੰਜਾਬ ਦੇ ਭਵਿੱਖ ਨੂੰ ਨਜ਼ਰ ਲਾ ਦਿੱਤੀ ਹੈ ਅਤੇ ਪੰਜਾਬ ਦੀ ਜਵਾਨੀ ਨਸ਼ਿਆਂ ਕਾਰਨ ਬਰਬਾਦ ਹੋ ਰਹੀ ਹੈ। ਲੋਕਾਂ ਨੇ ਤਾਂ ਆਪਣਾ ਭਵਿੱਖ ਬਚਲਾਉਣ ਲਈ 92 ਸੀਟਾਂ ਪਾਰਟੀ ਨੂੰ ਦੇ ਕੇ ਹਨ੍ਹੇਰੀ ਲਿਆ ਦਿੱਤੀ ਪਰ ਹੁਣ ਸਾਢੇ 4 ਸਾਲ ਦੇ ਬਾਅਦ ਮੁੱਖ ਮੰਤਰੀ ਕਹਿੰਦੇ ਹਨ ਕਿ ਨਸ਼ਾ ਤਾਂ ਪਹਿਲੀਆਂ ਸਰਕਾਰਾਂ ਦੀ ਦੇਣ ਹੈ। ਗੁਲਜ਼ਾਰ ਸਿੰਘ ਅਤੇ ਮੋਹਨਜੀਤ ਸਿੰਘ ਸ਼ੇਰੋਂ ਮਾਮਲੇ ਦਾ ਹਵਾਲਾ ਦਿੰਦਿਆਂ ਜਾਖੜ ਨੇ ਕਿਹਾ ਕਿ ਇਸ ਸਰਕਾਰ ਦੇ ਖ਼?ਲਾਫ਼ ਜਿਹੜਾ ਵੀ ਬੋਲਦਾ ਹੈ, ਉਸ ਦਾ ਮਾੜਾ ਹਸ਼ਰ ਹੁੰਦਾ ਹੈ। ਜਾਖੜ ਨੇ ਕਿਹਾ ਕਿ ਜੇਕਰ ਭਾਜਪਾ ਯੂ. ਪੀ. 'ਚੋਂ ਗੁੰਡਾਗਰਦੀ ਖ਼ਤਮ ਕਰ ਸਕਦੀ ਹੈ, ਝਾਰਖੰਡ ਤੋਂ ਨਕਸਲਵਾਦ ਖ਼ਤਮ ਕਰ ਸਕਦੀ ਹੈ ਤਾਂ ਫਿਰ ਪੰਜਾਬ 'ਚੋਂ ਨਸ਼ਾ ਵੀ ਭਾਜਪਾ ਨੇ ਖ਼ਤਮ ਕਰ ਦੇਣਾ ਹੈ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣਾ ਹੈ।

# ਦੁਨੀਆ ਦੇ 25 ਫੀਸਦੀ ਡਾਕਟਰ 55 ਤੋਂ ਪਾਰ, ਅਮੀਰ ਦੇਸ਼ਾਂ 'ਚ ਹਰ ਤੀਜਾ ਡਾਕਟਰ ਰਿਟਾਇਰਮੈਂਟ ਦੇ ਨੇੜੇ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 26 ਸਤੰਬਰ। ਦੁਨੀਆ 'ਚ ਸਿਹਤ ਕਰਮਚਾਰੀਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ ਪਰ ਇਸ ਦੇ ਨਾਲ ਹੀ ਸਿਹਤ ਖੇਤਰ ਦੇ ਸਾਹਮਣੇ ਇਕ ਨਵਾਂ ਸੰਕਟ ਤੇਜ਼ੀ ਨਾਲ ਖੜ੍ਹਾ ਹੋ ਰਿਹਾ ਹੈ। ਦੁਨੀਆ ਦੇ ਲੱਗਭਗ ਹਰ ਚਾਰ 'ਚੋਂ ਇਕ ਡਾਕਟਰ ਦੀ ਉਮਰ 55 ਸਾਲ ਤੋਂ ਵੱਧ ਹੋ ਚੁੱਕੀ ਹੈ ਅਤੇ ਉਹ ਅਗਲੇ ਇਕ ਦਹਾਕੇ 'ਚ ਰਿਟਾਇਰਮੈਂਟ ਦੀ ਉਮਰ ਦੇ ਨੇੜੇ ਪਹੁੰਚ ਰਿਹਾ ਹੈ। ਅਮੀਰ ਦੇਸ਼ਾਂ ਵਿਚ ਸਥਿਤੀ ਹੋਰ ਗੰਭੀਰ ਹੈ, ਜਿੱਥੇ ਲੱਗਭਗ ਹਰ ਤੀਜਾ ਡਾਕਟਰ 55 ਸਾਲ ਤੋਂ ਵੱਧ ਉਮਰ ਦਾ ਹੈ। ਵਿਸ਼ਵ ਸਿਹਤ ਸੰਗਠਨ (ਡਬਲਿਊ. ਐੱਚ. ਓ.) ਦੀ ਨਵੀਂ ਰਿਪੋਰਟ ਨੇ ਸਿਹਤ ਕਰਮਚਾਰੀਆਂ ਦੀ ਵਧਦੀ ਉਮਰ ਦੇ ਨਾਲ ਅਮੀਰ ਅਤੇ ਗਰੀਬ ਦੇਸ਼ਾਂ ਵਿਚਾਲੇ ਡੂੰਘੀ ਅਸਮਾਨਤਾ ਨੂੰ ਲੈ ਕੇ ਵੀ ਚਿਤਾਵਨੀ ਦਿੱਤੀ ਹੈ। ਡਬਲਿਊ. ਐੱਚ. ਓ. ਨੇ ਆਪਣੀ ਸਾਲਾਨਾ ਲੜੀ ਦੀ ਪਹਿਲੀ ਰਿਪੋਰਟ 'ਨੈਸ਼ਨਲ ਹੈਲਥ ਵਰਕਫੋਰਸ ਅਕਾਊਂਟਸ : ਹੈਲਥ ਵਰਕਫੋਰਸ ਲੈਵਲਜ਼ ਐਂਡ ਟ?ਰੈਂਡਜ਼ 2026' ਜਾਰੀ ਕੀਤੀ ਹੈ। ਰਿਪੋਰਟ ਦੇ ਅਨੁਸਾਰ, ਪਿਛਲੇ ਦੋ ਦਹਾਕਿਆਂ 'ਚ ਗਲੋਬਲ ਹੈਲਥ ਵਰਕਫੋਰਸ ਵਿਚ ਜ਼ਿਕਰਯੋਗ ਵਾਧਾ ਹੋਇਆ ਹੈ। ਸਾਲ 2006 ਵਿਚ ਦੁਨੀਆ 'ਚ ਪ੍ਰਤੀ 10 ਹਜ਼ਾਰ ਆਬਾਦੀ 'ਤੇ ਸਿਹਤ ਕਰਮਚਾਰੀਆਂ ਦੀ ਘਣਤਾ 44.8 ਸੀ, ਜੋ 2025 'ਚ ਵਧ ਕੇ 67.9 ਹੋ ਗਈ। ਭਾਵ ਇਸ ਮਿਆਦ ਵਿਚ ਇਸ 'ਚ ਲੱਗਭਗ 52 ਫੀਸਦੀ ਦਾ ਵਾਧਾ ਹੋਇਆ ਹੈ। ਡਾਕਟਰ, ਨਰਸ, ਦਾਈ, ਦੰਦਾਂ ਦੇ ਡਾਕਟਰ ਅਤੇ ਫਾਰਮਾਸਿਸਟ ਸਮੇਤ ਸਿਹਤ ਅਤੇ ਦੇਖਭਾਲ ਖੇਤਰ ਨਾਲ ਜੁੜੇ ਕਰਮਚਾਰੀਆਂ ਦੀ ਕੁੱਲ ਗਿਣਤੀ ਹੁਣ 7 ਕਰੋੜ ਤੋਂ ਵੱਧ ਹੋ ਗਈ ਹੈ। ਸਿਹਤ ਕਰਮਚਾਰੀਆਂ ਦੀ ਗਿਣਤੀ ਵਧਣ ਦੇ ਬਾਵਜੂਦ



ਦੁਨੀਆ ਦੇ ਵੱਖ-ਵੱਖ ਖੇਤਰਾਂ 'ਚ ਇਨ੍ਹਾਂ ਦੀ ਉਪਲੱਬਧਤਾ 'ਚ ਭਾਰੀ ਅੰਤਰ ਬਣਿਆ ਹੋਇਆ ਹੈ। ਡਬਲਿਊ. ਐੱਚ. ਓ. ਅਨੁਸਾਰ ਯੂਰਪੀ ਖੇਤਰ 'ਚ ਡਾਕਟਰਾਂ ਦੀ ਘਣਤਾ ਅਫਰੀਕੀ ਖੇਤਰ ਦੀ ਤੁਲਨਾ ਵਿਚ 13 ਗੁਣਾ ਵੱਧ ਹੈ। ਉੱਥੇ ਹੀ ਨਰਸਾਂ ਅਤੇ ਦਾਈਆਂ ਦੀ ਉਪਲੱਬਧਤਾ ਯੂਰਪ 'ਚ ਅਫਰੀਕਾ ਦੇ ਮੁਕਾਬਲੇ ਲੱਗਭਗ 6 ਗੁਣਾ ਜ਼ਿਆਦਾ ਹੈ। ਰਿਪੋਰਟ ਅਨੁਸਾਰ ਸਿਹਤ ਕਰਮਚਾਰੀਆਂ ਦੀ ਘਣਤਾ ਕਿਸੇ ਦੇਸ਼ ਦੀ ਆਮਦਨ ਨਾਲ ਵੀ ਸਿੱਧੀ ਜੁੜੀ ਹੋਈ ਹੈ। ਘੱਟ ਆਮਦਨ ਵਾਲੇ ਦੇਸ਼ਾਂ ਵਿਚ ਸਿਹਤ ਕਰਮਚਾਰੀਆਂ ਦੀ ਘਾਟ ਕਾਰਨ ਲੋਕਾਂ ਨੂੰ ਜ਼ਰੂਰੀ ਇਲਾਜ ਤੱਕ ਸਮੇਂ ਸਿਰ ਪਹੁੰਚ ਨਹੀਂ ਮਿਲ ਪਾਉਂਦੀ। ਰਿਪੋਰਟ 'ਚ ਸਿਹਤ ਕਰਮਚਾਰੀਆਂ ਦੀ ਵਧਦੀ ਉਮਰ ਨੂੰ ਆਉਣ ਵਾਲੇ ਸਾਲਾਂ ਦੀ ਵੱਡੀ ਚੁਣੌਤੀ ਦੱਸਿਆ ਗਿਆ ਹੈ। ਡਬਲਿਊ. ਐੱਚ. ਓ. ਦੇ ਅਨੁਮਾਨ ਮੁਤਾਬਕ 2030 ਤੱਕ ਦੁਨੀਆ 'ਚ ਲੱਗਭਗ 1.11 ਕਰੋੜ ਸਿਹਤ ਕਰਮਚਾਰੀਆਂ ਦੀ ਘਾਟ ਹੋ ਸਕਦੀ ਹੈ। ਰਿਪੋਰਟ ਅਨੁਸਾਰ ਲੱਗਭਗ 67 ਦੇਸ਼ ਆਪਣੀ ਆਬਾਦੀ ਦੀਆਂ ਬੁਨਿਆਦੀ ਸਿਹਤ ਲੋੜਾਂ ਨੂੰ ਪੂਰਾ ਕਰਨ ਲਈ ਲੋੜੀਂਦੇ ਡਾਕਟਰ ਅਤੇ ਨਰਸਾਂ ਉਪਲੱਬਧ ਕਰਵਾਉਣ ਵਿਚ ਸਮਰੱਥ ਨਹੀਂ ਹੋਣਗੇ। ਅਜਿਹੇ 'ਚ ਸਿਹਤ ਖੇਤਰ ਨੂੰ ਇਕੋ ਸਮੇਂ ਵਧਦੀ ਮੰਗ ਅਤੇ ਰਿਟਾਇਰ ਹੁੰਦੇ ਕਰਮਚਾਰੀਆਂ ਦੀ ਚੁਣੌਤੀ ਦਾ ਸਾਹਮਣਾ ਕਰਨਾ ਪਵੇਗਾ। ਡਬਲਿਊ. ਐੱਚ. ਓ. ਨੇ ਦੱਸਿਆ ਕਿ ਸਿਹਤ ਕਰਮਚਾਰੀਆਂ ਨਾਲ ਜੁੜੇ ਅੰਕੜਿਆਂ ਨੂੰ ਇਕੱਠਾ ਕਰਨ 'ਚ ਵੀ ਜ਼ਿਕਰਯੋਗ ਸੁਧਾਰ ਹੋਇਆ ਹੈ। ਸਾਲ 2025 ਵਿਚ 90 ਫੀਸਦੀ ਤੋਂ ਵੱਧ ਮੈਂਬਰ ਦੇਸ਼ਾਂ ਨੇ ਆਪਣੀ ਹੈਲਥ ਵਰਕਫੋਰਸ ਸਬੰਧੀ ਜਾਣਕਾਰੀ ਸਾਂਝੀ ਕੀਤੀ। ਸੰਗਠਨ ਮੁਤਾਬਕ ਭਵਿੱਖ ਦੀਆਂ ਲੋੜਾਂ ਨੂੰ ਦੇਖਦੇ ਹੋਏ ਸਿਹਤ ਕਰਮਚਾਰੀਆਂ ਦੀ ਸਿੱਖਿਆ, ਸਿਖਲਾਈ, ਰੁਜ਼ਗਾਰ, ਸੁਰੱਖਿਆ ਅਤੇ ਭਰਤੀ ਵਿਚ ਨਿਵੇਸ਼ ਵਧਾਉਣਾ ਜ਼ਰੂਰੀ ਹੈ। ਨਾਲ ਹੀ ਦੇਸ਼ਾਂ ਨੂੰ ਖੇਤਰੀ ਅਸਮਾਨਤਾ ਘਟਾਉਣ ਲਈ ਅਜਿਹੀਆਂ ਨੀਤੀਆਂ ਬਣਾਉਣੀਆਂ ਪੈਣਗੀਆਂ, ਜਿਸ ਨਾਲ ਸਿਹਤ ਸੇਵਾਵਾਂ ਦੀ ਉਪਲੱਬਧਤਾ ਆਬਾਦੀ ਦੀ ਲੋੜ ਦੇ ਅਨੁਕੂਲ ਯਕੀਨੀ ਹੋ ਸਕੇ।